ਪੰਜਾਬ / ਹਰਿਆਣਾ / ਹਿਮਾਚਲ ਪ੍ਰਦੇਸ਼ / ਜੰਮੂ ਕਸ਼ਮੀਰ
ਰਾਜਸਥਾਨ/ ਚੰਡੀਗੜ੍ਹ / ਦਿੱਲੀ / ਐਨਸੀਆਰ

ਸਾਂਝੀ ਖ਼ਬਰ

RNI No. - PUNPUN / 2014 / 59059

ਮੁੱਖ ਸੰਪਾਦਕ :- ਪੀ ਐਸ ਮਿੱਠਾ

ਰੋਜ਼ਾਨਾ

ਸਾਂਝੀ ਖ਼ਬਰ

ਸਾਂਝ ਪੰਜਾਬੀਆਂ ਦੀ

ਸੋਮਵਾਰ, 02 ਨਵੰਬਰ / 2026 / ਅੰਕ 292 / ਪੰਨੇ 08 / ਮੁੱਲ 7 ਰੁ:

www.sanjhikhabar.com E-mail : khabarsanjhi@gmail.com sanjhikhabar sanjhikahbar



'ਗਿਆਨੇਸ਼ ਤੋਂ ਬਾਅਦ ਤੁਹਾਡਾ ਨੰਬਰ ਹੈ', ਰਾਹੁਲ ਗਾਂਧੀ ਨੇ 'ਵੋਟ ਚੋਰੀ' 'ਤੇ ਪੀਐੱਮ ਮੋਦੀ ਅਤੇ ਅਮਿਤ ਸ਼ਾਹ ਨੂੰ ਦਿੱਤੀ ਚਿਤਾਵਨੀ

ਸਾਂਝੀ ਖ਼ਬਰ

(ਸੰਦੀਪ ਸਿੰਘ)
ਨਵੀਂ ਦਿੱਲੀ, 01 ਨਵੰਬਰ

ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਭਾਰਤੀ ਗਠਜੋੜ ਦੀ "ਵੋਟ ਬਚਾਓ, ਦੇਸ਼ ਬਚਾਓ" ਮੈਗਾ-ਰੈਲੀ ਦੌਰਾਨ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਕੇਂਦਰ ਸਰਕਾਰ ਅਤੇ ਚੋਣ ਕਮਿਸ਼ਨ 'ਤੇ ਤਿੱਖਾ ਹਮਲਾ ਕੀਤਾ। ਉਨ੍ਹਾਂ ਦਾਅਵਾ ਕੀਤਾ ਕਿ ਦੇਸ਼ ਦੀਆਂ ਸੰਸਥਾਵਾਂ ਨੂੰ ਆਰਐਸਐਸ ਅਤੇ ਭਾਜਪਾ ਨੇ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਸੰਵਿਧਾਨ ਨੂੰ ਬਚਾਉਣ ਲਈ ਕਰੋ ਜਾਂ ਮਰੋ ਦੀ ਲੜਾਈ ਲੜੀ ਜਾਵੇਗੀ।



ਵੋਟਰ ਸੂਚੀ ਦੇ ਵਿਸ਼ੇਸ਼ ਤੀਬਰ ਸੋਧ (SIR) ਅਤੇ ਚੋਣ ਬੇਨਿਯਮੀਆਂ ਦਾ ਮੁੱਦਾ ਉਠਾਉਂਦੇ ਹੋਏ, ਰਾਹੁਲ ਗਾਂਧੀ ਨੇ ਕਿਹਾ ਕਿ 2024 ਦੀਆਂ ਲੋਕ ਸਭਾ ਚੋਣਾਂ ਤੋਂ ਬਾਅਦ ਦੇਸ਼ ਭਰ ਵਿੱਚ 13.5 ਕਰੋੜ ਵੋਟਰਾਂ ਦੇ ਨਾਮ ਮਿਟਾ ਦਿੱਤੇ ਗਏ ਹਨ, ਜੋ ਕਿ ਕੁੱਲ ਵੋਟਰਾਂ ਦਾ ਲਗਭਗ 15 ਪ੍ਰਤੀਸ਼ਤ ਹੈ।

ਉਨ੍ਹਾਂ ਕਿਹਾ ਕਿ 2024 ਦੀਆਂ ਚੋਣਾਂ ਵਿੱਚ ਭਾਜਪਾ ਅਤੇ ਉਨ੍ਹਾਂ ਦੇ ਗਠਜੋੜ ਵਿੱਚ ਸਿਰਫ਼ 3 ਪ੍ਰਤੀਸ਼ਤ ਦਾ ਫ਼ਰਕ ਸੀ। ਰਾਹੁਲ ਨੇ ਦੋਸ਼ ਲਾਇਆ ਕਿ ਇਹ ਸਿਰਫ਼ ਵੋਟ ਚੋਰੀ ਨਹੀਂ ਸੀ, ਸਗੋਂ ਲੋਕਾਂ ਦੇ ਜਨਤਕ ਪ੍ਰਗਟਾਵੇ ਦੀ ਸਿੱਧੀ ਚੋਰੀ ਸੀ। ਮੁੱਖ ਚੋਣ ਕਮਿਸ਼ਨਰ (ਸੀਈਸੀ) ਗਿਆਨੇਸ਼ ਕੁਮਾਰ ਨੂੰ ਸਿੱਧੇ ਤੌਰ 'ਤੇ ਨਿਸ਼ਾਨਾ ਬਣਾਉਂਦੇ ਹੋਏ, ਰਾਹੁਲ ਗਾਂਧੀ ਨੇ ਕਿਹਾ ਕਿ ਉਨ੍ਹਾਂ ਨੂੰ ਅਹੁਦਾ ਛੱਡ ਦੇਣਾ ਚਾਹੀਦਾ ਹੈ ਅਤੇ ਜੇਲ੍ਹ ਜਾਣਾ ਚਾਹੀਦਾ ਹੈ। ਉਨ੍ਹਾਂ ਸਖ਼ਤ ਚੇਤਾਵਨੀ ਦਿੱਤੀ ਕਿ ਗਿਆਨੇਸ਼ ਕੁਮਾਰ ਨੂੰ ਹਟਾਉਣ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਵਿਰੁੱਧ ਵੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਨ੍ਹਾਂ ਵਿੱਚੋਂ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ ਅਤੇ ਭੱਜਣ ਦਾ ਮੌਕਾ ਨਹੀਂ ਦਿੱਤਾ ਜਾਵੇਗਾ। ਆਰਥਿਕ ਅਸਮਾਨਤਾ ਅਤੇ ਉਦਯੋਗਪਤੀਆਂ 'ਤੇ ਹਮਲਾ ਕਰਦਿਆਂ ਰਾਹੁਲ ਗਾਂਧੀ ਨੇ ਕਿਹਾ ਕਿ ਦੇਸ਼ ਵਿੱਚ ਆਮ ਆਦਮੀ ਦਾ ਕਰਜ਼ਾ ਮਾਫ਼ ਨਹੀਂ ਹੁੰਦਾ, ਜਦੋਂ ਕਿ ਉਦਯੋਗਪਤੀਆਂ ਅੰਬਾਨੀ ਅਤੇ ਅਡਾਨੀ ਦੇ ਕਰੋੜਾਂ ਰੁਪਏ ਦੇ ਕਰਜ਼ੇ ਆਸਾਨੀ ਨਾਲ ਮਾਫ਼ ਹੋ ਜਾਂਦੇ ਹਨ। ਦੇਸ਼ ਵਿੱਚ ਸਰਕਾਰੀ ਜਾਇਦਾਦਾਂ ਵੀ ਕੁਝ ਚੋਣਵੇਂ ਲੋਕਾਂ ਦੁਆਰਾ ਜ਼ਬਤ ਕੀਤੀਆਂ ਜਾ ਰਹੀਆਂ ਹਨ।

ਆਪਣੇ ਸੰਬੋਧਨ ਦੇ ਅੰਤ ਵਿੱਚ, ਰਾਹੁਲ ਗਾਂਧੀ ਨੇ ਕਿਹਾ ਕਿ ਉਨ੍ਹਾਂ ਦੀ ਲੜਾਈ ਨਿੱਜੀ ਨਫ਼ਰਤ 'ਤੇ ਅਧਾਰਤ ਨਹੀਂ ਹੈ, ਸਗੋਂ "ਪਿਆਰ ਦੀ ਦੁਕਾਨ" 'ਤੇ ਹੈ। ਹਾਲਾਂਕਿ, ਹਰ ਨਾਗਰਿਕ ਦੀ ਆਵਾਜ਼ ਉਨ੍ਹਾਂ ਲਈ ਮਹੱਤਵਪੂਰਨ ਹੈ। ਉਨ੍ਹਾਂ ਨੇ ਕਤਾਰ ਵਿੱਚ ਖੜ੍ਹੇ ਆਖਰੀ ਵਿਅਕਤੀ ਦੇ ਅਧਿਕਾਰਾਂ ਦੀ ਰੱਖਿਆ ਕਰਨ ਅਤੇ ਇਹ ਯਕੀਨੀ ਬਣਾਉਣ ਦਾ ਵਾਅਦਾ ਕੀਤਾ ਕਿ ਸੰਵਿਧਾਨ ਨੂੰ ਕਿਸੇ ਵੀ ਕੀਮਤ 'ਤੇ ਤਬਾਹ ਨਾ ਕੀਤਾ ਜਾਵੇ।

ਚੰਡੀਗੜ੍ਹ ਪੁਲਸ ਨੂੰ ਮਿਲਿਆ ਰਾਸ਼ਟਰਪਤੀ ਸਨਮਾਨ, ਅਮਿਤ ਸ਼ਾਹ ਨੇ ਸੌਂਪਿਆ ਪ੍ਰੈਜ਼ੀਡੈਂਟਸ ਪੁਲਸ ਕਲਰ

ਸਾਂਝੀ ਖ਼ਬਰ

(ਸੰਦੀਪ ਸਿੰਘ)
ਚੰਡੀਗੜ੍ਹ, 01 ਨਵੰਬਰ

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਤਵਾਰ ਨੂੰ ਚੰਡੀਗੜ੍ਹ ਪੁਲਸ ਦੇ 60ਵੇਂ ਸਥਾਪਨਾ ਦਿਵਸ ਮੌਕੇ ਸੈਕਟਰ-26 ਸਥਿਤ ਪੁਲਸ ਲਾਈਨ 'ਚ ਆਯੋਜਿਤ ਵਿਸ਼ੇਸ਼ ਸਮਾਗਮ ਦੌਰਾਨ ਚੰਡੀਗੜ੍ਹ ਪੁਲਸ ਨੂੰ ਰਾਸ਼ਟਰਪਤੀ ਪੁਲਸ ਸਨਮਾਨ (ਪ੍ਰੈਜ਼ੀਡੈਂਟਸ ਪੁਲਸ ਕਲਰ) ਪ੍ਰਦਾਨ ਕੀਤਾ। ਇਸ ਮੌਕੇ ਉਨ੍ਹਾਂ ਨੇ ਪੁਲਸ ਦੀ ਪਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਦੀ ਸਲਾਮੀ ਲਈ। ਇਸ ਦੇ ਨਾਲ ਹੀ ਪੁਲਸ ਦੇ ਬੇੜੇ 'ਚ 141 ਨਵੇਂ ਵਾਹਨ ਸ਼ਾਮਲ ਕਰਨ ਲਈ ਹਰੀ ਝੰਡੀ ਦਿਖਾਈ। ਚੰਡੀਗੜ੍ਹ ਪੁਲਸ ਨੂੰ ਮਿਲਿਆ ਇਹ ਸਨਮਾਨ ਉਸ ਦੀ ਸੇਵਾ, ਅਨੁਸ਼ਾਸਨ, ਸਮਰਪਣ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ 'ਚ ਨਿਭਾਈ ਭੂਮਿਕਾ ਦੀ ਮਾਨਤਾ ਹੈ। ਇਸ ਤੋਂ ਬਾਅਦ ਸੈਕਟਰ-17 ਸਥਿਤ ਤਿਰੰਗਾ ਪਾਰਕ 'ਚ ਵਿਕਾਸ ਪ੍ਰਾਜੈਕਟਾਂ ਨਾਲ ਸਬੰਧਿਤ ਸਮਾਗਮ ਰੱਖਿਆ ਗਿਆ, ਜਿਸ 'ਚ ਗ੍ਰਹਿ ਮੰਤਰੀ ਵੱਲੋਂ ਸ਼ਹਿਰ ਨੂੰ 258 ਕਰੋੜ ਰੁਪਏ ਦੇ 9 ਵਿਕਾਸ ਪ੍ਰਾਜੈਕਟਾਂ ਦੀ ਸੌਗਾਤ ਦਿੱਤੀ ਗਈ। ਇਨ੍ਹਾਂ 'ਚ 80 ਕਰੋੜ ਰੁਪਏ ਦੇ ਦੋ ਪ੍ਰਾਜੈਕਟਾਂ ਦਾ ਉਦਘਾਟਨ ਅਤੇ 178 ਕਰੋੜ ਰੁਪਏ ਦੇ 7 ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਣ ਦਾ ਪ੍ਰੋਗਰਾਮ ਸ਼ਾਮਲ ਹੈ। ਅਮਿਤ ਸ਼ਾਹ ਵੱਲੋਂ 12 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਸਾਰੰਗਪੁਰ ਦੇ ਸਰਕਾਰੀ ਹਾਈ ਸਕੂਲ ਅਤੇ 68 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਰਾਏਪੁਰ ਕਲਾਂ ਦੇ ਚੰਡੀਗੜ੍ਹ ਟਰਾਂਸਪੋਰਟ ਅੰਡਰਟੇਕਿੰਗ (ਸੀਟੀਯੂ) ਬੱਸ ਡਿਪੂ ਦਾ ਉਦਘਾਟਨ ਕੀਤਾ ਜਾਣਾ ਹੈ।



ਨਵੇਂ ਪ੍ਰਾਜੈਕਟਾਂ ਵਿੱਚ ਧਨਾਸ ਵਿਖੇ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਦੇ ਜਵਾਨਾਂ ਲਈ 84 ਕਰੋੜ ਰੁਪਏ ਦੀ ਲਾਗਤ ਨਾਲ 192 ਟਾਈਪ-3 ਰਿਹਾਇਸ਼ੀ ਮਕਾਨ ਬਣਾਉਣ ਦੀ ਯੋਜਨਾ ਸ਼ਾਮਲ ਹੈ। ਇਸ ਤੋਂ ਇਲਾਵਾ ਪੰਜਾਬ ਯੂਨੀਵਰ-ਸਿਟੀ ਅਤੇ ਪੀਜੀਆਈ ਨੂੰ ਜੋੜਨ ਲਈ ਮੱਧ ਮਾਰਗ 'ਤੇ 12 ਕਰੋੜ ਰੁਪਏ ਦੀ ਲਾਗਤ ਨਾਲ ਪੈਦਲ ਅੰਡਰਪਾਸ ਬਣਾਇਆ ਜਾਵੇਗਾ। ਸੈਕਟਰ-49 ਵਿੱਚ 21 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪੁਲਿਸ ਸਟੇਸ਼ਨ ਅਤੇ ਸੈਕਟਰ-26 ਸਥਿਤ ਚੰਡੀਗੜ੍ਹ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵਿੱਚ 25 ਕਰੋੜ ਰੁਪਏ ਦੀ ਲਾਗਤ ਨਾਲ ਲੜਕੀਆਂ ਦਾ ਹੋਸਟਲ ਬਣਾਉਣ ਦੀ ਯੋਜਨਾ ਹੈ। ਖੇਡਾਂ ਅਤੇ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸੈਕਟਰ-46 ਦੇ ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਵਿੱਚ 11 ਕਰੋੜ ਰੁਪਏ ਦੀ ਲਾਗਤ ਨਾਲ ਜਿਮਨੇਜ਼ੀਅਮ ਹਾਲ ਬਣਾਇਆ ਜਾਵੇਗਾ, ਜਦਕਿ ਸੈਕਟਰ-7 ਦੇ ਸਪੋਰਟਸ ਕੰਪਲੈਕਸ ਨੂੰ 20 ਕਰੋੜ ਰੁਪਏ ਨਾਲ ਅਪਗ੍ਰੇਡ ਕੀਤਾ ਜਾਵੇਗਾ। ਸ਼ਹਿਰ ਦੇ ਵੱਖ-ਵੱਖ ਐਂਟਰੀ ਪੁਆਇੰਟਾਂ 'ਤੇ ਪੰਜ ਕਰੋੜ ਰੁਪਏ ਦੀ ਲਾਗਤ ਨਾਲ 15 ਸੁਰੱਖਿਆ ਚੈੱਕਪੋਸਟਾਂ ਬਣਾਉਣ ਦੀ ਯੋਜਨਾ ਵੀ ਇਸ ਵਿੱਚ ਸ਼ਾਮਲ ਹੈ।

ਚੰਡੀਗੜ੍ਹ ਪੁਲਿਸ ਦਾ ਮੌਜੂਦਾ ਐਮਰਜੈਂਸੀ ਰਿਸਪਾਂਸ ਟਾਈਮ 4 ਮਿੰਟ 33 ਸਕਿੰਟ ਹੈ। ਪੁਲਿਸ ਦਾ ਟੀਚਾ ਇਸ ਸਮੇਂ ਨੂੰ ਹੋਰ ਘਟਾ ਕੇ ਦੇਸ਼ ਵਿੱਚ ਸਭ ਤੋਂ ਤੇਜ਼ ਰਿਸਪਾਂਸ ਟਾਈਮ ਹਾਸਲ ਕਰਨਾ ਹੈ, ਤਾਂ ਜੋ ਕਿਸੇ ਵੀ ਐਮਰਜੈਂਸੀ ਸਥਿਤੀ ਵਿੱਚ ਲੋਕਾਂ ਤੱਕ ਪੁਲਿਸ ਦੀ ਮਦਦ ਜਲਦੀ ਪਹੁੰਚ ਸਕੇ। ਪੁਲਿਸ ਵੱਲੋਂ ਤਕਨਾਲੋਜੀ, ਸੀਸੀਟੀਵੀ ਨਿਗਰਾਨੀ ਅਤੇ ਆਧੁਨਿਕ ਵਾਹਨਾਂ ਰਾਹੀਂ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ 'ਤੇ ਵੀ ਧਿਆਨ ਦਿੱਤਾ ਜਾ ਰਿਹਾ ਹੈ।

ਦਲਜੀਤ ਸਿੰਘ ਦੇ ਸਸਕਾਰ ਨੂੰ ਲੈ ਕੇ ਕਸੂਤੇ ਬਣੇ ਹਾਲਾਤ, ਪਰਿਵਾਰ ਨੂੰ ਮਨਾਉਣ ਧਰਨੇ 'ਚ ਪੁੱਜੀ ਪੰਚਾਇਤ

ਸਾਂਝੀ ਖ਼ਬਰ

(ਸੁਖਜੀਤ ਕੌਰ)
ਮਾਨਸਾ, 01 ਨਵੰਬਰ

ਪਰਵਿੰਦਰ ਸਿੰਘ ਝੋਟਾ ਦਾ 20ਵੇਂ ਦਿਨ ਵੀ ਅੰਤਿਮ ਸਸਕਾਰ ਨਾ ਹੋਣ ਤੋਂ ਇਲਾਵਾ ਪਿੰਡ ਭੰਮੇ ਕਲਾਂ ਦੇ ਨੌਜਵਾਨ ਦਲਜੀਤ ਸਿੰਘ ਦੇ ਸਸਕਾਰ ਦਾ ਮਾਮਲਾ ਵੀ ਉਲਝ ਗਿਆ ਹੈ। 6ਵੇਂ ਦਿਨ ਦਲਜੀਤ ਸਿੰਘ ਦੇ ਪਰਿਵਾਰ ਨੇ ਅੰਤਿਮ ਸਸਕਾਰ ਕਰਨ ਤੋਂ ਕੋਰੀ ਨਾਂਹ ਕਰ ਦਿੱਤੀ। ਐਤਵਾਰ ਨੂੰ ਭੰਮੇ ਕਲਾਂ ਦੇ ਨੌਜਵਾਨ ਦਲਜੀਤ ਸਿੰਘ ਦੇ ਪਿਤਾ ਜਰਨੈਲ ਸਿੰਘ ਦੇ ਕਹਿਣ 'ਤੇ ਪਿੰਡ ਦੀ ਪੰਚਾਇਤ ਅਤੇ ਮੋਹਤਬਰ ਵਿਅਕਤੀ ਸਰਪੰਚ ਗੁਰਵਿੰਦਰ ਸਿੰਘ ਦੀ ਅਗਵਾਈ ਵਿਚ ਉਸ ਦੀ ਮਾਂ ਸ਼ਿੰਦਰਪਾਲ ਕੌਰ, ਪਤਨੀ ਪਰਮਜੀਤ ਕੌਰ ਅਤੇ ਭੈਣ ਅਮਰਜੀਤ ਕੌਰ ਨੂੰ ਮਿਲੇ ਅਤੇ ਦਲਜੀਤ ਦੇ ਅੰਤਿਮ ਸਸਕਾਰ ਸਬੰਧੀ ਗੱਲ ਕੀਤੀ।



ਧਰਨੇ ਵਿਚ ਬੈਠੇ ਦਲਜੀਤ ਦੀ ਮਾਂ ਅਤੇ ਪਤਨੀ ਨੇ ਉਸ ਦਾ ਅੰਤਿਮ ਸਸਕਾਰ ਕਰਨ ਤੋਂ ਨਾਂਹ ਕਰਦਿਆਂ ਕਿਹਾ ਕਿ ਜਦੋਂ ਤੱਕ ਲੱਖਾ ਸਿਧਾਣਾ, ਮੋਹਨਜੀਤ ਸ਼ੇਰੋਂ ਅਤੇ ਉਨ੍ਹਾਂ ਦੇ ਪਿੰਡ ਦੇ ਨੌਜਵਾਨਾਂ 'ਤੇ ਦਰਜ ਕੀਤੇ ਮਾਮਲੇ ਰੱਦ ਨਹੀਂ ਕੀਤੇ ਜਾਂਦੇ, ਉਦੋਂ ਤੱਕ ਦਲਜੀਤ ਸਿੰਘ ਦੇ ਅੰਤਿਮ ਸਸਕਾਰ ਦਾ ਸਵਾਲ ਵੀ ਪੈਦਾ ਨਹੀਂ ਹੁੰਦਾ। ਉਧਰ ਦਲਜੀਤ ਦੇ ਪਿਤਾ ਜਰਨੈਲ ਸਿੰਘ ਆਪਣੇ ਰਿਸ਼ਤੇਦਾਰਾਂ ਨਾਲ ਪਿੰਡ ਭੰਮੇ ਕਲਾਂ ਸੱਥਰ 'ਚ ਬੈਠੇ ਪਰਿਵਾਰ ਨੂੰ ਘਰ ਆਉਣ ਦੀ ਗੁਹਾਰ ਲਗਾ ਰਹੇ ਹਨ। ਉਧਰ ਪਰਵਿੰਦਰ ਝੋਟਾ ਦੇ ਪਿਤਾ ਭੀਮ ਸਿੰਘ ਨੇ ਕਿਹਾ ਕਿ ਬੇਸ਼ੱਕ ਇਸ ਸੰਘਰਸ਼ ਅਤੇ ਅੰਦੋਲਨ ਵਿਚ ਮਹੀਨੇਬੱਧੀ ਸਮਾਂ ਲੱਗ ਜਾਵੇ ਪਰ ਮੰਗਾਂ ਦੀ ਪੂਰਤੀ ਤੋਂ ਬਿਨਾਂ ਉਹ ਆਪਣੇ ਪੁੱਤਰ ਦਾ ਅੰਤਿਮ ਸਸਕਾਰ ਨਹੀਂ ਕਰਨਗੇ।

ਉਨ੍ਹਾਂ ਕਿਹਾ ਕਿ ਪਿੰਡ ਭੰਮੇ ਕਲਾਂ ਅਤੇ ਸੂਬੇ ਭਰ ਵਿਚ ਪੋਸਟਰ ਪਾੜਨ ਨੂੰ ਲੈ ਕੇ ਵੱਖ-ਵੱਖ ਥਾਵਾਂ ਤੋਂ ਗ੍ਰਿਫ਼ਤਾਰ ਕਰਕੇ ਮਾਮਲੇ ਦਰਜ ਕਰਨ ਵਾਲੇ ਨੌਜਵਾਨਾਂ ਨੂੰ ਪੁਲਸ ਰਿਹਾਅ ਕਰਕੇ ਸਾਰੇ ਮਾਮਲੇ ਰੱਦ ਕਰੇ। ਉਧਰ ਦਲਜੀਤ ਦੇ ਪਰਿਵਾਰ ਨੇ ਹਾਈਕੋਰਟ ਵਿਚ ਵੀ ਗੁਹਾਰ ਲਗਾਈ ਹੈ। ਦਲਜੀਤ ਦੀ ਭੈਣ ਅਮਰਜੀਤ ਕੌਰ ਨੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਪਟੀਸ਼ਨ ਦਾਇਰ ਕਰਕੇ ਇਸ ਦੀ ਸੀ. ਬੀ. ਆਈ. ਜਾਂਚ, ਪੀ. ਜੀ. ਆਈ. ਚੰਡੀਗੜ੍ਹ ਦੇ ਡਾਕਟਰਾਂ ਤੋਂ ਪੋਸਟਮਾਰਟਮ ਕਰਵਾਉਣ ਅਤੇ ਪਰਿਵਾਰ ਲਈ ਸੁਰੱਖਿਆ ਦੀ ਮੰਗ ਕੀਤੀ ਹੈ, ਜਿਸ ਦੀ ਸੁਣਵਾਈ ਭਲਕੇ 2 ਨਵੰਬਰ ਨੂੰ ਹੋਵੇਗੀ।

ਪਟਿਆਲਾ ਤੋਂ ਸ਼ੁਰੂ ਹੋਈ ਬਗ਼ਾਵਤ ਨੇ ਹਿਲਾਈ 'ਆਪ' ਦੀ ਸਿਆਸੀ ਜ਼ਮੀਨ, ਦੋ ਵਿਧਾਇਕਾਂ ਦੀ ਨਾਰਾਜ਼ਗੀ ਬਣੀ ਚਰਚਾ ਦਾ ਵਿਸ਼ਾ

ਸਾਂਝੀ ਖ਼ਬਰ

(ਗੁਰਜੀਤ ਕੌਰ)
ਪਟਿਆਲਾ,

ਪੰਜਾਬ ਦੀ ਸਿਆਸਤ 'ਚ ਸ਼ਾਹੀ ਜ਼ਿਲ੍ਹੇ ਪਟਿਆਲਾ ਦਾ ਹਮੇਸ਼ਾ ਅਹਿਮ ਰੋਲ ਰਿਹਾ ਹੈ, ਪਰ ਮੌਜੂਦਾ ਹਾਲਾਤ 'ਚ ਇੱਥੋਂ ਉੱਠੀ ਸਿਆਸੀ ਬਗ਼ਾਵਤ ਨੇ ਸੱਤਾਧਾਰੀ ਆਮ ਆਦਮੀ ਪਾਰਟੀ (AAP) ਅੰਦਰ ਭੂਚਾਲ ਲਿਆ ਦਿੱਤਾ ਹੈ। ਪਟਿਆਲਾ ਨਾਲ ਸਬੰਧਤ ਦੋ ਪ੍ਰਮੁੱਖ ਵਿਧਾਇਕਾਂ—ਹਰਮੀਤ ਸਿੰਘ ਪਠਾਣਮਾਜਰਾ (Harmeet Singh Pathanmajra) ਅਤੇ ਚੇਤਨ ਸਿੰਘ ਜੌੜਾਮਾਜਰਾ (Chetan Singh Jouramajra) ਵੱਲੋਂ ਪਾਰਟੀ ਤੋਂ ਦੂਰੀ ਬਣਾਉਣ ਦੇ ਫ਼ੈਸਲੇ ਨੇ ਸੂਬੇ ਦੇ ਸਿਆਸੀ ਗਲਿਆਰਿਆਂ ਵਿੱਚ ਵੱਡੀ ਚਰਚਾ ਛੇੜ ਦਿੱਤੀ ਹੈ। ਇਸ ਘਟਨਾਕ੍ਰਮ ਨੂੰ ਸਿਆਸੀ ਹਲਕਿਆਂ ਵਿੱਚ 'ਮਾਜਰਿਆਂ ਦੇ ਮਾਜਰੇ' ਵਜੋਂ ਵੇਖਿਆ ਜਾ ਰਿਹਾ ਹੈ, ਜੋ ਸਰਕਾਰ ਦੀ ਅੰਦਰੂਨੀ ਇਕਸੁਰਤਾ ਅਤੇ ਲੀਡਰਸ਼ਿਪ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।





ਹਲਕਾ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦਾ ਪਾਰਟੀ ਲੀਡਰਸ਼ਿਪ ਨਾਲ ਟਕਰਾਅ ਕੋਈ ਨਵਾਂ ਨਹੀਂ ਹੈ। ਉਹ ਕਾਫ਼ੀ ਸਮੇਂ ਤੋਂ ਆਪਣੀ ਹੀ ਸਰਕਾਰ ਦੇ ਕੰਮਕਾਜ ਅਤੇ ਫ਼ੈਸਲਿਆਂ ਖ਼ਿਲਾਫ਼ ਖੁੱਲ੍ਹ ਕੇ ਬੋਲਦੇ ਆ ਰਹੇ ਸਨ। ਇਸ ਨਾਰਾਜ਼ਗੀ ਦਰਮਿਆਨ ਉਨ੍ਹਾਂ ਖ਼ਿਲਾਫ਼ ਸਰੀਰਕ ਸ਼ੋਸ਼ਣ ਸਮੇਤ ਕਈ ਹੋਰ ਗੰਭੀਰ ਧਾਰਾਵਾਂ ਤਹਿਤ ਮੁਕੱਦਮੇ ਦਰਜ ਹੋਏ ਅਤੇ ਉਨ੍ਹਾਂ ਨੂੰ ਜੇਲ੍ਹ ਵੀ ਜਾਣਾ ਪਿਆ। ਪਠਾਣਮਾਜਰਾ ਦੇ ਸਮਰਥਕ ਇਸ ਸਾਰੀ ਕਾਰਵਾਈ ਨੂੰ ਸਿਆਸੀ ਬਦਲਾਖੋਰੀ ਵਜੋਂ ਪੇਸ਼ ਕਰਦੇ ਰਹੇ ਹਨ, ਜਿਸ ਕਾਰਨ ਉਨ੍ਹਾਂ ਦੀ ਪਾਰਟੀ ਨਾਲ ਦੂਰੀ ਆਖ਼ਰਕਾਰ ਮੁਕੰਮਲ ਵੱਖਰੇਵੇਂ ਵਿੱਚ ਬਦਲ ਗਈ।

ਦੂਜੇ ਪਾਸੇ, ਸਮਾਣਾ ਤੋਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦਾ ਮਾਮਲਾ ਜ਼ਮੀਨੀ ਸਿਆਸੀ ਹਿੱਤਾਂ ਅਤੇ ਪਾਰਟੀ ਅੰਦਰਲੀ ਅਣਦੇਖੀ ਨਾਲ ਜੁੜਿਆ ਹੋਇਆ ਹੈ। ਜੌੜਾਮਾਜਰਾ ਨਾ ਸਿਰਫ਼ ਪਾਰਟੀ ਦੇ ਮੋਹਰੀ ਆਗੂਆਂ 'ਚ ਸ਼ਾਮਲ ਸਨ, ਸਗੋਂ ਉਨ੍ਹਾਂ ਨੇ ਮਾਨ ਸਰਕਾਰ ਵਿੱਚ ਕੈਬਨਿਟ ਮੰਤਰੀ ਵਜੋਂ ਸਿਹਤ ਅਤੇ ਸੂਚਨਾ ਤੇ ਲੋਕ ਸੰਪਰਕ ਵਰਗੇ ਅਹਿਮ ਵਿਭਾਗਾਂ ਦੀ ਜ਼ਿੰਮੇਵਾਰੀ ਵੀ ਨਿਭਾਈ। ਹਾਲਾਂਕਿ, ਹਾਲਾਤ ਉਦੋਂ ਬਦਲਣੇ ਸ਼ੁਰੂ ਹੋਏ ਜਦੋਂ ਸਮਾਣਾ ਹਲਕੇ ਦੇ ਟਕਸਾਲੀ ਅਕਾਲੀ ਆਗੂ ਅਤੇ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਰੱਖੜਾ ਦੇ ਦਾਖ਼ਲੇ ਤੋਂ ਬਾਅਦ ਜੌੜਾਮਾਜਰਾ ਨੂੰ ਹਾਸ਼ੀਏ 'ਤੇ ਧੱਕਣ ਦੀ ਪ੍ਰਕਿਰਿਆ ਤੇਜ਼ ਹੋਈ ਅਤੇ ਹਲਕੇ ਦੀ ਅਣ-ਐਲਾਨੀ ਵਾਗਡੋਰ ਰੱਖੜਾ ਧੜੇ ਦੇ ਹੱਥਾਂ ਵਿੱਚ ਜਾਣ ਲੱਗੀ। ਆਪਣੀ ਹੀ ਸਰਕਾਰ ਵਿੱਚ ਬੇਵੱਸ ਮਹਿਸੂਸ ਕਰ ਰਹੇ ਜੌੜਾਮਾਜਰਾ ਨੇ ਅਖ਼ੀਰ ਪਾਰਟੀ ਤੋਂ ਕਿਨਾਰਾ ਕਰਨ ਦਾ ਮਨ ਬਣਾ ਲਿਆ।

ਵਿਸ਼ਲੇਸ਼ਕਾਂ ਮੁਤਾਬਕ, ਇਹ ਦੋਹਰੀ ਬਗ਼ਾਵਤ ਮਹਿਜ਼ ਦੋ ਵਿਧਾਇਕਾਂ ਦੀ ਨਿੱਜੀ ਨਾਰਾਜ਼ਗੀ ਨਹੀਂ, ਸਗੋਂ ਪਾਰਟੀ ਅੰਦਰ ਪੁਰਾਣੇ ਆਗੂਆਂ ਨੂੰ ਨਜ਼ਰਅੰਦਾਜ਼ ਕਰ ਕੇ ਦੂਜੀਆਂ ਪਾਰਟੀਆਂ ਵਿੱਚੋਂ ਆਏ ਨੇਤਾਵਾਂ ਨੂੰ ਤਰਜੀਹ ਦੇਣ ਦੀ ਨੀਤੀ ਦਾ ਨਤੀਜਾ ਹੈ। ਪਟਿਆਲਾ ਤੋਂ ਸ਼ੁਰੂ ਹੋਈ ਇਹ ਚੰਗਿਆੜੀ ਆਉਣ ਵਾਲੇ ਦਿਨਾਂ ਵਿੱਚ ਮਾਲਵਾ ਖੇਤਰ ਦੇ ਹੋਰਨਾਂ ਹਲਕਿਆਂ ਵਿੱਚ ਵੀ ਪਾਰਟੀ ਲਈ ਵੱਡੀ ਸਿਰਦਰਦੀ ਸਾਬਤ ਹੋ ਸਕਦੀ ਹੈ।

ਪਰਗਟ ਸਿੰਘ ਨੇ ਡੇਰਾ ਬਿਆਸ ਮੁਖੀ ਨਾਲ ਕੀਤੀ ਮੁਲਾਕਾਤ, ਪੰਜਾਬ ਦੀ ਖ਼ੁਸ਼ਹਾਲੀ ਦੀ ਕੀਤੀ ਕਾਮਨਾ

ਸਾਂਝੀ ਖ਼ਬਰ

(ਕੁਲਦੀਪ ਸਿੰਘ)
ਚੰਡੀਗੜ੍ਹ, 01 ਨਵੰਬਰ

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਵਿਧਾਇਕ ਪਰਗਟ ਸਿੰਘ ਨੇ ਐਤਵਾਰ ਨੂੰ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਜੀ ਨਾਲ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨੇ ਬਾਬਾ ਜੀ ਨਾਲ ਸ਼ਿਸ਼ਟਾਚਾਰ ਵਜੋਂ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਮੁਲਾਕਾਤ ਦੌਰਾਨ ਪਰਗਟ ਸਿੰਘ ਨੇ ਪੰਜਾਬ ਦੇ ਮੌਜੂਦਾ ਸਮਾਜਿਕ ਅਤੇ ਰਾਜਨੀਤਿਕ ਮਾਹੌਲ ਦੇ ਸੰਦਰਭ 'ਚ ਸੂਬੇ ਅੰਦਰ ਅਮਨ-ਸ਼ਾਂਤੀ, ਆਪਸੀ ਭਾਈਚਾਰੇ, ਸਦਭਾਵਨਾ ਅਤੇ ਏਕਤਾ ਬਣਾਈ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਨੇ ਹਮੇਸ਼ਾ ਦੇਸ਼ ਨੂੰ ਆਪਸੀ ਪਿਆਰ, ਧਾਰਮਿਕ ਸਦਭਾਵਨਾ ਅਤੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ ਹੈ। ਇਸ ਵਿਰਾਸਤ ਨੂੰ ਕਾਇਮ ਰੱਖਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।



ਪਰਗਟ ਸਿੰਘ ਨੇ ਕਿਹਾ ਕਿ ਪੰਜਾਬ ਅੱਜ ਕਈ ਚੁਣੌਤੀਆਂ ਵਿੱਚੋਂ ਲੰਘ ਰਿਹਾ ਹੈ। ਸੂਬੇ ਦੇ ਨੌਜਵਾਨਾਂ ਦਾ ਭਵਿੱਖ, ਨਸ਼ਿਆਂ ਦੀ ਸਮੱਸਿਆ, ਸਮਾਜਿਕ ਸਦਭਾਵਨਾ ਅਤੇ ਪੰਜਾਬ ਦੀ ਖੁਸ਼ਹਾਲੀ ਵਰਗੇ ਮੁੱਦਿਆਂ 'ਤੇ ਸਾਰੇ ਵਰਗਾਂ ਨੂੰ ਮਿਲ ਕੇ ਉਸਾਰੂ ਭੂਮਿਕਾ ਨਿਭਾਉਣ ਦੀ ਲੋੜ ਹੈ। ਪੰਜਾਬ ਦੀ ਤਰੱਕੀ ਸਿਰਫ਼ ਸਰਕਾਰੀ ਯਤਨਾਂ ਨਾਲ ਨਹੀਂ, ਸਗੋਂ ਸਮਾਜ ਦੇ ਹਰ ਵਰਗ ਦੀ ਸ਼ਮੂਲੀਅਤ ਅਤੇ ਸਾਂਝੀ ਜ਼ਿੰਮੇਵਾਰੀ ਨਾਲ ਹੀ ਯਕੀਨੀ ਬਣਾਈ ਜਾ ਸਕਦੀ ਹੈ।

ਉਨ੍ਹਾਂ ਕਿਹਾ ਕਿ ਸੰਤ-ਮਹਾਂਪੁਰਸ਼ਾਂ ਦੀਆਂ ਸਿੱਖਿਆਵਾਂ ਸਮਾਜ ਨੂੰ ਸੇਵਾ, ਨਿਮਰਤਾ, ਪਿਆਰ ਅਤੇ ਮਨੁੱਖਤਾ ਦੇ ਰਾਹ 'ਤੇ ਚੱਲਣ ਦੀ ਪ੍ਰੇਰਨਾ ਦਿੰਦੀਆਂ ਹਨ। ਅਧਿਆਤਮਿਕ ਸੰਸਥਾਵਾਂ ਦਾ ਸੰਦੇਸ਼ ਸਮਾਜ 'ਚ ਆਪਸੀ ਵਿਸ਼ਵਾਸ ਅਤੇ ਭਾਈਚਾਰੇ ਨੂੰ ਮਜ਼ਬੂਤ ਕਰਨ 'ਚ ਅਹਿਮ ਭੂਮਿਕਾ ਨਿਭਾਉਂਦਾ ਹੈ। ਪਰਗਟ ਸਿੰਘ ਨੇ ਬਾਬਾ ਗੁਰਿੰਦਰ ਸਿੰਘ ਢਿੱਲੋਂ ਜੀ ਦਾ ਆਸ਼ੀਰਵਾਦ ਲੈਂਦਿਆਂ ਪੰਜਾਬ ਦੀ ਸ਼ਾਂਤੀ, ਏਕਤਾ, ਖੁਸ਼ਹਾਲੀ ਅਤੇ ਉੱਜਵਲ ਭਵਿੱਖ ਲਈ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਮਾਜਿਕ ਏਕਤਾ ਅਤੇ ਸਾਂਝੀ ਵਿਰਾਸਤ ਨੂੰ ਮਜ਼ਬੂਤ ਬਣਾਈ ਰੱਖਣਾ ਹਰ ਪੰਜਾਬੀ ਦਾ ਸਾਂਝਾ ਸੰਕਲਪ ਹੋਣਾ ਚਾਹੀਦਾ ਹੈ।

ਰਿਟਾਇਰ ਹੋਏ ਏਅਰ ਮਾਰਸ਼ਲ AP ਸਿੰਘ ! ਹੁਣ ਆਸ਼ੂਤੋਸ਼ ਦੀਕਸ਼ਿਤ ਸੰਭਾਲਣਗੇ ਭਾਰਤੀ ਏਅਰ ਫੋਰਸ ਦੀ ਕਮਾਨ

ਸਾਂਝੀ ਖ਼ਬਰ

(ਗਗਨਦੀਪ ਕੌਰ)
ਨਵੀਂ ਦਿੱਲੀ, 01 ਨਵੰਬਰ

ਏਅਰ ਚੀਫ਼ ਮਾਰਸ਼ਲ ਆਸ਼ੂਤੋਸ਼ ਦੀਕਸ਼ਿਤ ਨੇ ਸ਼ਨੀਵਾਰ ਨੂੰ ਭਾਰਤੀ ਹਵਾਈ ਫੌਜ ਦੇ ਨਵੇਂ ਮੁਖੀ ਵਜੋਂ ਕਾਰਜਭਾਰ ਸੰਭਾਲ ਲਿਆ। ਦੀਕਸ਼ਿਤ ਨੂੰ 20 ਤੋਂ ਵੱਧ ਕਿਸਮਾਂ ਦੇ ਜਹਾਜ਼ਾਂ 'ਤੇ 3500 ਘੰਟਿਆਂ ਤੋਂ ਜ਼ਿਆਦਾ ਉਡਾਣ ਭਰਨ ਦਾ ਤਜਰਬਾ ਹੈ ਅਤੇ ਉਹ ਇਕ ਕੁਸ਼ਲ ਲੜਾਕੂ ਜਹਾਜ਼ ਦੇ ਪਾਇਲਟ ਹਨ।



ਉਨ੍ਹਾਂ ਨੇ ਏਅਰ ਚੀਫ਼ ਮਾਰਸ਼ਲ ਏ. ਪੀ. ਸਿੰਘ ਦੀ ਜਗ੍ਹਾ ਲਈ, ਜੋ 43 ਸਾਲਾਂ ਦੇ ਸ਼ਾਨਦਾਰ ਕਰੀਅਰ ਤੋਂ ਬਾਅਦ ਸੇਵਾਮੁਕਤ ਹੋ ਗਏ। ਰਣਨੀਤਕ ਯੋਜਨਾਬੰਦੀ ਲਈ ਜਾਣੇ ਜਾਂਦੇ ਅਤੇ 'ਆਪ੍ਰੇਸ਼ਨ ਸਿੰਧੂਰ' ਵਿਚ ਅਹਿਮ ਭੂਮਿਕਾ ਨਿਭਾਉਣ ਵਾਲੇ ਏਅਰ ਚੀਫ਼ ਮਾਰਸ਼ਲ ਦੀਕਸ਼ਿਤ ਇਸ ਤੋਂ ਪਹਿਲਾਂ ਹਵਾਈ ਫੌਜ ਦੇ ਉਪ ਮੁਖੀ ਦੇ ਅਹੁਦੇ 'ਤੇ ਤਾਇਨਾਤ ਸਨ। 4 ਦਹਾਕਿਆਂ ਦੇ ਆਪਣੇ ਕਰੀਅਰ ਵਿਚ ਏਅਰ ਚੀਫ਼ ਮਾਰਸ਼ਲ ਦੀਕਸ਼ਿਤ ਨੇ ਕਮਾਨ, ਸਟਾਫ਼ ਅਤੇ ਸਿਖਲਾਈ ਨਾਲ ਜੁੜੇ ਕਈ ਅਹੁਦਿਆਂ 'ਤੇ ਸੇਵਾਵਾਂ ਦਿੱਤੀਆਂ ਹਨ।

ਸਾਂਝੀ ਖ਼ਬਰ
ਸੋਮਵਾਰ , 02 ਨਵੰਬਰ 2026

ਵਿਆਹ ਸਮਾਗਮ 'ਚੋਂ ਸਾਮਾਨ ਲੈ ਕੇ ਜਾ ਰਹੇ ਟੈਂਪੂ ਨੂੰ ਲੱਗੀ ਅੱਗ, ਫਾਇਰ ਬ੍ਰਿਗੇਡ ਨੇ ਪਾਇਆ ਕਾਬੂ

ਸਾਂਝੀ ਖ਼ਬਰ

ਚਾਰ ਗੈਸ ਸਿਲੰਡਰਾਂ ਨੂੰ ਮੌਕੇ 'ਤੇ ਹਟਾਉਣ ਕਾਰਨ ਟਲਿਆ ਵੱਡਾ ਹਾਦਸਾ



ਗੁਰਪਾਲ ਸਿੰਘ
ਜ਼ੀਰਕਪੁਰ, 1 ਨਵੰਬਰ

ਸ਼ਨੀਵਾਰ ਰਾਤ ਪਟਿਆਲਾ ਰੋਡ 'ਤੇ ਲੱਕੀ ਢਾਬੇ ਦੇ ਸਾਹਮਣੇ ਕੈਟਰਿੰਗ ਦਾ ਸਾਮਾਨ ਲੈ ਕੇ ਜਾ ਰਹੇ ਇੱਕ ਛੋਟਾ ਹਾਥੀ ਟੈਂਪੂ ਦੇ ਪਿਛਲੇ ਹਿੱਸੇ ਵਿੱਚ ਅਚਾਨਕ ਅੱਗ ਲੱਗ ਗਈ। ਟੈਂਪੂ ਵਿੱਚ ਸਾਮਾਨ ਦੇ ਨਾਲ ਚਾਰ ਕਮਰਸ਼ੀਅਲ ਗੈਸ ਸਿਲੰਡਰ ਵੀ ਰੱਖੇ ਹੋਏ ਸਨ। ਸਮੇਂ ਸਿਰ ਅੱਗ 'ਤੇ ਕਾਬੂ ਪਾ ਲਏ ਜਾਣ ਕਾਰਨ ਵੱਡਾ ਹਾਦਸਾ ਹੋਣੋਂ ਟਲ ਗਿਆ। ਘਟਨਾ ਦੀ ਸੂਚਨਾ ਮਿਲਦਿਆਂ ਹੀ ਫਾਇਰ ਬ੍ਰਿਗੇਡ ਦੀਆਂ ਦੋ ਗੱਡੀਆਂ ਮੌਕੇ 'ਤੇ ਪਹੁੰਚੀਆਂ ਅਤੇ ਅੱਗ 'ਤੇ ਕਾਬੂ ਪਾਇਆ। ਟੈਂਪੂ ਚਾਲਕ ਰਾਹੁਲ ਕਸ਼ਯਪ ਨੇ ਦੱਸਿਆ ਕਿ ਉਹ ਆਪਣੇ ਛੋਟੇ ਹਾਥੀ ਟੈਂਪੂ ਰਾਹੀਂ ਸਾਮਾਨ ਢੋਣ ਦਾ ਕੰਮ ਕਰਦਾ ਹੈ। ਬੀਤੀ ਰਾਤ ਉਸ ਨੇ ਵੀ. ਆਈ. ਪੀ. ਰੋਡ ਤੋਂ ਇੱਕ ਵਿਆਹ ਸਮਾਗਮ ਦੀ ਸਮਾਪਤੀ ਤੋਂ ਬਾਅਦ ਸਾਮਾਨ ਢਕੌਲੀ ਪਹੁੰਚਾਉਣ ਲਈ ਬੁਕਿੰਗ ਕੀਤੀ ਸੀ। ਰਾਤ ਕਰੀਬ ਸਾਢੇ 8 ਵਜੇ ਉਹ ਸਾਮਾਨ ਲੱਦ ਕੇ ਢਕੌਲੀ ਵੱਲ ਜਾ ਰਿਹਾ ਸੀ। ਜਦੋਂ ਉਹ ਪਟਿਆਲਾ ਰੋਡ 'ਤੇ ਲੱਕੀ ਢਾਬੇ ਨੇੜੇ ਪਹੁੰਚਿਆ, ਤਾਂ ਪਿੱਛੋਂ ਆ ਰਹੇ ਇੱਕ ਵਾਹਨ ਚਾਲਕ ਨੇ ਉਸ ਨੂੰ ਟੈਂਪੂ ਦੇ ਪਿਛਲੇ ਹਿੱਸੇ ਵਿੱਚ ਅੱਗ ਲੱਗਣ ਬਾਰੇ ਦੱਸਿਆ। ਉਸ ਨੇ ਤੁਰੰਤ ਟੈਂਪੂ ਸੜਕ ਕਿਨਾਰੇ ਰੋਕ ਕੇ ਦੁਕਾਨਦਾਰਾਂ ਦੀ ਮਦਦ ਨਾਲ ਅੱਗ ਬੁਝਾਉਣ ਦੀ ਕੋਸ਼ਿਸ਼ ਕੀਤੀ। ਅੱਗ ਕੁਝ ਘੱਟ ਹੋਣ 'ਤੇ ਸਭ ਤੋਂ ਪਹਿਲਾਂ ਟੈਂਪੂ ਵਿੱਚ ਰੱਖੇ ਚਾਰ ਗੈਸ ਸਿਲੰਡਰ ਬਾਹਰ ਕੱਢੇ ਗਏ। ਇਸੇ ਦੌਰਾਨ ਫਾਇਰ ਬ੍ਰਿਗੇਡ ਦੀ ਗੱਡੀ ਵੀ ਮੌਕੇ 'ਤੇ ਪਹੁੰਚ ਗਈ ਅਤੇ ਅੱਗ 'ਤੇ ਪੂਰੀ ਤਰ੍ਹਾਂ ਕਾਬੂ ਪਾ ਲਿਆ ਗਿਆ।

ਰਾਹੁਲ ਕਸ਼ਯਪ ਅਨੁਸਾਰ ਵਿਆਹ ਸਮਾਗਮ ਤੋਂ ਲਿਆਂਦੇ ਸਾਮਾਨ ਵਿੱਚ ਰੋਟੀਆਂ ਬਣਾਉਣ ਵਾਲਾ ਤੰਦੂਰ ਵੀ ਸੀ, ਜਿਸ ਵਿੱਚੋਂ ਕੋਲੇ ਪੂਰੀ ਤਰ੍ਹਾਂ ਠੰਢੇ ਨਹੀਂ ਹੋਏ ਸਨ। ਗੱਡੀ ਵਿੱਚ ਪਈ ਪੋਲੀਥੀਨ ਗਰਮ ਕੋਲਿਆਂ ਦੇ ਸੰਪਰਕ ਵਿੱਚ ਆਉਣ ਕਾਰਨ ਅੱਗ ਲੱਗ ਗਈ। ਉਸ ਨੇ ਇਸ ਲਈ ਸਾਮਾਨ ਲੱਦਣ ਵਾਲੇ ਕਰਮਚਾਰੀਆਂ ਦੀ ਲਾਪਰਵਾਹੀ ਨੂੰ ਜ਼ਿੰਮੇਵਾਰ ਦੱਸਿਆ।

ਮਾਮਲੇ ਸਬੰਧੀ ਫਾਇਰ ਬ੍ਰਿਗੇਡ ਜ਼ੀਰਕਪੁਰ ਦੇ ਇੰਸਪੈਕਟਰ ਰਾਜੀਵ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਨੂੰ ਪਟਿਆਲਾ ਰੋਡ 'ਤੇ ਅੱਗ ਲੱਗਣ ਦੀ ਸੂਚਨਾ ਮਿਲੀ ਸੀ। ਇਸ ਤੋਂ ਬਾਅਦ ਤੁਰੰਤ ਦੋ ਗੱਡੀਆਂ ਮੌਕੇ 'ਤੇ ਭੇਜੀਆਂ ਗਈਆਂ। ਇੱਕ ਗੱਡੀ ਦੀ ਮਦਦ ਨਾਲ ਹੀ ਅੱਗ 'ਤੇ ਕਾਬੂ ਪਾ ਲਿਆ ਗਿਆ। ਉਨ੍ਹਾਂ ਦੱਸਿਆ ਕਿ ਟੈਂਪੂ ਵਿੱਚ ਚਾਰ ਗੈਸ ਸਿਲੰਡਰ ਵੀ ਰੱਖੇ ਹੋਏ ਸਨ। ਜੇਕਰ ਸਮੇਂ ਸਿਰ ਅੱਗ ਨਾ ਬੁਝਾਈ ਜਾਂਦੀ, ਤਾਂ ਸਿਲੰਡਰਾਂ ਕਾਰਨ ਵੱਡਾ ਹਾਦਸਾ ਵਾਪਰ ਸਕਦਾ ਸੀ। ਘਟਨਾ ਵਿੱਚ ਕਿਸੇ ਜਾਨੀ ਜਾਂ ਵੱਡੇ ਮਾਲੀ ਨੁਕਸਾਨ ਦੀ ਸੂਚਨਾ ਨਹੀਂ ਹੈ।

ਜੀ. ਬੀ. ਪੀ. ਦੀ ਖੰਡਰ ਇਮਾਰਤ 'ਚੋਂ ਅਣਪਛਾਤੀ ਲਾਸ਼ ਬਰਾਮਦ

ਸਾਂਝੀ ਖ਼ਬਰ

ਪਹਿਲਾਂ ਵੀ ਮਿਲ ਚੁੱਕੀਆਂ ਹਨ ਤਿੰਨ-ਚਾਰ ਅਣਪਛਾਤੀਆਂ ਲਾਸ਼ਾਂ

ਗੁਰਪਾਲ ਸਿੰਘ
ਜ਼ੀਰਕਪੁਰ, 1 ਨਵੰਬਰ

ਚੰਡੀਗੜ੍ਹ-ਅੰਬਾਲਾ ਕੌਮੀ ਮਾਰਗ 'ਤੇ ਸਿੰਘਪੁਰਾ ਚੌਕ ਨੇੜੇ ਜੀ. ਬੀ. ਪੀ. ਗਰੁੱਪ ਦੀ ਇੱਕ ਖੰਡਰ ਪਈ ਇਮਾਰਤ ਵਿੱਚੋਂ ਪੁਲਿਸ ਨੇ ਇੱਕ ਅਣਪਛਾਤੇ ਵਿਅਕਤੀ ਦੀ ਲਾਸ਼ ਬਰਾਮਦ ਕੀਤੀ ਹੈ। ਮ੍ਰਿਤਕ ਦੀ ਜੇਬ ਵਿੱਚੋਂ ਕੋਈ ਪਛਾਣ ਪੱਤਰ ਜਾਂ ਹੋਰ ਦਸਤਾਵੇਜ਼ ਨਹੀਂ ਮਿਲਿਆ, ਜਿਸ ਕਾਰਨ ਉਸ ਦੀ ਪਛਾਣ ਨਹੀਂ ਹੋ ਸਕੀ। ਪੁਲਿਸ ਨੇ ਲਾਸ਼ ਨੂੰ ਪਛਾਣ ਲਈ 72 ਘੰਟਿਆਂ ਵਾਸਤੇ ਡੇਰਾਬੱਸੀ ਸਿਵਲ ਹਸਪਤਾਲ ਦੇ ਮੁਰਦਾ ਘਰ ਵਿੱਚ ਰਖਵਾ ਦਿੱਤਾ ਹੈ।

ਇੱਥੇ ਜ਼ਿਕਰਯੋਗ ਹੈ ਕਿ ਜੀ. ਬੀ. ਪੀ. ਗਰੁੱਪ ਦੀ ਇਸ ਵੱਡੀ ਅਤੇ ਖੰਡਰ ਇਮਾਰਤ ਵਿੱਚੋਂ ਪਹਿਲਾਂ ਵੀ ਤਿੰਨ ਤੋਂ ਚਾਰ ਅਣਪਛਾਤੇ ਵਿਅਕਤੀਆਂ ਦੀਆਂ ਲਾਸ਼ਾਂ ਮਿਲ ਚੁੱਕੀਆਂ ਹਨ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਸ ਇਮਾਰਤ ਦੀ ਵਰਤੋਂ ਕੁਝ ਲੋਕ ਨਸ਼ਾ ਕਰਨ ਲਈ ਕਰਦੇ ਹਨ। ਉਨ੍ਹਾਂ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਇਮਾਰਤ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਅਤੇ ਇੱਥੇ ਗੈਰ-ਸਮਾਜਿਕ ਗਤੀਵਿਧੀਆਂ ਨੂੰ ਰੋਕਣ ਲਈ ਠੋਸ ਕਦਮ ਚੁੱਕੇ ਜਾਣ। ਇਸ ਸਬੰਧੀ ਜਾਂਚ ਅਧਿਕਾਰੀ ਰਾਜੀਵ ਕੁਮਾਰ ਨੇ ਦੱਸਿਆ ਕਿ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਸਿੰਘਪੁਰਾ ਚੌਕ ਨੇੜੇ ਜੀ. ਬੀ. ਪੀ. ਗਰੁੱਪ ਦੀ ਖੰਡਰ ਇਮਾਰਤ ਵਿੱਚ ਇੱਕ ਅਣਪਛਾਤੀ ਲਾਸ਼ ਪਈ ਹੈ। ਸੂਚਨਾ ਮਿਲਣ 'ਤੇ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ ਵਿੱਚ ਲਿਆ ਅਤੇ ਜਾਂਚ ਕੀਤੀ। ਮ੍ਰਿਤਕ ਦੀ ਜੇਬ ਵਿੱਚੋਂ ਕੋਈ ਦਸਤਾਵੇਜ਼ ਨਾ ਮਿਲਣ ਕਾਰਨ ਉਸ ਦੀ ਪਛਾਣ ਨਹੀਂ ਹੋ ਸਕੀ। ਪੁਲਿਸ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਜੇਕਰ ਕੋਈ ਵਿਅਕਤੀ ਮ੍ਰਿਤਕ ਦੀ ਪਛਾਣਦਾ ਹੈ, ਤਾਂ ਉਹ ਜ਼ੀਰਕਪੁਰ ਪੁਲਿਸ ਨਾਲ ਸੰਪਰਕ ਕਰੇ।

ਵਿਆਹ ਸਮਾਗਮ 'ਚੋਂ 4 ਤੋਂ 5 ਲੱਖ ਰੁਪਏ ਨਾਲ ਭਰਿਆ ਬੈਗ ਚੋਰੀ, ਮਾਮਲਾ ਦਰਜ

ਸਾਂਝੀ ਖ਼ਬਰ

ਸੀਸੀਟੀਵੀ ਫੁਟੇਜ ਵਿੱਚ ਰਾਤ ਸਵਾ ਇੱਕ ਵਜੇ ਮੈਰਿਜ ਪੈਲੇਸ ਵਿੱਚ ਦਾਖ਼ਲ ਹੁੰਦੇ ਦਿਖਾਈ ਦਿੱਤੇ ਤਿੰਨ ਨੌਜਵਾਨ

ਗੁਰਪਾਲ ਸਿੰਘ
ਜ਼ੀਰਕਪੁਰ, 1 ਨਵੰਬਰ

ਜ਼ੀਰਕਪੁਰ ਸ਼ਹਿਰ ਵਿੱਚ ਵਿਆਹ ਸਮਾਗਮਾਂ ਦੌਰਾਨ ਪੈਸਿਆਂ ਨਾਲ ਭਰੇ ਬੈਗ ਚੋਰੀ ਕਰਨ ਵਾਲੇ ਗਿਰੋਹ ਦੀਆਂ ਸਰਗਰਮੀਆਂ ਕਾਫੀ ਵਧ ਗਈਆਂ ਹਨ। ਬਲਟਾਣਾ ਲਾਈਟ ਪੁਆਇੰਟ ਨੇੜੇ ਸਥਿਤ ਇੱਕ ਵੈਡਿੰਗ ਰਿਜ਼ੋਰਟ ਵਿੱਚੋਂ ਵਿਆਹ ਸਮਾਗਮ ਦੌਰਾਨ 4 ਤੋਂ 5 ਲੱਖ ਰੁਪਏ ਨਾਲ ਭਰਿਆ ਬੈਗ ਚੋਰੀ ਹੋਣ ਦੇ ਮਾਮਲੇ ਵਿੱਚ ਬਲਟਾਣਾ ਪੁਲਿਸ ਨੇ ਤਿੰਨ ਅਣਪਛਾਤੇ ਨੌਜਵਾਨਾਂ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਿਸ ਨੇ ਸ਼ਿਕਾਇਤਕਰਤਾ ਭਰਤ ਭੂਸ਼ਣ ਵਾਸੀ ਚੰਡੀਗੜ੍ਹ ਦੀ ਸ਼ਿਕਾਇਤ ਅਤੇ ਸੀ ਸੀ ਟੀ ਵੀ ਫੁਟੇਜ ਦੇ ਆਧਾਰ 'ਤੇ ਬੀ ਐੱਨ ਐੱਸ ਦੀਆਂ ਧਾਰਾਵਾਂ 305(ਸੀ) ਅਤੇ 331(4) ਤਹਿਤ ਕਾਰਵਾਈ ਕੀਤੀ ਹੈ।

ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਭਰਤ ਭੂਸ਼ਣ ਨੇ ਦੱਸਿਆ ਕਿ ਸ਼ੁੱਕਰਵਾਰ ਤੇ ਸ਼ਨੀਵਾਰ ਦੀ ਦਰਮਿਆਨੀ ਰਾਤ ਬਲਟਾਣਾ ਲਾਈਟ ਪੁਆਇੰਟ ਨੇੜੇ ਸਥਿਤ ਵੈਡਿੰਗ ਰਿਜ਼ੋਰਟ ਵਿੱਚ ਉਨ੍ਹਾਂ ਦੇ ਪਰਿਵਾਰ ਦਾ ਵਿਆਹ ਸਮਾਗਮ ਸੀ। ਸਮਾਗਮ ਖ਼ਤਮ ਹੋਣ ਤੋਂ ਬਾਅਦ ਜਦੋਂ ਉਹ ਚੰਡੀਗੜ੍ਹ ਸਥਿਤ ਆਪਣੇ ਘਰ ਪਹੁੰਚੇ, ਤਾਂ ਉਨ੍ਹਾਂ ਨੂੰ ਪਤਾ ਲੱਗਿਆ ਕਿ ਪੈਸਿਆਂ ਵਾਲਾ ਬੈਗ ਗਾਇਬ ਹੈ। ਬੈਗ ਵਿੱਚ ਕਰੀਬ 4 ਤੋਂ 5 ਲੱਖ ਰੁਪਏ ਦੀ ਨਕਦੀ ਰੱਖੀ ਹੋਈ ਸੀ।

ਇਸ ਤੋਂ ਬਾਅਦ ਉਹ ਸ਼ਨੀਵਾਰ ਸਵੇਰੇ ਮੈਰਿਜ ਪੈਲੇਸ ਪਹੁੰਚੇ ਅਤੇ ਉੱਥੇ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਚੈੱਕ ਕੀਤੀ। ਫੁਟੇਜ ਵਿੱਚ ਰਾਤ ਕਰੀਬ ਸਵਾ ਇੱਕ ਵਜੇ ਤਿੰਨ ਨੌਜਵਾਨ ਮੈਰਿਜ ਪੈਲੇਸ ਵਿੱਚ ਦਾਖ਼ਲ ਹੁੰਦੇ ਦਿਖਾਈ ਦਿੱਤੇ। ਸ਼ਿਕਾਇਤਕਰਤਾ ਅਨੁਸਾਰ ਇਹ ਤਿੰਨੇ ਨੌਜਵਾਨ ਨਾ ਤਾਂ ਉਨ੍ਹਾਂ ਦੇ ਜਾਣਕਾਰ ਸਨ ਅਤੇ ਨਾ ਹੀ ਰਿਸ਼ਤੇਦਾਰ। ਉਨ੍ਹਾਂ ਨੇ ਸ਼ੱਕ ਜ਼ਾਹਰ ਕੀਤਾ ਕਿ ਇਨ੍ਹਾਂ ਨੌਜਵਾਨਾਂ ਨੇ ਹੀ ਪੈਸਿਆਂ ਨਾਲ ਭਰਿਆ ਬੈਗ ਚੋਰੀ ਕੀਤਾ ਹੈ। ਸ਼ਿਕਾਇਤਕਰਤਾ ਵੱਲੋਂ ਆਪਣੇ ਪੱਧਰ 'ਤੇ ਕਾਫ਼ੀ ਭਾਲ ਕਰਨ ਦੇ ਬਾਵਜੂਦ ਬੈਗ ਅਤੇ ਨੌਜਵਾਨਾਂ ਦਾ ਕੋਈ ਸੁਰਾਗ ਨਹੀਂ ਮਿਲਿਆ, ਜਿਸ ਤੋਂ ਬਾਅਦ ਉਨ੍ਹਾਂ ਨੇ ਬਲਟਾਣਾ ਪੁਲਿਸ ਨੂੰ ਸੂਚਿਤ ਕੀਤਾ। ਪੁਲਿਸ ਨੇ ਸ਼ਿਕਾਇਤ ਦੇ ਆਧਾਰ 'ਤੇ ਮਾਮਲਾ ਦਰਜ ਕਰ ਕੇ ਮੁਲਜ਼ਮਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਕਾਰ ਨੂੰ ਪਿੱਛੋਂ ਟੱਕਰ ਮਾਰ ਕੇ ਜੀਪ ਚਾਲਕ ਫਰਾਰ, ਅਣਪਛਾਤੇ ਖ਼ਿਲਾਫ਼ ਕੇਸ ਦਰਜ

ਸਾਂਝੀ ਖ਼ਬਰ

ਜੀਪ ਦੇ ਨੰਬਰ ਦੇ ਆਧਾਰ 'ਤੇ ਪੁਲਿਸ ਨੇ ਸ਼ੁਰੂ ਕੀਤੀ ਮੁਲਜ਼ਮ ਦੀ ਭਾਲ, ਹਾਦਸੇ ਵਿੱਚ ਕਾਰ ਸਵਾਰ ਜ਼ਖ਼ਮੀ



ਗੁਰਪਾਲ ਸਿੰਘ
ਜ਼ੀਰਕਪੁਰ, 1 ਨਵੰਬਰ

ਪਟਿਆਲਾ ਰੋਡ 'ਤੇ ਛੱਤ ਲਾਈਟ ਪੁਆਇੰਟ ਨੇੜੇ ਇੱਕ ਤੇਜ਼ ਰਫ਼ਤਾਰ ਮਹਿੰਦਰਾ ਜੀਪ ਵੱਲੋਂ ਆਲਟੋ ਕਾਰ ਨੂੰ ਪਿੱਛੋਂ ਜ਼ੋਰਦਾਰ ਟੱਕਰ ਮਾਰਨ ਤੋਂ ਬਾਅਦ ਮੌਕੇ ਤੋਂ ਫਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਹਾਦਸੇ ਵਿੱਚ ਕਾਰ ਚਾਲਕ ਜ਼ਖ਼ਮੀ ਹੋ ਗਿਆ, ਜਦਕਿ ਉਸ ਦੀ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ। ਪੁਲਿਸ ਨੇ ਜੀਪ ਦੇ ਨੰਬਰ ਦੇ ਆਧਾਰ 'ਤੇ ਅਣਪਛਾਤੇ ਚਾਲਕ ਖ਼ਿਲਾਫ਼ ਹਿੱਟ ਐਂਡ ਰਨ ਦਾ ਕੇਸ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਪਿੰਡ ਨਗਲਾ ਵਾਸੀ ਧਰਮ ਚੰਦ ਨੇ ਦੱਸਿਆ ਕਿ ਉਹ ਆਪਣੀ ਆਲਟੋ ਕਾਰ ਵਿੱਚ ਸਵਾਰ ਹੋ ਕੇ ਬਨੂੜ ਤੋਂ ਜ਼ੀਰਕਪੁਰ ਵੱਲ ਆ ਰਿਹਾ ਸੀ। ਜਦੋਂ ਉਹ ਬਨੂੜ-ਜ਼ੀਰਕਪੁਰ ਹਾਈਵੇਅ 'ਤੇ ਛੱਤ ਬੱਸ ਅੱਡੇ ਨੇੜੇ ਬੈਲਗ੍ਰਾਵੀਆ ਸੁਸਾਇਟੀ ਦੇ ਸਾਹਮਣੇ ਪਹੁੰਚਿਆ ਤਾਂ ਪਿੱਛੋਂ ਆ ਰਹੀ ਬੰਦ ਬਾਡੀ ਮਹਿੰਦਰਾ ਜੀਪ (ਪੀਬੀ 13 ਬੀਟੀ 3634) ਨੇ ਉਸ ਦੀ ਕਾਰ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਆਲਟੋ ਕਾਰ ਸੜਕ ਦੇ ਵਿਚਕਾਰ ਬਣੇ ਡਿਵਾਈਡਰ ਨੂੰ ਪਾਰ ਕਰਦੀ ਹੋਈ ਦੂਜੇ ਪਾਸੇ ਜਾ ਪਹੁੰਚੀ। ਗਨੀਮਤ ਰਹੀ ਕਿ ਉਸ ਸਮੇਂ ਸਾਹਮਣੇ ਤੋਂ ਕੋਈ ਵਾਹਨ ਨਹੀਂ ਆ ਰਿਹਾ ਸੀ, ਨਹੀਂ ਤਾਂ ਵੱਡਾ ਹਾਦਸਾ ਵਾਪਰ ਸਕਦਾ ਸੀ। ਸ਼ਿਕਾਇਤਕਰਤਾ ਅਨੁਸਾਰ ਹਾਦਸੇ ਵਿੱਚ ਉਸ ਦੀ ਕਾਰ ਦਾ ਪਿਛਲਾ ਹਿੱਸਾ ਪੂਰੀ ਤਰ੍ਹਾਂ ਨੁਕਸਾਨਿਆ ਗਿਆ।

ਧਰਮ ਚੰਦ ਨੇ ਦੱਸਿਆ ਕਿ ਟੱਕਰ ਦੌਰਾਨ ਕਾਰ ਦਾ ਸ਼ੀਸ਼ਾ ਟੁੱਟਣ ਕਾਰਨ ਕੱਚ ਦਾ ਇੱਕ ਟੁਕੜਾ ਉਸ ਦੇ ਸਿਰ ਵਿੱਚ ਜਾ ਵੱਜਿਆ। ਇਸ ਤੋਂ ਇਲਾਵਾ ਉਸ ਦੀ ਬਾਂਹ, ਹੱਥ ਦੀ ਗੁੱਟ ਅਤੇ ਮੋਢੇ 'ਤੇ ਵੀ ਸੱਟਾਂ ਲੱਗੀਆਂ। ਉਸ ਦੇ ਪੁੱਤਰ ਨੇ ਮੌਕੇ 'ਤੇ ਪਹੁੰਚ ਕੇ ਉਸ ਨੂੰ ਢਕੋਲੀ ਦੇ ਸਰਕਾਰੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ, ਜਿੱਥੇ ਇਲਾਜ ਤੋਂ ਬਾਅਦ ਡਾਕਟਰਾਂ ਨੇ ਉਸ ਨੂੰ ਛੁੱਟੀ ਦੇ ਦਿੱਤੀ।

ਜਾਂਚ ਅਧਿਕਾਰੀ ਬਲਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤ ਦੇ ਆਧਾਰ 'ਤੇ ਮੌਕੇ ਦਾ ਜਾਇਜ਼ਾ ਲੈਣ ਤੋਂ ਬਾਅਦ ਜੀਪ ਦੇ ਰਜਿਸਟ੍ਰੇਸ਼ਨ ਨੰਬਰ ਦੇ ਆਧਾਰ 'ਤੇ ਅਣਪਛਾਤੇ ਚਾਲਕ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਹੈ। ਪੁਲਿਸ ਵੱਲੋਂ ਮੁਲਜ਼ਮ ਦੀ ਭਾਲ ਕੀਤੀ ਜਾ ਰਹੀ ਹੈ।

ਕੁਰੂਕਸ਼ੇਤਰ ਦੇ ਯੁਧਵੀਰ ਸਿੰਘ ਨੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਚਮਕਾਇਆ ਨਾਮ, ਕਰਾਟੇ ਵਿੱਚ ਜਿੱਤੇ ਸੋਨੇ ਦੇ ਤਮਗੇ

ਸਾਂਝੀ ਖ਼ਬਰ

ਨੈਸ਼ਨਲ ਸਕੂਲ ਗੇਮਜ਼ 2025 ਅਤੇ ਇੰਡੋ-ਨੇਪਾਲ ਮਾਰਸ਼ਲ ਆਰਟਸ ਚੈਂਪੀਅਨਸ਼ਿਪ 2026 ਵਿੱਚ ਗੋਲਡ ਮੈਡਲ ਜਿੱਤ ਕੇ ਹਰਿਆਣਾ ਦਾ ਮਾਣ ਵਧਾਇਆ



ਏਜੰਸੀ
ਕੁਰੂਕਸ਼ੇਤਰ, 1 ਨਵੰਬਰ

ਹਰਿਆਣਾ ਦੇ ਕੁਰੂਕਸ਼ੇਤਰ ਜ਼ਿਲ੍ਹੇ ਦੇ ਪਿੰਡ ਖਿਜ਼ਰਪੁਰਾ ਦੇ ਰਹਿਣ ਵਾਲੇ ਨੌਜਵਾਨ ਕਰਾਟੇ ਅਤੇ ਮਾਰਸ਼ਲ ਆਰਟਸ ਖਿਡਾਰੀ ਯੁਧਵੀਰ ਸਿੰਘ ਆਪਣੀ ਪ੍ਰਤਿਭਾ, ਮਿਹਨਤ ਅਤੇ ਲਗਨ ਦੇ ਦਮ 'ਤੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਪਛਾਣ ਬਣਾ ਰਹੇ ਹਨ।

ਪੰਜਾਬ ਦੇ ਲੌਂਗੋਵਾਲ ਸਥਿਤ ਬੀਬੀ ਭਾਨੀ ਪਬਲਿਕ ਸਕੂਲ ਵਿੱਚ ਛੇਵੀਂ ਜਮਾਤ ਦੇ ਵਿਦਿਆਰਥੀ ਅਤੇ ਹੋਸਟਲ ਵਿੱਚ ਰਹਿ ਕੇ ਪੜ੍ਹਾਈ ਕਰ ਰਹੇ ਯੁਧਵੀਰ ਸਿੰਘ ਨੇ ਛੋਟੀ ਉਮਰ ਵਿੱਚ ਹੀ ਖੇਡ ਜਗਤ ਵਿੱਚ ਕਈ ਮਹੱਤਵਪੂਰਨ ਉਪਲਬਧੀਆਂ ਹਾਸਲ ਕੀਤੀਆਂ ਹਨ।

ਯੁਧਵੀਰ ਦੀਆਂ ਪ੍ਰਮੁੱਖ ਉਪਲਬਧੀਆਂ ਵਿੱਚ ਸਾਲ 2025 ਦੀਆਂ ਨੈਸ਼ਨਲ ਸਕੂਲ ਗੇਮਜ਼ ਦੀ ਕਰਾਟੇ ਪ੍ਰਤੀਯੋਗਤਾ ਵਿੱਚ ਸੋਨੇ ਦਾ ਤਮਗਾ ਜਿੱਤਣਾ ਸ਼ਾਮਲ ਹੈ। ਇਸ ਤੋਂ ਬਾਅਦ ਉਨ੍ਹਾਂ ਨੇ ਸਾਲ 2026 ਵਿੱਚ ਆਯੋਜਿਤ ਇੰਡੋ-ਨੇਪਾਲ ਮਾਰਸ਼ਲ ਆਰਟਸ ਚੈਂਪੀਅਨਸ਼ਿਪ ਵਿੱਚ ਵੀ ਗੋਲਡ ਮੈਡਲ ਹਾਸਲ ਕਰਕੇ ਆਪਣੇ ਪਿੰਡ, ਸਕੂਲ ਅਤੇ ਹਰਿਆਣਾ ਦਾ ਨਾਮ ਰੌਸ਼ਨ ਕੀਤਾ।

ਯੁਧਵੀਰ ਹੁਣ ਤੱਕ ਰਾਸ਼ਟਰੀ ਅਤੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਚਾਰ ਵਾਰ ਤਮਗੇ ਜਿੱਤ ਚੁੱਕੇ ਹਨ। ਉਹ ਰਾਸ਼ਟਰੀ ਪੱਧਰ ਦੇ ਕਰਾਟੇ ਅਤੇ ਮਾਰਸ਼ਲ ਆਰਟਸ ਖਿਡਾਰੀ ਹਨ। ਸਾਲ 2026 ਵਿੱਚ ਉਨ੍ਹਾਂ ਨੇ ਮਣੀਪੁਰ ਵਿੱਚ ਆਯੋਜਿਤ ਨੈਸ਼ਨਲ ਟ੍ਰੇਨਿੰਗ ਕੈਂਪ ਵਿੱਚ ਵੀ ਹਿੱਸਾ ਲਿਆ। ਇਸ ਤੋਂ ਇਲਾਵਾ, ਦਸੰਬਰ 2025 ਵਿੱਚ ਮੁੰਬਈ ਵਿਖੇ ਵਿਸ਼ੇਸ਼ ਸੈਲਫ ਡਿਫੈਂਸ ਟ੍ਰੇਨਿੰਗ ਪ੍ਰਾਪਤ ਕਰਕੇ ਆਪਣੇ ਖੇਡ ਹੁਨਰ ਨੂੰ ਹੋਰ ਨਿਖਾਰਿਆ। ਉਹ ਕਰਾਟੇ ਵਿੱਚ ਗ੍ਰੀਨ ਬੈਲਟ ਧਾਰਕ ਵੀ ਹਨ।

ਖੇਡਾਂ ਦੇ ਨਾਲ-ਨਾਲ ਯੁਧਵੀਰ ਦਾ ਸਕੂਲ ਵਿੱਚ ਅਕਾਦਮਿਕ ਪ੍ਰਦਰਸ਼ਨ ਵੀ ਸ਼ਲਾਘਾਯੋਗ ਰਿਹਾ ਹੈ। ਉਨ੍ਹਾਂ ਦੀਆਂ ਪ੍ਰਾਪਤੀਆਂ ਅਤੇ ਪ੍ਰਤਿਭਾ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਅਕਾਦਮਿਕ ਸੈਸ਼ਨ 2025-26 ਲਈ ਬੈਸਟ ਅਚੀਵਮੈਂਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਬੀਬੀ ਭਾਨੀ ਪਬਲਿਕ ਸਕੂਲ, ਲੌਂਗੋਵਾਲ ਦੀ ਪ੍ਰਿੰਸੀਪਲ ਕਿਰਨਦੀਪ ਕੌਰ ਅਤੇ ਵਾਈਸ ਪ੍ਰਿੰਸੀਪਲ ਪੂਜਾ ਤਿਆਗੀ ਨੇ ਯੁਧਵੀਰ ਸਿੰਘ ਦੀਆਂ ਸ਼ਾਨਦਾਰ ਪ੍ਰਾਪਤੀਆਂ 'ਤੇ ਖੁਸ਼ੀ ਜ਼ਾਹਰ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਯੁਧਵੀਰ ਦੀ ਮਿਹਨਤ, ਅਨੁਸ਼ਾਸਨ ਅਤੇ ਖੇਡਾਂ ਪ੍ਰਤੀ ਸਮਰਪਣ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਯੁਧਵੀਰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਫਲਤਾਵਾਂ ਹਾਸਲ ਕਰਕੇ ਸਕੂਲ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨਗੇ।

ਯੁਧਵੀਰ ਸਿੰਘ ਦੀਆਂ ਇਹ ਪ੍ਰਾਪਤੀਆਂ ਸਾਬਤ ਕਰਦੀਆਂ ਹਨ ਕਿ ਸਹੀ ਮਾਰਗਦਰ-ਸ਼ਨ, ਨਿਰੰਤਰ ਅਭਿਆਸ ਅਤੇ ਮਜ਼ਬੂਤ ਇੱਛਾ ਸ਼ਕਤੀ ਨਾਲ ਛੋਟੀ ਉਮਰ ਵਿੱਚ ਵੀ ਵੱਡੀਆਂ ਮੰਜ਼ਿਲਾਂ ਹਾਸਲ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਦੀਆਂ ਸਫਲਤਾਵਾਂ ਨਾਲ ਪਿੰਡ ਖਿਜ਼ਰਪੁਰਾ, ਜ਼ਿਲ੍ਹਾ ਕੁਰੂਕਸ਼ੇਤਰ, ਹਰਿਆਣਾ ਅਤੇ ਪੰਜਾਬ ਦੇ ਲੌਂਗੋਵਾਲ ਸਥਿਤ ਬੀਬੀ ਭਾਨੀ ਪਬਲਿਕ ਸਕੂਲ ਦਾ ਮਾਣ ਵਧਿਆ ਹੈ।

ਦੀਵਾਲੀ ਫੈਸਟੀਵਲ 'ਚ ਕਿਸਮਤ ਨੇ ਵੀ ਖਿਲਾਰੀਆਂ ਖੁਸ਼ੀਆਂ, ਗੋਲਡਨ ਸੈਂਡ 'ਚ ਔਰਤਾਂ ਨੇ ਜਿੱਤੇ ਸ਼ਾਨਦਾਰ ਇਨਾਮ





ਸਾਂਝੀ ਖ਼ਬਰ

ਮਿਸਿਜ਼ ਨਿਯੋਗੀ ਦੇ ਨਾਂ ਰਿਹਾ ਪਹਿਲਾ ਪੁਰਸਕਾਰ, ਏਅਰ ਫ੍ਰਾਇਰ ਜਿੱਤਣ 'ਤੇ ਖੁਸ਼ੀ ਨਾਲ ਖਿੜ ਉੱਠਿਆ ਚਿਹਰਾ; ਰਿਤੂ ਅਤੇ ਆਂਚਲ ਵੀ ਬਣੀਆਂ ਜੇਤੂ

ਖਾਣ-ਪੀਣ ਦੇ ਸਟਾਲ, ਖਰੀਦਦਾਰੀ ਅਤੇ ਮਨੋਰੰਜਨ ਦੇ ਵਿਚਕਾਰ ਦੇਰ ਰਾਤ ਤੱਕ ਚੱਲਿਆ ਜਸ਼ਨ; ਮੁੱਖ ਮਹਿਮਾਨ ਸੰਜੀਵ ਖੰਨਾ ਬੋਲੇ—ਅਜਿਹੇ ਆਯੋਜਨ ਸਮਾਜ ਨੂੰ ਇੱਕ ਪਰਿਵਾਰ ਬਣਾਉਂਦੇ ਹਨ

PS Mittha
ਜ਼ੀਰਕਪੁਰ, 1 ਨਵੰਬਰ

ਦੀਵਾਲੀ ਦੀਆਂ ਖੁਸ਼ੀਆਂ ਉਸ ਸਮੇਂ ਦੁੱਗਣੀਆਂ ਹੋ ਗਈਆਂ, ਜਦੋਂ ਗੋਲਡਨ ਸੈਂਡ ਸੋਸਾਇਟੀ ਵਿੱਚ ਆਯੋਜਿਤ ਫੈਸਟੀਵਲ ਦੌਰਾਨ ਜੇਤੂਆਂ ਦੇ ਨਾਂ ਐਲਾਨੇ ਗਏ। ਕਿਸੇ ਦੇ ਹੱਥ ਏਅਰ ਫ੍ਰਾਇਰ ਲੱਗਿਆ ਤਾਂ ਕਿਸੇ ਨੇ ਗਾਰਮੈਂਟ ਆਇਰਨ ਅਤੇ ਨਿਊਟ੍ਰੀ ਬਲੈਂਡ ਜਿੱਤ ਕੇ ਤਿਉਹਾਰ ਨੂੰ ਯਾਦਗਾਰ ਬਣਾ ਲਿਆ। ਇਨਾਮਾਂ ਦੇ ਐਲਾਨ ਦੇ ਨਾਲ ਹੀ ਤਾੜੀਆਂ ਦੀ ਗੂੰਜ ਨਾਲ ਪੂਰਾ ਪਰਿਸਰ ਗੂੰਜ ਉੱਠਿਆ।

ਸੋਸਾਇਟੀ ਵਿੱਚ ਹਰ ਸਾਲ ਦੀ ਤਰ੍ਹਾਂ ਆਯੋਜਿਤ ਦੀਵਾਲੀ ਫੈਸਟੀਵਲ ਇਸ ਵਾਰ ਵੀ ਖਿੱਚ ਦਾ ਕੇਂਦਰ ਰਿਹਾ। ਰੰਗ-ਬਿਰੰਗੇ ਸਟਾਲ, ਸਵਾਦਿਸ਼ਟ ਪਕਵਾਨ, ਖਰੀਦਦਾਰੀ ਅਤੇ ਮਨੋਰੰਜਨ ਦੇ ਵਿਚਕਾਰ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਸਾਰਿਆਂ ਨੇ ਜੰਮ ਕੇ ਆਨੰਦ ਲਿਆ।

ਤਿੰਨ ਔਰਤਾਂ ਦੀ ਚਮਕੀ ਕਿਸਮਤ, ਮਿਲੇ ਆਕਰਸ਼ਕ ਉਪਹਾਰ

ਫੈਸਟੀਵਲ ਵਿੱਚ ਪਹਿਲਾ ਪੁਰਸਕਾਰ ਫਿਲਿਪਸ ਏਅਰ ਫ੍ਰਾਇਰ ਮਿਸਿਜ਼ ਨਿਯੋਗੀ ਨੇ ਜਿੱਤਿਆ। ਦੂਜਾ ਪੁਰਸਕਾਰ ਫਿਲਿਪਸ ਗਾਰਮੈਂਟ ਆਇਰਨ ਫਲੈਟ ਨੰਬਰ H-1111 ਨਿਵਾਸੀ ਮਿਸਿਜ਼ ਰਿਤੂ ਦੇ ਨਾਂ ਰਿਹਾ, ਜਦਕਿ ਤੀਜਾ ਪੁਰਸਕਾਰ ਹੈਵਲਜ਼ ਨਿਊਟ੍ਰੀ ਬਲੈਂਡ ਫਲੈਟ ਨੰਬਰ F-904 ਨਿਵਾਸੀ ਮਿਸਿਜ਼ ਆਂਚਲ ਨੇ ਹਾਸਲ ਕੀਤਾ। ਜੇਤੂਆਂ ਨੂੰ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਰਿਹਾ।

ਸੰਜੀਵ ਖੰਨਾ ਬੋਲੇ—ਕੰਧਾਂ ਨਾਲ ਨਹੀਂ, ਦਿਲਾਂ ਨਾਲ ਬਣਦੀ ਹੈ ਸੋਸਾਇਟੀ

ਪ੍ਰੋਗਰਾਮ ਵਿੱਚ ਗੋਲਡਨ ਸੈਂਡ ਦੇ ਮਾਲਕ ਅਤੇ ਭਾਜਪਾ ਆਗੂ ਸੰਜੀਵ ਖੰਨਾ ਮੁੱਖ ਮਹਿਮਾਨ ਵਜੋਂ ਪਹੁੰਚੇ। ਉਹਨਾਂ ਕਿਹਾ ਕਿ ਵੱਡੀਆਂ ਇਮਾਰਤਾਂ ਅਤੇ ਸਹੂਲਤਾਂ ਕਿਸੇ ਸੋਸਾਇਟੀ ਦੀ ਪਛਾਣ ਹੋ ਸਕਦੀਆਂ ਹਨ, ਪਰ ਉਸ ਦੀ ਅਸਲੀ ਤਾਕਤ ਉੱਥੇ ਰਹਿਣ ਵਾਲੇ ਪਰਿਵਾਰਾਂ ਦਾ ਆਪਸੀ ਪਿਆਰ ਅਤੇ ਭਾਈਚਾਰਾ ਹੁੰਦਾ ਹੈ। ਅਜਿਹੇ ਆਯੋਜਨ ਨਵੀਂ ਪੀੜ੍ਹੀ ਨੂੰ ਆਪਣੀ ਸੱਭਿਆਚਾਰਕ ਵਿਰਾਸਤ ਨਾਲ ਜੋੜਦੇ ਹਨ।

ਆਯੋਜਨ ਨੂੰ ਸਫਲ ਬਣਾਉਣ 'ਚ ਇਹਨਾਂ ਦੀ ਰਹੀ ਅਹਿਮ ਭੂਮਿਕਾ

ਸੋਸਾਇਟੀ ਪ੍ਰਧਾਨ ਸ਼ਸ਼ੀ ਭੂਸ਼ਣ ਸ਼ਰਮਾ ਦੇ ਨਾਲ ਪ੍ਰਮੀਤ ਵਿਗ, ਸਾਹਿਲ ਮੰਗਕ, ਰੋਹਿਤ ਗਰਗ, ਸੰਜੇ ਬਿੰਦਲ, ਇੰਦੂ, ਸੁਖਜੀਤ ਅਟਵਾਲ, ਅਕਸ਼ਿਤਾ, ਨਵਜੋਤ, ਮੀਨਾਕਸ਼ੀ, ਸੁਮਿਤ ਬਾਘਲਾ, ਭੂਪੇਸ਼ ਅਤੇ ਨੀਰਸ ਡੋਗਰਾ ਸਮੇਤ ਹੋਰ ਨਿਵਾਸੀਆਂ ਨੇ ਸਰਗਰਮ ਭੂਮਿਕਾ ਨਿਭਾਈ।

ਫੈਸਟੀਵਲ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਕਿ ਤਿਉਹਾਰ ਦੀ ਅਸਲੀ ਖੁਸ਼ੀ ਮਹਿੰਗੇ ਤੋਹਫ਼ਿਆਂ ਵਿੱਚ ਨਹੀਂ, ਬਲਕਿ ਪਰਿਵਾਰਾਂ ਨਾਲ ਮਿਲ ਕੇ ਬਿਤਾਏ ਯਾਦਗਾਰ ਪਲਾਂ ਵਿੱਚ ਛੁਪੀ ਹੁੰਦੀ ਹੈ।

ਸੈਕਟਰ-4 ਵਿੱਚ ਮੁਫ਼ਤ ਅੱਖਾਂ ਦੀ ਜਾਂਚ ਅਤੇ ਸਲਾਹ ਕੈਂਪ ਲਗਾਇਆ, 100 ਤੋਂ ਵੱਧ ਲੋਕਾਂ ਨੇ ਲਿਆ ਲਾਭ

ਸਾਂਝੀ ਖ਼ਬਰ

ਮਾਹਿਰ ਡਾਕਟਰਾਂ ਨੇ ਕੀਤੀ ਅੱਖਾਂ ਦੀ ਜਾਂਚ, ਮਰੀਜ਼ਾਂ ਨੂੰ ਮੁਫ਼ਤ ਡਾਕਟਰੀ ਸਲਾਹ ਅਤੇ ਦਵਾਈਆਂ ਦਿੱਤੀਆਂ



ਸੁਖਵਿੰਦਰ ਸੋਹੀ
ਕਰਨਾਲ

ਰੈਜ਼ੀਡੈਂਟ ਵੈਲਫੇਅਰ ਐਸੋਸੀਏ-ਸ਼ਨ (RWA), ਸੈਕਟਰ-4 ਕਰਨਾਲ ਵੱਲੋਂ ਰਿਸ਼ੀ ਆਈ ਇੰਸਟੀਚਿਊਟ, ਕਰਨਾਲ ਦੇ ਸਹਿਯੋਗ ਨਾਲ ਮੁਫ਼ਤ ਅੱਖਾਂ ਦੀ ਜਾਂਚ ਅਤੇ ਡਾਕਟਰੀ ਸਲਾਹ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ 100 ਤੋਂ ਵੱਧ ਮਰੀਜ਼ਾਂ ਅਤੇ ਇਲਾਕਾ ਨਿਵਾਸੀਆਂ ਨੇ ਸ਼ਮੂਲੀਅਤ ਕਰਕੇ ਸਿਹਤ ਸੇਵਾਵਾਂ ਦਾ ਲਾਭ ਉਠਾਇਆ। ਇਸ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਨੇ ਲੋਕਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਅਤੇ ਲੋੜ ਅਨੁਸਾਰ ਮੁਫ਼ਤ ਡਾਕਟਰੀ ਸਲਾਹ ਦੇ ਨਾਲ ਦਵਾਈਆਂ ਵੀ ਮੁਹੱਈਆ ਕਰਵਾਈਆਂ।

ਪ੍ਰੋਗਰਾਮ ਵਿੱਚ ਵਾਰਡ ਨੰਬਰ-8 ਦੇ ਨਗਰ ਕੌਂਸਲਰ ਸੰਕਲਪ ਭੰਡਾਰੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਕੈਂਪ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਲੋਕ ਭਲਾਈ ਲਈ ਅਜਿਹੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਵਾਸਤੇ RWA ਦੇ ਪ੍ਰਧਾਨ ਅਤੇ ਸਮੁੱਚੀ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਇਸ ਮੌਕੇ RWA ਦੇ ਪ੍ਰਧਾਨ ਜੇ.ਕੇ. ਸ਼ਰਮਾ ਨੇ ਰਿਸ਼ੀ ਆਈ ਇੰਸਟੀਚਿਊਟ ਤੋਂ ਪਹੁੰਚੀ ਡਾਕਟਰੀ ਟੀਮ, ਮਹਿਮਾਨਾਂ ਅਤੇ ਕੈਂਪ ਵਿੱਚ ਸ਼ਾਮਲ ਹੋਏ ਸਾਰੇ ਲੋਕਾਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ ਵੀ ਕੀਤਾ।ਕੈਂਪ ਦੇ ਸੁਚਾਰੂ ਸੰਚਾਲਨ ਲਈ RWA ਸੈਕਟਰ-4 ਦੀ ਕਾਰਜਕਾਰਨੀ ਵੱਲੋਂ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਲੋਕਾਂ ਦੇ ਬੈਠਣ, ਰਜਿਸ-ਟ੍ਰੇਸ਼ਨ, ਜਲ-ਪਾਨ ਅਤੇ ਹੋਰ ਬੁਨਿਆਦੀ ਸਹੂਲਤਾਂ ਦਾ ਉਚਿਤ ਪ੍ਰਬੰਧ ਕੀਤਾ ਗਿਆ, ਤਾਂ ਜੋ ਕਿਸੇ ਨੂੰ ਵੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਮੌਕੇ ਜੈਪਾਲ ਚੌਹਾਨ, ਰਾਜਿੰਦਰ ਪੰਨੂ, ਰਣਧੀਰ ਸਿੰਘ ਗੋਇਤ, ਕੰਵਰਭਾਨ ਗੁਪਤਾ, ਵੀਰੇਂਦਰ ਸ਼ਰਮਾ, ਅਮਿਤ ਸ਼ਰਮਾ, ਅੰਕਿਤ ਸ਼ਰਮਾ, ਰਾਜਿੰਦਰ ਹੁੱਡਾ, ਰਣਵੀਰ ਸਿੰਘ, ਰਾਕੇਸ਼ ਅਰੋੜਾ, ਕੁਲਦੀਪ ਕੁਮਾਰ ਸ਼ਰਮਾ, ਰਵੀ ਵਤਸ, ਸੰਜੀਵ ਚੌਧਰੀ, ਸੁਨੀਲ ਗੁਪਤਾ, ਸ਼ਮਸ਼ੇਰ ਸਿੰਘ, ਪ੍ਰਦੀਪ ਲਾਠਰ, ਬੀਰਬਲ ਕੁਮਾਰ ਸਮੇਤ RWA ਦੇ ਹੋਰ ਕਾਰਜ-ਕਾਰਨੀ ਮੈਂਬਰ ਵੀ ਮੌਜੂਦ ਰਹੇ।

ਭਾਰਤ ਵਿਕਾਸ ਪ੍ਰੀਸ਼ਦ ਵਲੋਂ ਆਯੋਜਿਤ ਭਾਰਤ ਨੂੰ ਜਾਣੋ ਕੁਇਜ ਮੁਕਾਬਲੇ ਦੇ ਜੂਨੀਅਰ ਵਰਗ ਵਿਚ ਪਹਿਲਾ ਸਥਾਨ ਪ੍ਰਾਪਤ ਕੀਤਾ

ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ

1 ਨਵੰਬਰ, ਸਤਲੁਜ ਸੀਨੀਅਰ ਸੰਕੈਡੀ ਸਕੂਲ ਦੇ ਵਿਦਿਆਰਥੀਆਂ ਨੇ ਭਾਰਤ ਵਿਕਾਸ ਪ੍ਰੀਸ਼ਦ ਵਲੋਂ ਆਯੋਜਿਤ ਭਾਰਤ ਨੂੰ ਜਾਣੋ ਕੁਇਜ ਮੁਕਾਬਲੇ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਜੂਨੀਅਰ ਵਰਗ ਵਿਚ ਪਹਿਲਾ ਸਥਾਨ ਪ੍ਰਾਪਤ ਕੀਤਾ। ਮਾਰਕੰਡਾ ਨੈਸ਼ਨਨ ਕਾਲਜ ਵਿਖੇ ਹੋਏ ਇਸ ਅੰਤਰ ਸਕੂਲ ਮੁਕਾਬਲੇ ਵਿਚ ਸਤਲੁਜ ਸੀਨਅਰ ਸੰਕੈਡਰੀ ਸਕੂਲ ਦੇ ਅਠਵੀਂ ਜਮਾਤ ਦੇ ਵਿਦਿਆਰਥੀਆਂ



ਹਰਮੀਤ ਤੇ ਸਿਮਰਨ ਨੇ ਵੱਖ ਵੱਖ ਸੁਆਲਾਂ ਦੇ ਸਹੀ ਉੱਤਰ ਦੇ ਕੇ ਆਪਣੀ ਅਦਭੁਤ ਬੌਧਿਕ ਯੋਗਤਾ ,ਆਮ ਗਿਆਨ ਤੇ ਤੇਜ ਸੋਚ ਦਾ ਪ੍ਰਦਰਸ਼ਨ ਕੀਤਾ ਤੇ ਜੂਨੀਅਰ ਵਰਗ ਵਿਚ ਪਹਿਲੇ ਸਥਾਨ ਤੇ ਟਰਾਫੀ ਜਿੱਤੀ। ਸਕੂਲ ਦੇ ਪ੍ਰਿੰਸੀਪਲ ਡਾ ਆਰ ਐਸ ਘੁੰਮਣ ਨੇ ਜੇਤੂ ਵਿਦਿਆਰਕੀਆਂ ਨੂੰ ਉਨਾਂ ਦੀ ਇਸ ਸ਼ਾਨਦਾਰ ਪ੍ਰਾਪਤੀ ਤੇ ਵਧਾਈ ਦਿੱਤੀ ਤੇ ਸਨਮਾਨਿਤ ਕੀਤਾ। ਉਨਾਂ ਕਿਹਾ ਕਿ ਅਜੇਹੇ ਮੁਕਾਬਲਿਆਂ ਵਿਚ ਹਿੱਸਾ ਲੈਣਾ ਤੇ ਲਗਨ ਤੇ ਸਖਤ ਮਿਹਨਤ ਨਾਲ ਤਿਆਰੀ ਕਰਨ ਨਾਲ ਵਿਦਿਆਰਥੀਆਂ ਦਾ ਆਤਮ ਵਿਸ਼ਵਾਸ਼ ਵਧਦਾ ਹੈ ਤੇ ਉਨਾਂ ਦੀਆਂ ਬੌਧਿਕ ਯੋਗਤਾਵਾਂ ਦੇ ਸਰਵਪਖੱੀ ਵਿਕਾਸ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ। ਉਨਾਂ ਨੇ ਵਿਦਿਆਰਥੀਆਂ ਦੇ ਉਜਵੱਲ ਭਵਿੱਖ ਦੀ ਕਾਮਨਾ ਕਰਦੇ ਹੋਏ ਉਨਾਂ ਨੂੰ ਉਤਮੱਤਾ ਦੀ ਪ੍ਰਾਪਤੀ ਜਾਰੀ ਰਖੱਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਸਤਬੀਰ ਸਿੰਘ, ਹਿੰਦੀ ਅਧਿਆਪਕ ਦਿਨੇਸ਼ ਕੁਮਾਰ ਤੋਂ ਇਲਾਵਾ ਸਾਰਾ ਸਕੂਲ ਸਟਾਫ ਮੌਜੂਦ ਸੀ।

ਵਿਜ਼ਡਮ ਗਲੋਬਲ ਚੈਲੇਂਜ 2026 ਵਿੱਚ ਪੂਰਵੀ ਮਹਿਤਾ ਨੇ ਪੰਜਾਬ ਪੱਧਰ ’ਤੇ ਹਾਸਲ ਕੀਤਾ ਪਹਿਲਾ ਸਥਾਨ

(ਅਸ਼ਵਨੀ ਸ਼ਰਮਾ):
ਜੰਡਿਆਲਾ ਗੁਰੂ, 1 ਨਵੰਬਰ

ਰਿਆਨ ਇੰਟਰਨੈਸ਼ਨਲ ਸਕੂਲ, ਅੰਮ੍ਰਿਤਸਰ ਦੀ ਛੇਵੀਂ ਜਮਾਤ ਦੀ ਵਿਦਿਆਰਥਣ ਪੂਰਵੀ ਮਹਿਤਾ ਨੇ ਵਿਜ਼ਡਮ ਗਲੋਬਲ ਚੈਲੇਂਜ 2026 ਵਿੱਚ ਪੰਜਾਬ ਪੱਧਰ ’ਤੇ ਪਹਿਲਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਪੂਰਵੀ ਮਹਿਤਾ ਪੁੱਤਰੀ ਹੀਰਾ ਲਾਲ ਮਹਿਤਾ, ਨਾਨਕ ਬਰਤਨ ਵਾਲੇ, ਜੰਡਿਆਲਾ ਗੁਰੂ ਦੀ ਇਸ ਪ੍ਰਾਪਤੀ ’ਤੇ ਪਰਿਵਾਰ ਵਿੱਚ ਖੁਸ਼ੀ ਦੀ ਲਹਿਰ ਹੈ।

ਇਸ ਮੌਕੇ ਪੂਰਵੀ ਦੇ ਪਿਤਾ



ਹੀਰਾ ਲਾਲ ਮਹਿਤਾ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੀ ਬੇਟੀ ਦੀ ਇਸ ਪ੍ਰਾਪਤੀ ’ਤੇ ਮਾਣ ਹੈ ਕਿ ਉਸ ਨੇ ਛੋਟੀ ਉਮਰ ਵਿੱਚ ਹੀ ਪੰਜਾਬ ਪੱਧਰ ਦੇ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ।

ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਕੰਚਨ ਮਲਹੋਤਰਾ ਨੇ ਪੂਰਵੀ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਦਿਲੋਂ ਵਧਾਈ ਦਿੱਤੀ। ਉਨ੍ਹਾਂ ਨੇ ਪੂਰਵੀ ਦੀ ਮਿਹਨਤ, ਲਗਨ ਅਤੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਪੂਰਵੀ ਨੇ ਆਪਣੀ ਕਾਬਲੀਅਤ, ਗਿਆਨ ਅਤੇ ਸਮਰਪਣ ਸਦਕਾ ਇਹ ਮੁਕਾਮ ਹਾਸਲ ਕੀਤਾ ਹੈ।

ਸਵ. ਬਿਮਲਾ ਦੇਵੀ ਵਢੇਰਾ ਦੀ ਯਾਦ ਵਿੱਚ ਵਿਸ਼ਾਲ ਮੁਫ਼ਤ ਅੱਖਾਂ ਅਤੇ ਦੰਦਾਂ ਦਾ ਜਾਂਚ ਕੈਂਪ ਲਗਾਇਆ, ਵੱਡੀ ਗਿਣਤੀ ਵਿੱਚ ਲੋਕਾਂ ਨੇ ਲਿਆ ਲਾਭ

ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵਿਸ਼ੇਸ਼ ਤੌਰ 'ਤੇ ਕੀਤੀ ਸ਼ਿਰਕਤ, ਸਮਾਜ ਸੇਵੀ ਸੰਸਥਾਵਾਂ ਦੇ ਉਪਰਾਲਿਆਂ ਦੀ ਕੀਤੀ ਸ਼ਲਾਘਾ*

ਹਿਊਮਨ ਵੈਲਫੇਅਰ ਬਲੱਡ ਡੋਨਰਜ਼ ਐਸੋਸੀਏਸ਼ਨ ਅਤੇ ਸ਼ਹਿਰ ਦੀਆਂ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦੇ ਸਹਿਯੋਗ ਨਾਲ ਲੋੜਵੰਦਾਂ ਨੂੰ ਮਿਲੀਆਂ ਸਿਹਤ ਸੇਵਾਵਾਂ

ਚੇਅਰਮੈਨ ਰਮਨਜੀਤ ਸਿੰਘ ਸੌਂਦ ਨੇ ਪਤਵੰਤਿਆਂ ਦੇ ਨਾਲ ਕੈਬਨਿਟ ਮੰਤਰੀ ਦਾ ਕੀਤਾ ਸਨਮਾਨ

ਜਸਵੀਰ ਸਿੰਘ ਮਣਕੂ
ਖੰਨਾ, 1 ਨਵੰਬਰ:

ਹਿਊਮਨ ਵੈਲਫੇਅਰ ਬਲੱਡ ਡੋਨਰਜ਼ ਐਸੋਸੀਏਸ਼ਨ ਰਜਿ. ਖੰਨਾ ਵੱਲੋਂ ਸਵਰਗੀ ਸ਼੍ਰੀਮਤੀ ਬਿਮਲਾ ਦੇਵੀ ਵਢੇਰਾ ਜੀ ਦੀ ਯਾਦ ਨੂੰ ਸਮਰਪਿਤ ਵਿਸ਼ਾਲ ਮੁਫ਼ਤ ਅੱਖਾਂ ਅਤੇ ਦੰਦਾਂ ਦਾ ਜਾਂਚ ਕੈਂਪ ਸਥਾਨਕ ਏ.ਐੱਸ. ਸੀਨੀਅਰ ਸੈਕੰਡਰੀ ਸਕੂਲ, ਜੀ.ਟੀ. ਰੋਡ, ਜਰਗ ਚੌਕ ਖੰਨਾ ਵਿਖੇ ਲਗਾਇਆ ਗਿਆ। ਇਹ ਕੈਂਪ ਵਢੇਰਾ ਪਰਿਵਾਰ ਪਟਿਆਲਾ ਦੇ ਸਹਿਯੋਗ ਅਤੇ ਸ਼ੰਕਰਾ ਆਈ ਹਸਪਤਾਲ, ਲੁਧਿਆਣਾ ਦੀ ਮੈਡੀਕਲ ਟੀਮ ਅਤੇ ਸ਼ਹਿਰ ਦੀਆਂ ਵੱਖ-ਵੱਖ ਸਮਾਜਿਕ



ਤੇ ਧਾਰਮਿਕ ਸੰਸਥਾਵਾਂ ਦੇ ਸਾਂਝੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਕੈਂਪ ਵਿੱਚ ਵੱਡੀ ਗਿਣਤੀ ਵਿੱਚ ਬਜ਼ੁਰਗਾਂ, ਲੋੜਵੰਦਾਂ ਅਤੇ ਸ਼ਹਿਰ ਵਾਸੀਆਂ ਨੇ ਪਹੁੰਚ ਕੇ ਮੁਫ਼ਤ ਸਿਹਤ ਸੇਵਾਵਾਂ ਦਾ ਲਾਭ ਉਠਾਇਆ।

ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਵਿਧਾਨ ਸਭਾ ਹਲਕਾ ਖੰਨਾ ਦੇ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਸਮੇਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਕੈਂਪ ਵਿੱਚ ਪਹੁੰਚਣ 'ਤੇ ਮੰਤਰੀ ਸੌਂਦ ਦਾ ਹਿਊਮਨ ਵੈਲਫੇਅਰ ਬਲੱਡ ਡੋਨਰਜ਼ ਐਸੋਸੀਏਸ਼ਨ ਖੰਨਾ ਦੇ ਚੇਅਰਮੈਨ ਰਮਨਜੀਤ ਸਿੰਘ ਸੌਂਦ ਨੇ ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦੇ ਪਤਵੰਤਿਆਂ ਨਾਲ ਮਿਲ ਕੇ ਸਨਮਾਨ ਕੀਤਾ।

ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਲੋਕਾਂ ਦੀਆਂ ਅੱਖਾਂ ਅਤੇ ਦੰਦਾਂ ਦੀ ਮੁਫ਼ਤ ਜਾਂਚ ਕੀਤੀ ਗਈ। ਖ਼ਾਸ ਕਰਕੇ ਬਜ਼ੁਰਗਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਅਜਿਹੇ ਸਿਹਤ ਕੈਂਪ ਉਨ੍ਹਾਂ ਲੋਕਾਂ ਲਈ ਬੇਹੱਦ ਲਾਹੇਵੰਦ ਸਾਬਤ ਹੁੰਦੇ ਹਨ, ਜੋ ਆਰਥਿਕ ਕਾਰਨਾਂ ਜਾਂ ਸਮੇਂ ਦੀ ਘਾਟ ਕਾਰਨ ਆਪਣੀ ਸਿਹਤ ਦੀ ਨਿਯਮਿਤ ਜਾਂਚ ਨਹੀਂ ਕਰਵਾ ਸਕਦੇ।

ਇਸ ਮੌਕੇ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਨੇ ਐਸੋਸੀ-ਏਸ਼ਨ ਅਤੇ ਸਹਿਯੋਗੀ ਸੰਸਥਾਵਾਂ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲੋੜਵੰਦ ਲੋਕਾਂ ਤੱਕ ਸਿਹਤ ਸਹੂਲਤਾਂ ਪਹੁੰਚਾਉਣਾ ਸਮਾਜ ਦੀ ਇੱਕ ਵੱਡੀ ਸੇਵਾ ਹੈ। ਸਮਾਜ ਸੇਵੀ ਸੰਸਥਾਵਾਂ ਜਿਸ ਸਮਰਪਣ ਅਤੇ ਸੇਵਾ ਭਾਵਨਾ ਨਾਲ ਲੋਕ ਭਲਾਈ ਦੇ ਕੰਮ ਕਰ ਰਹੀਆਂ ਹਨ, ਉਹ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਤੋਂ ਵੱਡਾ ਕੋਈ ਹੋਰ ਧਰਮ ਨਹੀਂ ਹੈ। ਲੋੜਵੰਦਾਂ ਦੀ ਮਦਦ ਕਰਨਾ ਅਤੇ ਸਮਾਜ ਦੇ ਕਮਜ਼ੋਰ ਵਰਗ ਦੀ ਸਿਹਤ ਦਾ ਧਿਆਨ ਰੱਖਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਚੇਅਰਮੈਨ ਰਮਨਜੀਤ ਸਿੰਘ ਸੌਂਦ ਨੇ ਕਿਹਾ ਕਿ ਹਿਊਮਨ ਵੈਲਫੇਅਰ ਬਲੱਡ ਡੋਨਰਜ਼ ਐਸੋਸੀਏਸ਼ਨ ਹਮੇਸ਼ਾ ਹੀ ਸਮਾਜ ਸੇਵਾ ਦੇ ਕੰਮਾਂ ਵਿੱਚ ਮੋਹਰੀ ਭੂਮਿਕਾ ਨਿਭਾਉਂਦੀ ਆ ਰਹੀ ਹੈ। ਸੰਸਥਾ ਦਾ ਮੁੱਖ ਉਦੇਸ਼ ਲੋੜਵੰਦ ਲੋਕਾਂ ਦੀ ਸਹਾਇਤਾ ਕਰਨਾ ਅਤੇ ਸਿਹਤ ਸਹੂਲਤਾਂ ਆਮ ਲੋਕਾਂ ਤੱਕ ਪਹੁੰਚਾਉਣਾ ਹੈ। ਉਨ੍ਹਾਂ ਵਢੇਰਾ ਪਰਿਵਾਰ ਪਟਿਆਲਾ, ਸ਼ੰਕਰਾ ਆਈ ਹਸਪਤਾਲ ਲੁਧਿਆਣਾ, ਸ਼ਹਿਰ ਦੀਆਂ ਸਾਰੀਆਂ ਸਹਿਯੋਗੀ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ, ਡਾਕਟਰਾਂ ਦੀ ਟੀਮ ਅਤੇ ਕੈਂਪ ਵਿੱਚ ਪਹੁੰਚੇ ਲੋਕਾਂ ਦਾ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਸਵਰਗੀ ਸ਼੍ਰੀਮਤੀ ਬਿਮਲਾ ਦੇਵੀ ਵਢੇਰਾ ਜੀ ਦੀ ਯਾਦ ਵਿੱਚ ਲਗਾਇਆ ਗਿਆ ਇਹ ਕੈਂਪ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੈ। ਕਿਸੇ ਲੋੜਵੰਦ ਦੀ ਮਦਦ ਕਰਨਾ ਅਤੇ ਕਿਸੇ ਵਿਅਕਤੀ ਨੂੰ ਬਿਹਤਰ ਸਿਹਤ ਸਹੂਲਤ ਮੁਹੱਈਆ ਕਰਵਾਉਣਾ ਹੀ ਅਜਿਹੀਆਂ ਮਹਾਨ ਰੂਹਾਂ ਨੂੰ ਸੱਚੀ ਸ਼ਰਧਾਂਜਲੀ ਦੇਣ ਦਾ ਸਭ ਤੋਂ ਵਧੀਆ ਮਾਧਿਅਮ ਹੈ। ਇਸ ਮੌਕੇ ਸ਼ਹਿਰ ਦੀਆਂ ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦੇ ਨੁਮਾਇੰਦੇ, ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ, ਐਸੋਸੀਏਸ਼ਨ ਦੇ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

ਹਲਕਾ ਜੰਡਿਆਲਾ ਗੁਰੂ ਦੇ ਪਿੰਡ ਛਾਪਾ ਰਾਮ ਸਿੰਘ ਤੋਂ 84ਵੀਂ ਤੀਰਥ ਯਾਤਰਾ ਬੱਸ ਸੰਗਤ ਨੂੰ ਲੈ ਕੇ ਰਵਾਨਾ

ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਕਰਵਾਏ ਜਾਣਗੇ ਦਰਸ਼ਨ

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੀ ਸੰਗਤ ਨੂੰ ਮਿਲ ਰਿਹਾ ਭਰਪੂਰ ਫਾਇਦਾ - ਹਰਭਜਨ ਸਿੰਘ ਈ.ਟੀ.ਓ

(ਅਸ਼ਵਨੀ ਸ਼ਰਮਾਂ)
ਜੰਡਿਆਲਾ ਗੁਰੂ,1 ਨਵੰਬਰ

ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਛਾਪਾ ਰਾਮ ਸਿੰਘ ਤੋਂ ਹਲਕੇ ਦੀ 84ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।



ਇਸ ਬੱਸ ਰਾਹੀਂ ਸੰਗਤ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਦਰਸ਼ਨ ਕਰੇਗੀ।

ਸੰਗਤ ਨੂੰ ਰਵਾਨਾ ਕਰਨ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਜਾ ਰਹੀ ਹੈ, ਜਿਸ ਤਹਿਤ ਸੂਬਾ ਵਾਸੀਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਇਹ ਯਾਤਰਾ ਪੂਰੀ ਤਰ੍ਹਾਂ ਮੁਫ਼ਤ ਹੈ। ਯਾਤਰੀਆਂ ਨੂੰ ਧਾਰਮਿਕ ਸਥਾਨਾਂ ਤੱਕ ਲਿਜਾਣ ਅਤੇ ਵਾਪਸ ਲਿਆਉਣ ਤੋਂ ਇਲਾਵਾ ਯਾਤਰਾ ਦੌਰਾਨ ਰਹਿਣ-ਸਹਿਣ ਸਮੇਤ ਲੋੜੀਂਦੇ ਪ੍ਰਬੰਧ ਵੀ ਸੂਬਾ ਸਰਕਾਰ ਵੱਲੋਂ ਕੀਤੇ ਜਾਂਦੇ ਹਨ, ਤਾਂ ਜੋ ਹਰ ਵਰਗ ਦੇ ਲੋਕ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਧਾਰਮਿਕ ਆਸਥਾ ਅਨੁਸਾਰ ਤੀਰਥ ਅਸਥਾਨਾਂ ਦੇ ਦਰਸ਼ਨ ਕਰ ਸਕਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਵਿਧਾਨ ਸਭਾ ਹਲਕਾ ਜਡਿਆਲਾ ਗੁਰੂ ਦੀ ਸੰਗਤ ਨੂੰ ਭਰਪੂਰ ਲਾਭ ਮਿਲ ਰਿਹਾ ਹੈ ਅਤੇ ਅੱਜ ਹਲਕੇ ਵਿੱਚੋਂ 84ਵੀਂ ਤੀਰਥ ਯਾਤਰਾ ਬੱਸ ਰਵਾਨਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੂਬਾ ਵਾਸੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।

ਤੀਰਥ ਯਾਤਰਾ ਕਰਨ ਵਾਲੇ ਯਾਤਰੂਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਹੈ ਅਤੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਸਰਪੰਚ ਰੋਬਿਨ ਸਿੰਘ ਹੋਰ ਮੈਂਬਰ ਪੰਚਾਇਤ ਅਤੇ ਮੁਹਤਬਰ ਹਜ਼ਾਰ ਸਨ।

ਪੰਜਾਬ ਦੀ ਬਦਤਰ ਹੋ ਰਹੀ ਸਥਿਤੀ ਲਈ ਸਰਕਾਰ ਦੀਆਂ ਨੀਤੀਆਂ ਜ਼ਿੰਮੇਵਾਰ: ਬੇਗਮਪੁਰਾ ਟਾਈਗਰ ਫੋਰਸ

ਨੌਜਵਾਨ ਪੀੜ੍ਹੀ ਆਪਣੇ ਹੀ ਸੂਬੇ ਵਿੱਚ ਰੁਜ਼ਗਾਰ ਦੇ ਢੁਕਵੇਂ ਮੌਕੇ ਨਾ ਮਿਲਣ ਕਾਰਨ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਹੋ ਰਹੀ ਹੈ।; ਹੈਪੀ ਫ਼ਤਿਹਗੜ੍ਹ, ਬੰਟੀ ਹਰਿਆਣਾ

ਹੁਸ਼ਿਆਰਪੁਰ, 1 ਨਵੰਬਰ
(ਤਰਸੇਮ ਦੀਵਾਨਾ)

ਬੇਗਮਪੁਰਾ ਟਾਈਗਰ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਫੋਰਸ ਦੇ ਜਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ, ਬਲਾਕ ਪ੍ਰਧਾਨ ਬੰਟੀ ਹਰਿਆਣਾ ਅਤੇ ਸੰਦੀਪ ਦੀਪੂ ਨੇ ਪੰਜਾਬ ਦੀ ਮੌਜੂਦਾ ਸਥਿਤੀ ਨੂੰ ਲੈ ਕੇ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ’ਤੇ ਗੰਭੀਰ ਸਵਾਲ ਉਠਾਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਦੀ ਉਮੀਦ ਨਾਲ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਪਰ ਅੱਜ ਸੂਬੇ ਦੇ ਹਾਲਾਤ ਕਈ ਪੱਖਾਂ ਤੋਂ ਚਿੰਤਾਜਨਕ ਬਣੇ ਹੋਏ ਹਨ। ਲੋਕਾਂ ਨੂੰ ਕੀਤੇ ਵਾਅਦਿਆਂ ਅਤੇ ਜ਼ਮੀਨੀ ਹਕੀਕਤ ਵਿਚਕਾਰ ਵੱਡਾ ਅੰਤਰ ਦਿਖਾਈ ਦੇ ਰਿਹਾ ਹੈ।



ਉਨ੍ਹਾਂ ਕਿਹਾ ਕਿ ਪੰਜਾਬ ਸਿਰ ਲਗਾਤਾਰ ਵਧ ਰਿਹਾ ਕਰਜ਼ਾ, ਨੌਜਵਾਨਾਂ ਵਿੱਚ ਬੇਰੁਜ਼ਗਾਰੀ, ਨਸ਼ਿਆਂ ਦਾ ਵਧਦਾ ਪ੍ਰਭਾਵ ਅਤੇ ਅਪਰਾਧਿਕ ਵਾਰਦਾਤਾਂ ਲੋਕਾਂ ਦੀ ਚਿੰਤਾ ਦਾ ਵਿਸ਼ਾ ਬਣੀਆਂ ਹੋਈਆਂ ਹਨ। ਨੌਜਵਾਨ ਪੀੜ੍ਹੀ ਆਪਣੇ ਹੀ ਸੂਬੇ ਵਿੱਚ ਰੁਜ਼ਗਾਰ ਦੇ ਢੁੱਕਵੇਂ ਮੌਕੇ ਨਾ ਮਿਲਣ ਕਾਰਨ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਹੋ ਰਹੀ ਹੈ। ਇਹ ਸਥਿਤੀ ਪੰਜਾਬ ਦੀ ਆਰਥਿਕਤਾ ਅਤੇ ਸਮਾਜਿਕ ਢਾਂਚੇ ਲਈ ਵੱਡੀ ਚੁਣੌਤੀ ਹੈ।

ਹੈਪੀ ਫਤਿਹਗੜ੍ਹ ਅਤੇ ਬੰਟੀ ਹਰਿਆਣਾ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਦੇ ਵੱਡੇ-ਵੱਡੇ ਦਾਅਵਿਆਂ ਦੇ ਬਾਵਜੂਦ ਨਸ਼ੇ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਹੋਰ ਪ੍ਰਭਾਵਸ਼ਾਲੀ ਅਤੇ ਨਤੀਜਾ ਮੁਖੀ ਕਾਰਵਾਈ ਦੀ ਲੋੜ ਹੈ।ਉਹਨਾਂ ਕਿਹਾ ਕਿ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਤੋੜਨ ਦੇ ਨਾਲ-ਨਾਲ ਨਸ਼ੇ ਦੀ ਲਪੇਟ ਵਿੱਚ ਆਏ ਨੌਜਵਾਨਾਂ ਦੇ ਇਲਾਜ ਅਤੇ ਮੁੜ ਵਸੇਬੇ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਮੁੱਢਲੀ ਜ਼ਿੰਮੇਵਾਰੀ ਹੈ।ਉਨ੍ਹਾਂ ਖੇਤੀਬਾੜੀ ਦੇ ਸੰਕਟ ਬਾਰੇ ਕਿਹਾ ਕਿ ਪੰਜਾਬ ਦੀ ਕਿਸਾਨੀ ਲਗਾਤਾਰ ਆਰਥਿਕ ਅਤੇ ਵਾਤਾਵ-ਰਣਕ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ। ਧਰਤੀ ਹੇਠਲੇ ਪਾਣੀ ਦਾ ਡਿੱਗਦਾ ਪੱਧਰ, ਖੇਤੀ ਲਾਗਤਾਂ ਵਿੱਚ ਵਾਧਾ ਅਤੇ ਫ਼ਸਲੀ ਵਿਭਿੰਨਤਾ ਦੀ ਘਾਟ ਭਵਿੱਖ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਸਰਕਾਰ ਨੂੰ ਕਿਸਾਨਾਂ ਦੀ ਆਰਥਿਕ ਹਾਲਤ ਸੁਧਾਰਨ, ਖੇਤੀ ਨੂੰ ਲਾਹੇਵੰਦ ਬਣਾਉਣ ਅਤੇ ਪਾਣੀ ਦੀ ਸੰਭਾਲ ਲਈ ਵਿਹਾਰਕ ਯੋਜਨਾਵਾਂ ਲਾਗੂ ਕਰਨੀਆਂ ਚਾਹੀਦੀਆਂ ਹਨ। ਫੋਰਸ ਦੇ ਆਗੂਆਂ ਨੇ ਕਿਹਾ ਕਿ ਸਿਰਫ਼ ਇਸ਼ਤਿਹਾਰਾਂ, ਬਿਆਨਬਾਜ਼ੀ ਅਤੇ ਲੋਕ-ਲੁਭਾਊ ਐਲਾਨਾਂ ਨਾਲ ਸੂਬੇ ਦਾ ਵਿਕਾਸ ਨਹੀਂ ਹੋ ਸਕਦਾ। ਪੰਜਾਬ ਨੂੰ ਨਵੇਂ ਉਦਯੋਗਾਂ, ਰੁਜ਼ਗਾਰ ਦੇ ਮੌਕਿਆਂ, ਮਜ਼ਬੂਤ ਸਿਹਤ ਅਤੇ ਸਿੱਖਿਆ ਪ੍ਰਬੰਧਾਂ ਅਤੇ ਸੁਰੱਖਿਅਤ ਸਮਾਜਿਕ ਮਾਹੌਲ ਦੀ ਲੋੜ ਹੈ। ਸਰਕਾਰ ਨੂੰ ਆਪਣੇ ਹਰ ਐਲਾਨ ਅਤੇ ਵਾਅਦੇ ਸਬੰਧੀ ਲੋਕਾਂ ਸਾਹਮਣੇ ਸਪੱਸ਼ਟ ਜਵਾਬਦੇਹੀ ਪੇਸ਼ ਕਰਨੀ ਚਾਹੀਦੀ ਹੈ। ਅੰਤ ਵਿੱਚ ਹੈਪੀ ਫਤਿਹਗੜ੍ਹ ਅਤੇ ਬੰਟੀ ਹਰਿਆਣਾ ਨੇ ਕਿਹਾ ਕਿ ਪੰਜਾਬ ਕਿਸੇ ਇੱਕ ਪਾਰਟੀ ਜਾਂ ਸਰਕਾਰ ਦੀ ਜਾਇਦਾਦ ਨਹੀਂ, ਸਗੋਂ ਇੱਥੋਂ ਦੇ ਲੋਕਾਂ ਦੀ ਸਾਂਝੀ ਵਿਰਾਸਤ ਹੈ। ਇਸ ਲਈ ਸਰਕਾਰ ਨੂੰ ਰਾਜਨੀਤਿਕ ਹਿੱਤਾਂ ਤੋਂ ਉੱਪਰ ਉੱਠ ਕੇ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਦਾ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਲੋਕ-ਹਿੱਤਾਂ ਨਾਲ ਜੁੜੇ ਮੁੱਦਿਆਂ ’ਤੇ ਆਪਣੀ ਆਵਾਜ਼ ਬੁਲੰਦ ਕਰਦੀ ਰਹੇਗੀ ਅਤੇ ਪੰਜਾਬ ਦੇ ਲੋਕਾਂ ਨੂੰ ਇਨਸਾਫ਼, ਸੁਰੱਖਿਆ ਅਤੇ ਵਿਕਾਸ ਦਿਵਾਉਣ ਲਈ ਆਪਣੀ ਭੂਮਿਕਾ ਨਿਭਾਉਂਦੀ ਰਹੇਗੀ।

ਮਾਰਕੰਡਾ ਨੈਸ਼ਨਲ ਕਾਲਜ ਦੇ ਪ੍ਰਿੰਸੀਪਲ ਡਾ ਅਸ਼ੋਕ ਕੁਮਾਰ 38 ਸਾਲਾਂ ਦੀ ਸ਼ਾਨਦਾਰ ਅਕਾਦਮਿਕ ਸੇਵਾ ਤੋਂ ਬਾਅਦ ਸੇਵਾ ਮੁਕਤ ਹੋਏ

ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ 1 ਨਵੰਬਰ

ਮਾਰਕੰਡਾ ਨੈਸ਼ਨਲ ਕਾਲਜ ਦੇ ਪ੍ਰਿੰਸੀਪਲ ਡਾ ਅਸ਼ੋਕ ਕੁਮਾਰ ਅੱਜ ਲੱਗਭਗ 38 ਸਾਲਾਂ ਦੀ ਸ਼ਾਨਦਾਰ ਅਕਾਦਮਿਕ ਤੇ ਪ੍ਰਸ਼ਾਸ਼ਕੀ ਸੇਵਾ ਤੋਂ ਬਾਅਦ ਸੇਵਾ ਮੁਕਤ ਹੋ ਗਏ ਹਨ। ਇਸ ਮੌਕੇ ਤੇ ਕਾਲਜ ਪ੍ਰਬੰਧਨ ਕਮੇਟੀ ਵਲੋਂ ਇਕ ਸਨਮਾਨ ਸਮਾਰੋਹ ਦਾ ਆਯੋਜਨ ਕਰ ਉਨਾਂ ਦੀ ਸਫਲ ਸੇਵਾ ਤੇ ਸੰਸਥਾਗਤ ਵਿਕਾਸ ਵਿਚ ਯੋਗਦਾਨ ਲਈ ਉਨਾਂ ਨੂੰ ਸਨਮਾਨਿਤ ਕੀਤਾ ਗਿਆ। ਡਾ ਅਸ਼ੋਕ ਕੁਮਾਰ ਤੇ ਉਨਾਂ ਦੇ ਪਰਿਵਾਰਕ ਮੈਂਬਰ,ਕਾਲਜ ਸਟਾਫ ਤੇ ਗੈਰ ਅਧਿਆਪਨ ਸਟਾਫ ਦੇ ਮੈਂਬਰ ਸ਼ਾਮਲ ਹੋਏ। ਉਨਾਂ ਨੇ ਆਪਣੇ ਲੰਬੇ ਅਕਾਦਮਿਕ ਸਫਰ ਦੇ ਤਜਰਬੇ ਤੇ ਯਾਦਾਂ ਉਨਾਂ ਨਾਲ ਸਾਂਝੀਆਂ ਕੀਤੀਆਂ। ਡਾ ਅਸ਼ੋਕ ਕੁਮਾਰ ਨੇ ਉੱਚ ਸਿੱਖਿਆ ਦੇ ਖੇਤਰ ਵਿਚ ਇਕ ਸਮਰਪਿਤ



ਅਧਿਆਪਕ, ਉੱਘੇ ਸਿੱਖਿਆ ਸ਼ਾਸ਼ਤਰੀ, ਨਿਪੁੰਨ ਪ੍ਰਸ਼ਾਸ਼ਕ, ਖੋਜਕਰਤਾ, ਸਭਿਆਚਾਰਕ ਗਤੀਵਿਧੀਆਂਦੇ ਸ੍ਰਪ੍ਰਸਤ, ਖੇਡਾਂ ਦੇ ਮਜਬੂਤ ਸਮਰਥਕ ਤੇ ਪਰਉਪ-ਕਾਰੀ ਵਜੋਂ ਇਕ ਵਿਲੱਖਣ ਪਛਾਣ ਸਥਾਪਿਤ ਕੀਤੀ। ਲੱਗ ਭਗ 15 ਸਾਲਾਂ ਤਕ ਵੱਖ ਵੱਖ ਕਾਲਜਾਂ ਦੇ ਪ੍ਰਿੰਸੀਪਲ ਦੀ ਸੇਵਾ ਨਿਭਾਉਣ ਤੋਂ ਬਾਅਦ ਉਨਾਂ ਨੇ ਮਾਰਕੰਡਾ ਨੈਸ਼ਨ ਕਾਲਜ ਵਿਚ 11ਸਾਲਾਂ ਦਾ ਕਾਰਜਕਾਲ ਸੰਸਥਾਗਤ ਤਰੱਕੀ,ਅਕਾਦਮਿਕ ਗੁਣਵੱਤਾ, ਪ੍ਰਬੰਧਕੀ ਕੁਸ਼ਲਤਾ,ਅਨੁਸ਼ਾਸ਼ਨ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਿਸ਼ੇਸ਼ ਤੌਰ ਤੇ ਮਹੱਤਵਪੂਰਨ ਰਿਹਾ। 16ਮਈ 2015 ਨੂੰ ਉਨਾਂ ਨੇ ਮਾਰਕੰਡਾ ਨੈਸ਼ਨਲ ਕਾਲਜ ਦੇ ਪ੍ਰਿੰਸੀਪਲ ਦਾ ਆਹੁਦਾ ਸੰਭਾਲਿਆ ਸੀ। ਇਸ ਸੰਸਥਾ ਵਿਚ ਉਨਾਂ ਨੇ ਅਕਾਦਮਿਕ ਗੁਣਵੱਤਾ, ਪ੍ਰਬੰਧਕੀ ਤਾਲਮੇਲ,ਅਨੁਸ਼ਾਸ਼ਨ, ਖੋਜ ਗਤੀ ਵਿਧੀਆਂ,ਖੇਡਾਂ,ਸਭਿਆਚਾਰਕ ਪ੍ਰੋਗਰਾਮਾਂ ਤੇ ਵਿਦਿਆਰਥੀ ਸ਼ਖਸ਼ੀਅਤ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ।

ਅੱਜ ਹੋਏ ਸੇਵਾਮੁਕਤੀ ਸਮਾਰੋਹ ਵਿਚ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਯਸ਼ਪਾਲ ਵਧਵਾ, ਵਾਈਸ ਚੇਅਰਮੈਨ ਓਮ ਪ੍ਰਕਾਸ਼ ਗੁਲਿਆਨੀ ਜਨਰਲ ਸਕੱਤਰ ਪ੍ਰੇਮ ਨਾਥ ਗੰਭੀਰ ਆਦਿ ਨੇ ਡਾ ਅਸ਼ੋਕ ਕੁਮਾਰ ਦੀ ਲੱਗਭਗ 38 ਸਾਲਾਂ ਦੀ ਅਕਾਦਮਿਕ ਸੇਵਾ ਤੇ ਮਾਰਕੰਡਾ ਨੈਸ਼ਨਲ ਕਾਲਜ ਦੇ ਵਿਕਾਸ ਵਿਚ ਉਨਾਂ ਦੇ ਯੋਗਦਾਨ ਦੀ ਪ੍ਰਸ਼ੰਸ਼ਾ ਕੀਤੀ। ਪ੍ਰਬੰਧਕ ਕਮੇਟੀ ਵਲੋਂ ਉਨਾਂ ਨੂੰ ਯਾਦਗਾਰੀ ਚਿੰਨ,ਸ਼ਾਲ ਤੇ ਹੋਰ ਤੋਹਫੇ ਦੇ ਕੇ ਸਨਮਾਨਿਤ ਕੀਤਾ। ਉਨਾਂ ਨੇ ਡਾ ਅਸ਼ੋਕ ਕੁਮਾਰ ਦੇ ਸਿਹਤਮੰਦ, ਖੁਸ਼,ਸਰਗਰਮ ਤੇ ਉਜਵੱਲ ਭਵਿੱਖ ਦੀ ਕਾਮਨਾ ਕੀਤੀ। ਡਾ ਅਸ਼ੋਕ ਕੁਮਾਰ ਨੇ ਆਪਣੇ ਪਰਿਵਾਰਕ ਮੈਂਬਰਾ ਸਣੇ ਫੈਕਲਟੀ ਤੇ ਗੈਰ ਅਧਿਆਪਨ ਸਟਾਫ ਨਾਲ ਆਪਣੇ ਤਜਰਬੇ ਤੇ ਯਾਦਾਂ ਸਾਂਝੀਆਂ ਕੀਤੀਆਂ। ਉਨਾਂ ਨੇ ਆਪਣੇ ਸੇਵਾ ਮੁਕਤੀ ਮੌਕੇ ਕਾਲਜ ਵਿਚ ਇਕ ਪੌਦਾ ਵੀ ਲਾਇਆ।

ਗੋਲਡਨ ਮੋਮੈਂਟ ਵਿੱਚ ਐਡਵੋਕੇਟ ਅਰਵਿੰਦ ਕੁਮਾਰ ਮਾਨ ਦਾ ਜਨਮਦਿਨ ਮਨਾਇਆ, ਪੱਤਰਕਾਰਾਂ ਨੇ ਦਿੱਤੀਆਂ ਸ਼ੁਭਕਾਮਨਾਵਾਂ

ਸੁਖਵਿੰਦਰ ਸੋਹੀ
ਕਰਨਾਲ , 1 ਨਵੰਬਰ

ਐਡਵੋਕੇਟ ਅਰਵਿੰਦ ਕੁਮਾਰ ਮਾਨ ਦਾ ਜਨਮਦਿਨ ਗੋਲਡਨ ਮੋਮੈਂਟ ਹੋਟਲ ਵਿੱਚ ਖੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪੱਤਰਕਾਰ ਭਾਈਚਾਰੇ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਜਨਮਦਿਨ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਉਨ੍ਹਾਂ ਦੀ ਚੰਗੀ ਸਿਹਤ, ਲੰਬੀ ਉਮਰ ਤੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ। ਜਨਮਦਿਨ ਸਮਾਗਮ ਦੌਰਾਨ



ਮੌਜੂਦ ਪੱਤਰਕਾਰਾਂ ਨੇ ਐਡਵੋਕੇਟ ਅਰਵਿੰਦ ਕੁਮਾਰ ਮਾਨ ਨਾਲ ਆਪਣੀਆਂ ਸ਼ੁਭਕਾਮਨਾਵਾਂ ਸਾਂਝੀਆਂ ਕੀਤੀਆਂ। ਇਸ ਮੌਕੇ ਮਾਹੌਲ ਖੁਸ਼ੀਆਂ ਭਰਿਆ ਰਿਹਾ ਅਤੇ ਸਾਰਿਆਂ ਨੇ ਮਿਲ ਕੇ ਜਨਮਦਿਨ ਦੀ ਖੁਸ਼ੀ ਮਨਾਈ।ਪੱਤਰਕਾਰਾਂ ਨੇ ਕਿਹਾ ਕਿ ਜਨਮਦਿਨ ਵਰਗੇ ਮੌਕੇ ਆਪਸੀ ਪਿਆਰ, ਸਨੇਹ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਦੇ ਹਨ। ਉਨ੍ਹਾਂ ਨੇ ਅਰਵਿੰਦ ਕੁਮਾਰ ਮਾਨ ਦੇ ਆਉਣ ਵਾਲੇ ਜੀਵਨ ਲਈ ਤਰੱਕੀ, ਸਫਲਤਾ ਅਤੇ ਖੁਸ਼ੀਆਂ ਦੀ ਕਾਮਨਾ ਕੀਤੀ।

ਇਸ ਮੌਕੇ ਅਰਵਿੰਦ ਕੁਮਾਰ ਮਾਨ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਦੋਸਤਾਂ ਅਤੇ ਪੱਤਰਕਾਰ ਸਾਥੀਆਂ ਵੱਲੋਂ ਮਿਲਿਆ ਪਿਆਰ ਅਤੇ ਸਤਿਕਾਰ ਉਨ੍ਹਾਂ ਲਈ ਯਾਦਗਾਰ ਹੈ।

ਸਾਂਝੀ ਖ਼ਬਰ
ਸੋਮਵਾਰ , 02 ਨਵੰਬਰ 2026

ਨੌਜੁਆਨਾਂ ਨੂੰ ਨਵੀਂ ਤਕਨਾਲੋਜੀ ਦੇ ਨਾਲ ਨਾਲ ਆਪਣੇ ਵਿਵੇਕ ਦੀ ਵਰਤੋਂ ਕਰਨੀ ਪਵੇਗੀ= ਨਵੀਨ ਜਿੰਦਲ

ਸਾਂਝੀ ਖ਼ਬਰ

ਸੰਸਦ ਮੈਂਬਰ ਨੇ ਆਯੂਸ਼ ਯੂਨੀਵਰਸਿਟੀ ਵਿਖੇ ਮੇਰਾ ਭਾਰਤ ਵਿਕਸਤ ਭਾਰਤ ਯੁਵਾ ਸੰਵਾਦ ਪ੍ਰੋਗਰਾਮ ਵਿਚ ਨੌਜੁਆਨਾਂ ਨਾਲ ਸਿੱਧੀ ਗੱਲਬਾਤ ਕੀਤੀ ਤੇ ਸਫਾਈ ਨੂੰ ਇਕ ਜਨ ਲਹਿਰ ਬਨਾਉਣ ਦਾ ਸੱਦਾ ਦਿੱਤਾ।



ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ 1 ਸਤੰਬਰ
ਸੰਸਦ ਮੈਂਬਰ ਨਵੀਨ ਜਿੰਦਲ ਨੇ ਕਿਹਾ ਹੈ ਕਿ ਅੱਜ ਨਵੀਂ ਤਕਨਾਲੋਜੀ ਦਾ ਯੁੱਗ ਹੈ ਤੇ ਨੌਜੁਆਨਾਂ ਨੂੰ ਆਧੁਨਿਕ ਤਕਨਾਲੋਜੀ ਦੀ ਵੱਧ ਤੋਂ ਵੱਧ ਵਰਤੋਂ ਕਰਨੀ ਚਾਹੀਦੀ ਹੈ, ਪਰ ਉਨਾਂ ਨੂੰ ਆਪਣੀ ਸਮਝ ਦੀ ਵੀ ਪੂਰੀ ਵਰਤੋਂ ਕਰਨੀ ਚਾਹੀਦੀ ਹੈ। ਤਕਨਾਲੋਜੀ ਸਾਡੀ ਸਹਾਇਤਾ ਹੋਣੀ ਚਾਹੀਦੀ ਹੈ, ਨਾ ਕਿ ਸਾਡੀ ਸੋਚ ਤੇ ਸਮਝ ਦਾ ਬਦਲ, ਨੌਜੁਆਨਾਂ ਨੂੰ ਆਪਣੇ ਸਮੇਂ ਦੀ ਚੰਗੀ ਵਰਤੋਂ ਕਰਨੀ ਚਾਹੀਦੀ ਹੈ ਤੇ ਹਰ ਕੰਮ ਨੂੰ ਉਤਸ਼ਾਹ ਤੇ ਖੁਸ਼ੀ ਨਾਲ ਕਰਨਾ ਚਾਹੀਦਾ ਹੈ। ਸੰਸਦ ਮੈਂਬਰ ਨਵੀਨ ਜਿੰਦਲ ਨੇ ਆਯੂਸ਼ ਯੂਨੀਵਰਸਿਟੀ ਵਿਖੇ ਭਾਰਤ ਸਰਕਾਰ ਦੇ ਯੁਵਾ ਮਾਮਲੇ ਤੇ ਖੇਡ ਮੰਤਰਾਲੇ ਵਲੋਂ ਆਯੋਜਿਤ ਮੇਰਾ ਭਾਰਤ ਵਿਕਸਤ ਭਾਰਤ ਯੁਵਾ ਸੰਵਾਦ ਪ੍ਰੋਗਰਾਮ ਵਿਚ ਬਤੌਰ ਮੁੱਖ ਮਹਿਮਾਨ ਬੋਲ ਰਹੇ ਸਨ। ਪ੍ਰੋਗਰਾਮ ਦੌਰਾਨ ਸੰਸਦ ਮੈਂਬਰ ਦੇ ਜੀਵਨ, ਉਨਾਂ ਦੇ ਸਮਾਜਿਕ ਕਾਰਜਾਂ ਤੇ ਤਿਰੰਗੇ ਦੇ ਸਤਿਕਾਰ ਲਈ ਉਨਾਂ ਦੇ ਇਤਿਹਾਸਕ ਸੰਘਰਸ਼ ਤੇ ਆਧਾਰਿਤ ਇਕ ਫਿਲਮ ਦਿਖਾਈ ਗਈ। ਯੂਨੀਵਰ-ਸਿਟੀ ਦੇ ਵਾਈਸ ਚਾਂਸਲਰ ਕਰਤਾਰ ਸਿੰਘ ਧੀਮਾਨ ਨੇ ਉਨਾਂ ਦਾ ਪੌਦਾ ਦੇ ਕੇ ਸੁਆਗਤ ਕੀਤਾ। ਨੌਜੁਆਨਾਂ ਨਾਲ ਸੰਸਦ ਨੇ ਗੱਲਬਾਤ ਕਰਦਿਆਂ ਕਿਹਾ ਕਿ ਉਨਾਂ ਦਾ ਕੁਰੂਕਸ਼ੇਤਰ ਦੇ ਲੋਕਾਂ ਨਾਲ 30 ਸਾਲ ਪੁਰਾਣਾ ਸੰਬੰਧ ਹੈ। ਇਥੋਂ ਦੇ ਨੌਜੁਆਨ ਉਨਾਂ ਦੇ ਪਰਿਵਾਰ ਦਾ ਹਿੱਸਾ ਹਨ। ਉਨਾਂ ਨੇ ਨੌਜੁਆਨਾਂ ਨੂੰ ਬਿਨਾਂ ਕਿਸੇ ਝਿੱਜਕ ਦੇ ਆਪਣੇ ਵਿਚਾਰ ਤੇ ਸੁਝਾਅ ਉਨਾਂ ਨਾਲ ਸਾਂਝੇ ਕਰਨ ਲਈ ਉਤਸ਼ਾਹਿਤ ਕੀਤਾ। ਉਨਾਂ ਕਿਹਾ ਕਿ ਗੱਲਬਾਤ ਕਰਨ ਦਾ ਉਦੇਸ਼ ਸਿਰਫ ਆਪਣੇ ਵਿਚਾਰ ਪ੍ਰਗਟ ਕਰਨਾ ਹੀ ਨਹੀਂ ਸਗੋਂ ਉਨਾਂ ਦੇ ਵਿਚਾਰਾਂ ਨੂੰ ਸੁਨਣਾ ਤੇ ਉਨਾਂ ਤੋਂ ਸਿੱਖਣਾ ਵੀ ਹੈ। ਸਵੱਛਤਾ ਦੇ ਵਿਸ਼ੇ ਤੇ ਸੰਸਦ ਨੇ ਕਿਹਾ ਕਿ ਸਵੱਛ ਭਾਰਤ ਦਾ ਨਿਰਮਾਣ ਸਿਰਫ ਸਰਕਾਰੀ ਯਤਨਾਂ ਨਾਲ ਹੀ ਸੰਭਵ ਨਹੀਂ ਹਰ ਨਾਗਰਿਕ ਨੂੰ ਆਪਣੀ ਜਿੰਮੇਵਾਰੀ ਸਮਝਣੀ ਚਾਹੀਦੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸਵੱਛ ਭਾਰਤ ਅਭਿਆਨ ਰਾਹੀਂ ਦੇਸ਼ ਵਿਚ ਬਹੁਤ ਜਿਆਦਾ ਜਨ ਜਾਗਰੂਕਤਾ ਪੈਦਾ ਕੀਤੀ ਹੈ। ਉਨਾਂ ਨੌਜੁਆਨਾਂ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਨੂੰ ਕੂੜਾ ਸਾੜਨ ਤੋਂ ਰੋਕਣ, ਵਾਹਨ ਤੇ ਬੇਲੋੜੇ ਹਾਰਨ ਨਾ ਵਜਾਉਣ ਤੋਂ ਬਚਣ ਤੇ ਵਾਤਾਵਰਣ ਸੁਰੱਖਿਆ ਪ੍ਰਤੀ ਆਪਣੀ ਜਿੰਮੇਵਾਰੀ ਨਿਭਾਉਣ। ਉਨਾਂ ਨੇ ਇਸ ਦਿਸ਼ਾ ਲਈ ਵਿਦਿਆਰਥੀਆਂ ਤੋਂ ਵੀ ਸੁਝਾਅ ਮੰਗੇ ਤੇ ਕਿਹਾ ਕਿ ਚੰਗੇ ਸੁਝਾਵਾਂ ਨੂੰ ਅਮਲ ਵਿਚ ਲਿਆਉਣ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਸਮਾਗਮ ਵਿਚ ਯੂਨੀਵਰਸਿਟੀ ਦੇ ਰਜਿਸਟ-ਰਾਰ ਡਾ ਕਿਸ਼ਨ ਕਾਂਤ ਗੁਪਤਾ, ਪਿ੍ੰਸੀਪਲ ਡਾ ਆਸ਼ੀਸ਼ ਮਹਿਤਾ, ਸੁਰਮਈ ਸ਼ਰਮਾ, ਭਾਜਪਾ ਨੇਤਾ ਸਾਹਿਲ ਸੁਧਾ, ਯੂਨੀਵਰਸਿਟੀ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿਚ ਨੌਜੁਆਨ ਮੌਜੂਦ ਸਨ।

ਪੰਜਾਬ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਵਾਲੀਆਂ 35 ਸੇਵਾਮੁਕਤ ਸ਼ਖ਼ਸੀਅਤਾਂ ਦਾ ਸੁੰਦਰ ਸ਼ਾਮ ਅਰੋੜਾ ਵੱਲੋਂ ਸਨਮਾਨ

ਸਾਂਝੀ ਖ਼ਬਰ

ਪੰਜਾਬ ਦਿਵਸ ਮੌਕੇ ਸਿੱਖਿਆ, ਸਿਹਤ, ਪੁਲਿਸ, ਬਿਜਲੀ, ਰੋਡਵੇਜ਼ ਅਤੇ ਹੋਰ ਵਿਭਾਗਾਂ ਦੇ ਸਾਬਕਾ ਅਧਿਕਾਰੀਆਂ ਤੇ ਕਰਮ-ਚਾਰੀਆਂ ਨੂੰ ਕੀਤਾ ਸਨਮਾਨਿਤ



(ਤਰਸੇਮ ਦੀਵਾਨਾ)
ਹੁਸ਼ਿਆਰਪੁਰ, 1 ਨਵੰਬਰ
ਪੰਜਾਬ ਦਿਵਸ ਮੌਕੇ ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ ਵੱਲੋਂ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਲੰਬੇ ਸਮੇਂ ਤੱਕ ਸੇਵਾਵਾਂ ਨਿਭਾਉਣ ਵਾਲੀਆਂ 35 ਸੇਵਾਮੁਕਤ ਸ਼ਖ਼ਸੀਅਤਾਂ ਨੂੰ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ।

ਸਨਮਾਨ ਪ੍ਰਾਪਤ ਕਰਨ ਵਾਲਿਆਂ ਵਿੱਚ ਸਿੱਖਿਆ, ਸਿਹਤ, ਪੁਲਿਸ, ਬਿਜਲੀ ਬੋਰਡ, ਪੰਜਾਬ ਰੋਡਵੇਜ਼, ਮਾਲ ਵਿਭਾਗ, ਸਿੰਚਾਈ, ਬੈਂਕਿੰਗ ਅਤੇ ਹੋਰ ਸਰਕਾਰੀ ਅਦਾਰਿਆਂ ਦੇ ਸਾਬਕਾ ਅਧਿਕਾਰੀ ਤੇ ਕਰਮਚਾਰੀ ਸ਼ਾਮਲ ਸਨ। ਇਨ੍ਹਾਂ ਵਿੱਚ ਸੇਵਾਮੁਕਤ ਪ੍ਰਿੰਸੀਪਲ, ਪ੍ਰੋਫੈਸਰ, ਸਿਹਤ ਅਧਿਕਾਰੀ ਅਤੇ ਚੀਫ਼ ਇੰਜੀਨੀਅਰ ਵੀ ਮੌਜੂਦ ਸਨ।

ਇਸ ਮੌਕੇ ਸੁੰਦਰ ਸ਼ਾਮ ਅਰੋੜਾ ਨੇ ਕਿਹਾ ਕਿ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਵਿੱਚ ਸਰਕਾਰੀ ਸੇਵਾਵਾਂ ਨਿਭਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਅਹਿਮ ਯੋਗਦਾਨ ਰਿਹਾ ਹੈ। ਇਨ੍ਹਾਂ ਲੋਕਾਂ ਨੇ ਆਪਣੀ ਜ਼ਿੰਦਗੀ ਦੇ ਕੀਮਤੀ ਵਰ੍ਹੇ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਸੇਵਾ ਲਈ ਸਮਰਪਿਤ ਕੀਤੇ ਹਨ। ਉਨ੍ਹਾਂ ਦੀ ਮਿਹਨਤ, ਤਜਰਬੇ ਅਤੇ ਜ਼ਿੰਮੇਵਾਰੀ ਨਾਲ ਨਿਭਾਈ ਡਿਊਟੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਅਧਿਆਪਕਾਂ ਨੇ ਪੀੜ੍ਹੀਆਂ ਦਾ ਭਵਿੱਖ ਸੰਵਾਰਿਆ, ਸਿਹਤ ਵਿਭਾਗ ਦੇ ਕਰਮਚਾਰੀਆਂ ਨੇ ਲੋਕਾਂ ਦੀ ਸਿਹਤ ਸੰਭਾਲ ਕੀਤੀ ਅਤੇ ਇੰਜੀਨੀਅਰਾਂ ਨੇ ਸੂਬੇ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਯੋਗਦਾਨ ਪਾਇਆ। ਇਸੇ ਤਰ੍ਹਾਂ ਪੁਲਿਸ, ਬਿਜਲੀ, ਰੋਡਵੇਜ਼ ਅਤੇ ਹੋਰ ਵਿਭਾਗਾਂ ਦੇ ਮੁਲਾਜ਼ਮਾਂ ਦੀਆਂ ਸੇਵਾਵਾਂ ਵੀ ਸਮਾਜ ਲਈ ਬੇਹੱਦ ਮਹੱਤਵਪੂਰਨ ਰਹੀਆਂ ਹਨ।

ਸੁੰਦਰ ਸ਼ਾਮ ਅਰੋੜਾ ਨੇ ਕਿਹਾ ਕਿ ਪੰਜਾਬ ਦਿਵਸ ਆਪਣੇ ਇਤਿਹਾਸ, ਵਿਰਾਸਤ ਅਤੇ ਸੱਭਿਆਚਾਰ ਨਾਲ ਜੁੜਨ ਦਾ ਮੌਕਾ ਹੈ। ਸਮਾਜ ਲਈ ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰਨ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ ਕਰਨਾ ਸਾਡਾ ਨੈਤਿਕ ਫਰਜ਼ ਹੈ। ਅਜਿਹੇ ਉਪਰਾਲੇ ਨਵੀਂ ਪੀੜ੍ਹੀ ਨੂੰ ਵੀ ਲੋਕ ਸੇਵਾ ਲਈ ਪ੍ਰੇਰਿਤ ਕਰਦੇ ਹਨ।ਸਨਮਾਨਿਤ ਹੋਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਡਾ. ਪਰਮਜੀਤ ਸਿੰਘ, ਸਤਨਾਮ ਸਿੰਘ, ਪ੍ਰੋ. ਕਤਿਆਲ, ਐੱਚ.ਐੱਸ. ਪਰਮਾਰ, ਜਸਵਿੰਦਰ ਸਿੰਘ, ਬਲਵਿੰਦਰ ਕੁਮਾਰ, ਪਰਵਿੰਦਰ ਸਿੰਘ ਖੰਬਾ, ਨਰੇਸ਼ ਗੁਪਤਾ, ਕ੍ਰਿਸ਼ਨ ਮਨੋਚਾ, ਕੇਵਲ ਸਿੰਘ, ਨਿਰਮਲ ਦਾਸ, ਨਰਿੰਦਰ ਕੁਮਾਰ, ਧਰਮਪਾਲ, ਵਿਨੋਦ ਕੁਮਾਰ, ਰਾਜਨ ਪ੍ਰਦੀਪ, ਖੁਸ਼ਬੀਰ ਸਿੰਘ, ਐੱਸ.ਪੀ. ਦੀਵਾਨ, ਪਰਬ-ਤਾਰੋਹੀ ਗੁਰਚਰਨ ਸਿੰਘ, ਜੈ ਪ੍ਰਕਾਸ਼ ਸ਼ਰਮਾ ਅਤੇ ਗੁਰਦੇਵ ਸਿੰਘ ਸਮੇਤ ਹੋਰ ਪਤਵੰਤੇ ਸ਼ਾਮਲ ਸਨ।

ਇਸ ਮੌਕੇ ਸਨਮਾਨਿਤ ਸ਼ਖ਼ਸੀਅਤਾਂ ਨੇ ਸੁੰਦਰ ਸ਼ਾਮ ਅਰੋੜਾ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

ਸੁੱਕਾ ਝੋਨਾ ਮੰਡੀਆਂ ਵਿੱਚ ਲਿਆਉਣ ਕਿਸਾਨ ਤਾਂ ਜੋ ਖ਼ਰੀਦ ਪ੍ਰਕਿਰਿਆ ਦੌਰਾਨ ਨਾ ਆਵੇ ਕੋਈ ਦਿੱਕਤ: ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ

ਸਾਂਝੀ ਖ਼ਬਰ

ਡਿਪਟੀ ਕਮਿਸ਼ਨਰ ਨੇ ਨੂਰਪੁਰ ਬੇਟ ਅਨਾਜ ਮੰਡੀ ਦਾ ਦੌਰਾ ਕਰਕੇ ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ; ਅਧਿਕਾਰੀਆਂ ਨੂੰ ਸੁਚਾਰੂ ਖ਼ਰੀਦ ਅਤੇ ਸਮੇਂ ਸਿਰ ਲਿਫਟਿੰਗ ਯਕੀਨੀ ਬਣਾਉਣ ਦੇ ਦਿੱਤੇ ਨਿਰਦੇਸ਼



ਲੁਧਿਆਣਾ, 01 ਨਵੰਬਰ
ਜਸਵੀਰ ਸਿੰਘ ਮਣਕੂ
ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ ਅੱਜ ਨੂਰਪੁਰ ਬੇਟ ਅਨਾਜ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਖ਼ਰੀਦ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਫ਼ਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਬੇਲੋੜੀ ਪ੍ਰੇਸ਼ਾਨੀ ਨਾ ਆਉਣ ਦਿੱਤੀ ਜਾਵੇ ਅਤੇ ਖ਼ਰੀਦ, ਲਿਫਟਿੰਗ ਤੇ ਅਦਾਇਗੀ ਦੀ ਪ੍ਰਕਿਰਿਆ ਸੁਚਾਰੂ ਢੰਗ ਨਾਲ ਯਕੀਨੀ ਬਣਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਫ਼ਸਲ ਪੂਰੀ ਤਰ੍ਹਾਂ ਪੱਕਣ ਉਪਰੰਤ ਹੀ ਕਟਵਾਉਣ ਅਤੇ ਚੰਗੀ ਤਰ੍ਹਾਂ ਸੁਕਾ ਕੇ ਮੰਡੀਆਂ ਵਿੱਚ ਲਿਆਉਣ। ਉਨ੍ਹਾਂ ਕਿਹਾ ਕਿ ਵੱਧ ਨਮੀ ਵਾਲਾ ਝੋਨਾ ਮੰਡੀਆਂ ਵਿੱਚ ਲਿਆਉਣ ਕਾਰਨ ਸੁਕਾਉਣ ਲਈ ਵਾਧੂ ਸਮਾਂ ਲੱਗਦਾ ਹੈ, ਜਿਸ ਨਾਲ ਕਿਸਾਨਾਂ ਨੂੰ ਉਡੀਕ ਕਰਨੀ ਪੈ ਸਕਦੀ ਹੈ। ਇਸ ਲਈ ਨਿਰਧਾਰਤ ਮਾਪਦੰਡਾਂ ਅਨੁਸਾਰ ਸੁੱਕਾ ਝੋਨਾ ਮੰਡੀਆਂ ਵਿੱਚ ਲਿਆਉਣ ਨਾਲ ਖ਼ਰੀਦ ਪ੍ਰਕਿਰਿਆ ਤੇਜ਼ੀ ਨਾਲ ਮੁਕੰਮਲ ਹੋ ਸਕਦੀ ਹੈ।

ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਮੰਡੀ ਵਿੱਚ ਝੋਨੇ ਦੀ ਆਮਦ ਅਨੁਸਾਰ ਖ਼ਰੀਦ ਅਤੇ ਲਿਫਟਿੰਗ ਦੇ ਕਾਰਜਾਂ ਵਿੱਚ ਬਿਹਤਰ ਤਾਲਮੇਲ ਬਣਾਇਆ ਜਾਵੇ। ਖ਼ਰੀਦੀ ਗਈ ਫ਼ਸਲ ਦੀ ਸਮੇਂ ਸਿਰ ਚੁਕਾਈ ਯਕੀਨੀ ਬਣਾਈ ਜਾਵੇ ਤਾਂ ਜੋ ਮੰਡੀਆਂ ਵਿੱਚ ਹੋਰ ਫ਼ਸਲ ਲਿਆਉਣ ਲਈ ਲੋੜੀਂਦੀ ਜਗ੍ਹਾ ਉਪਲਬਧ ਰਹੇ। ਇਸ ਤੋਂ ਇਲਾਵਾ ਉਨ੍ਹਾਂ ਸਫ਼ਾਈ, ਪੀਣ ਵਾਲੇ ਸਾਫ਼ ਪਾਣੀ, ਰੌਸ਼ਨੀ ਅਤੇ ਕਿਸਾਨਾਂ ਦੀ ਸਹੂਲਤ ਲਈ ਕੀਤੇ ਗਏ ਹੋਰ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ।

ਸ੍ਰੀ ਹਿਮਾਂਸ਼ੂ ਜੈਨ ਨੇ ਕਿਹਾ ਕਿ ਕਿਸਾਨਾਂ ਦੀ ਮਿਹਨਤ ਨਾਲ ਤਿਆਰ ਹੋਈ ਫ਼ਸਲ ਦੀ ਨਿਰਵਿਘਨ ਖ਼ਰੀਦ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਪ੍ਰਬੰਧਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਖ਼ਰੀਦ ਪ੍ਰਕਿਰਿਆ ਦੌਰਾਨ ਸਾਹਮਣੇ ਆਉਣ ਵਾਲੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਦੀ ਹਦਾਇਤ ਵੀ ਕੀਤੀ।

ਇਸ ਮੌਕੇ ਨੂਰਪੁਰ ਬੇਟ ਦੇ ਕਿਸਾਨ ਬਲਵੀਰ ਸਿੰਘ ਅਤੇ ਖਹਿਰਾ ਬੇਟ ਦੇ ਕਿਸਾਨ ਚਰਨਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਨਾਜ ਮੰਡੀ ਵਿੱਚ ਖ਼ਰੀਦ ਦੇ ਵਧੀਆ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੰਡੀ ਵਿੱਚ ਝੋਨੇ ਦੀ ਤੁਰੰਤ ਖ਼ਰੀਦ ਅਤੇ ਲਿਫਟਿੰਗ ਹੋ ਰਹੀ ਹੈ ਅਤੇ ਖ਼ਰੀਦੀ ਗਈ ਫ਼ਸਲ ਦੀ ਅਦਾਇਗੀ ਵੀ ਕਿਸਾਨਾਂ ਨੂੰ ਸਮੇਂ ਸਿਰ ਕੀਤੀ ਜਾ ਰਹੀ ਹੈ। ਉਨ੍ਹਾਂ ਮੰਡੀ ਵਿੱਚ ਕੀਤੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟਾਈ।

ਡੀ ਏ ਵੀ ਸੈਨਟੇਰੀ ਪਬਲਿਕ ਸਕੂਲ ਵਿਚ ਫਾਇਰਲੈਸ ਕੁਕਿੰਗ ਪ੍ਰਤੀਯੋਗਤਾ ਦਾ ਆਯੋਜਨ

ਸਾਂਝੀ ਖ਼ਬਰ



ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ 1 ਨਵੰਬਰ
ਡੀ ਏ ਵੀ ਸੈਨਟੇਰੀ ਪਬਲਿਕ ਸਕੂਲ ਵਿਚ ਬਿਨਾਂ ਅੱਗ ਦੇ ਖਾਣਾ ਬਨਾਉਣ ਦੀ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ। ਇਸ ਪ੍ਰਤੀਯੋਗਤਾ ਵਿਚ ਤੀਜੀ ਤੋਂ ਦਸਵੀਂ ਕਲਾਸ ਤਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਤੀਜੀ ਤੇ ਚੌਥੀ ਕਲਾਸ ਦੇ ਬਚਿੱਆਂ ਨੇ ਸਲਾਦ ਸਮੱਗਰੀ ਦੀ ਚੋਣ ਕਰ ਰੰਗ ਬਿਰੰਗੀ ਥਾਲੀ ਸਜਾਈ। ਪੰਜਵੀਂ ਤੇ ਛੇਵੀਂ ਕਾਲਸ ਦੇ ਵਿਦਿਆਰਥੀਆਂ ਨੇ ਪੀਣ ਵਾਲੇ ਪਦਾਰਥ ਕਾਫੀ, ਲੇਮਨ ਜੂਸ, ਮੋਜੀਨੋ ਆਦਿ ਸਵਾਦਿਸ਼ਟ ਪੀਣ ਵਾਲੇ ਪਦਾਰਥ ਬਣਾਏ । ਸਤੱਵੀਂ ਤੋਂ ਦਸਵੀਂ ਤਕ ਦੇ ਵਿਦਿਆਰਥੀਆਂ ਨੇ ਮਿੱਠੇ ਤੇ ਨਮਕੀਨ ਪਦਾਰਥ ਬਣਾ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਵਿਦਿਆਰਥੀ ਛੋਟੇ ਰਸੋਈਏ ਦਾ ਰੂਪ ਧਾਰਨ ਕਰ ਕੇ ਆਏ । ਇਸ ਪ੍ਰਤੀਯੋਗਤਾ ਵਿਚ ਸਕੂਲ ਦੀ ਪ੍ਰਿੰਸੀਪਲ ਡਾ ਦਿਵਿਆ ਕੌਸ਼ਿਕ ਦੇ ਦਿਸ਼ਾ ਨਿਰਦੇਸ਼ਾਂ ਵਿਚ ਸੰਪਨ ਕਰਵਾਏ ਗਏ ਸਮਾਰੋਹ ਵਿਚ ਸ਼ਾਹਬਾਦ ਦੇ ਐਸ ਐਚ ਓ ਸੁਰਿੰਦਰ ਸਿੰਧੂ ਨੇ ਇਕ ਸਦਭਾਵਨਾ ਭੇਂਟ ਕੀਤੀ ਤੇ ਸਕੂਲ ਵਿਚ ਵਿਦਿਆਰਥੀਆਂ ਵਲੋਂ ਬਣਾਏ ਵੱਖ ਵੱਖ ਭੋਜਨਾਂ ਦਾ ਸੁਆਦ ਚਖਿੱਆ ਤੇ ਉਨਾਂ ਨੂੰ ਸਲਾਹਿਆ। ਪ੍ਰਤੀਯੋਗਤਾ ਵਿਚ ਤੀਜੀ ਕਲਾਸ ਦੇ ਅਰਸ਼ ਨੇ ਪਹਿਲਾ, ਅੰਨਿਆ ਨੇ ਦੂਜਾ ਅਨਿਕਾ ਨੇ ਤੀਜਾ ਤੇ ਸਹਰਾਜ ਨੂੰ ਹੌਸਲਾ ਅਫਜਾਈ ਇਨਾਮ ਦਿੱਤਾ ਗਿਆ। ਚੌਥੀ ਕਲਾਸ ਚ ਲਾਿੲਵਿਆ ਨੇ ਪਹਿਲਾ,ਕੁੰਜ ਨੇ ਦੂਜਾ,ਗੁਰਅੰਮ੍ਰਿਤ ਨੇ ਤੀਜਾ, ਪੰਜਵੀ ਕਲਾਸ ਚ ਯਸ਼ਵੀ ਨੇ ਪਹਿਲਾ,ਯਾਮਿਕਾ ਨੇ ਦੂਜਾ,ਮਨਮੀਤ ਨੇ ਤੀਜਾ, ਛੇਵੀਂ ਕਲਾਸ ਦੀ ਖੁਸ਼ੀ ਨੇ ਪਹਿਲਾ,ਇਸ਼ਾਨੀ ਨੇ ਦੂਜਾ, ਤੇ ਹਰਸ਼ਿਲ ਨੇ ਤੀਜਾ, ਸਤਵੀਂ ਕਲਾਸ ਚ ਲਵਪ੍ਰੀਤ ਨੇ ਪਹਿਲਾ,ਕੈਵਲਿਨ ਨੇ ਦੂਜਾ, ਅਠਵੀਂ ਚ ਆਸਥਾ ਨੇ ਪਹਿਲਾ, ਗੁਨਰੂਪ ਨੇ ਦੂਜਾ, ਕਨਿਕਾ ਨੇ ਤੀਜਾ, ਦਸਵੀਂ ਕਲਾਸ ਚ ਏਂਜਲਪੀ੍ਰਤ ਨੇ ਪਹਿਲਾ,ਵੰਸ਼ਿਕਾ ਨੇ ਦੂਜਾ, ਰੂਦਰ ਤੇ ਗੁਰਸੀਰਤ ਨੇ ਤੀਜਾ, ਸਥਾਨ ਪ੍ਰਾਪਤ ਕੀਤਾ। ਨਿਰਨਾਇਕ ਮੰਡਲ ਦੀ ਭੂਮਿਕਾ ਜੋਤੀ ਖੁਰਾਣਾ ਤੇ ਮੋਨਿਕਾ ਵਾਲੀਆ ਨੇ ਨਿਭਾਈ।

ਸਾਡੇ ਸਾਬਕਾ ਸੈਨਿਕ, ਸਾਡਾ ਮਾਣ: ਪੱਛਮੀ ਕਮਾਂਡ ਨੇ ਲੁਧਿਆਣਾ ਵਿੱਚ ਪੰਜਾਬ ਦੇ ਸਾਬਕਾ ਸੈਨਿਕਾਂ ਲਈ ਰੈਲੀ ਦਾ ਆਯੋਜਨ ਕੀਤਾ

ਸਾਂਝੀ ਖ਼ਬਰ



ਲੁਧਿਆਣਾ: 01 ਨਵੰਬਰ
ਜਸਵੀਰ ਸਿੰਘ ਮਣਕੂ
ਪੱਛਮੀ ਕਮਾਂਡ ਅਧੀਨ ਵਜਰਾ ਕੋਰ ਨੇ ਲੁਧਿਆਣਾ ਦੇ ਢੋਲੇਵਾਲ ਮਿਲਟਰੀ ਕੰਪਲੈਕਸ ਵਿਖੇ ਪੰਜਾਬ ਦੇ ਸਾਬਕਾ ਸੈਨਿਕਾਂ ਲਈ ਇੱਕ ਵਿਸ਼ਾਲ ਰੈਲੀ ਦਾ ਆਯੋਜਨ ਕੀਤਾ। "ਸੰਪਰਕ, ਸੰਜੀਵਨੀ, ਰੋਜ਼ਗਾਰ ਅਤੇ ਸਹੌਲੀ" ਥੀਮ 'ਤੇ ਅਧਾਰਤ, ਰੈਲੀ ਨੇ ਪੰਜਾਬ ਭਰ ਦੇ ਸਾਬਕਾ ਸੈਨਿਕਾਂ, ਵੀਰ ਨਾਰੀਆਂ, ਵੀਰ ਮਾਤਾਵਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇੱਕ ਛੱਤ ਹੇਠ ਵਿਆਪਕ ਭਲਾਈ ਸਹਾਇਤਾ ਪ੍ਰਦਾਨ ਕਰਨ ਲਈ ਇੱਕ ਪਲੇਟਫਾਰਮ 'ਤੇ ਇਕੱਠਾ ਕੀਤਾ।

ਆਰਮੀ ਕਮਾਂਡਰ, ਪੱਛਮੀ ਕਮਾਂਡ, ਲੈਫਟੀਨੈਂਟ ਜਨਰਲ ਪੁਸ਼ਪੇਂਦਰ ਸਿੰਘ (AVSM, SM**) ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਸ਼ੇਸ਼ ਸਾਬਕਾ ਸੈਨਿਕਾਂ ਦਾ ਸਨਮਾਨ ਕੀਤਾ ਅਤੇ ਵੀਰ ਨਾਰੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨਾਲ ਗੱਲਬਾਤ ਕੀਤੀ।

ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਫੌਜ ਕਮਾਂਡਰ ਨੇ ਸਾਬਕਾ ਸੈਨਿਕਾਂ ਪ੍ਰਤੀ ਫੌਜ ਦੀ ਅਟੁੱਟ ਅਤੇ ਜੀਵਨ ਭਰ ਦੀ ਵਚਨਬੱਧਤਾ ਨੂੰ ਦੁਹਰਾਇਆ। ਪੰਜਾਬ ਦੀ ਸ਼ਾਨਦਾਰ ਫੌਜੀ ਵਿਰਾਸਤ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ, ਉਨ੍ਹਾਂ ਕਿਹਾ ਕਿ ਪੱਛਮੀ ਕਮਾਂਡ ਪੰਜਾਬ ਅਤੇ ਇਸਦੇ ਲੋਕਾਂ ਨਾਲ ਇੱਕ ਅਟੁੱਟ ਬੰਧਨ ਸਾਂਝਾ ਕਰਦੀ ਹੈ। ਸਾਬਕਾ ਸੈਨਿਕਾਂ ਨੂੰ ਵਿਰਾਸਤ ਦੇ ਰਖਵਾਲੇ, ਸਮਾਜ ਦੀ ਜ਼ਮੀਰ ਅਤੇ ਰਾਸ਼ਟਰ ਨਿਰਮਾਣ ਵਿੱਚ ਅਨਮੋਲ ਭਾਈਵਾਲ ਦੱਸਦਿਆਂ, ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਨ੍ਹਾਂ ਦਾ ਅਨੁਸ਼ਾਸਨ, ਇਮਾਨਦਾਰੀ ਅਤੇ ਸੇਵਾ ਦੀ ਭਾਵਨਾ ਆਪਣੀਆਂ ਵਰਦੀਆਂ ਛੱਡਣ ਤੋਂ ਬਾਅਦ ਵੀ ਦੇਸ਼ ਦਾ ਮਾਰਗਦਰਸ਼ਨ ਕਰਦੀ ਰਹਿੰਦੀ ਹੈ। ਉਨ੍ਹਾਂ ਨੇ ਸਾਬਕਾ ਸੈਨਿਕਾਂ ਨੂੰ ਭਲਾਈ ਸਕੀਮਾਂ ਤੱਕ ਆਸਾਨ ਪਹੁੰਚ, ਸ਼ਿਕਾਇਤਾਂ ਦਾ ਸਮੇਂ ਸਿਰ ਨਿਪਟਾਰਾ, ਅਤੇ ਉਨ੍ਹਾਂ ਦੀਆਂ ਔਰਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਨਿਰੰਤਰ ਅਤੇ ਸੰਵੇਦਨਸ਼ੀਲ ਦੇਖਭਾਲ ਦਾ ਭਰੋਸਾ ਦਿੱਤਾ। ਪੰਜਾਬ ਦੇ ਨੌਜਵਾਨਾਂ ਨੂੰ ਇੱਕ ਵਿਸ਼ੇਸ਼ ਸੰਦੇਸ਼ ਵਿੱਚ, ਉਨ੍ਹਾਂ ਨੇ ਉਨ੍ਹਾਂ ਨੂੰ ਨਸ਼ਿਆਂ ਦੀ ਬੁਰਾਈ ਨੂੰ ਤਿਆਗਣ ਅਤੇ ਅਨੁਸ਼ਾਸਨ, ਸਰੀਰਕ ਤੰਦਰੁਸਤੀ ਅਤੇ ਦੇਸ਼ ਦੀ ਸੇਵਾ ਵਾਲੀ ਜ਼ਿੰਦਗੀ ਨੂੰ ਅਪਣਾਉਣ ਦੀ ਅਪੀਲ ਕੀਤੀ।

ਰੈਲੀ ਦਾ ਇੱਕ ਮੁੱਖ ਆਕਰਸ਼ਣ ਚਾਰ ਸਮਰਪਿਤ "ਸੇਵਾ ਕੈਂਪਾਂ" ਦੀ ਸਥਾਪਨਾ ਸੀ ਜਿਸਦਾ ਉਦੇਸ਼ ਇੱਕ ਛੱਤ ਹੇਠ ਸਾਬਕਾ ਸੈਨਿਕ ਭਾਈਚਾਰੇ ਦੀਆਂ ਵੱਖ-ਵੱਖ ਜ਼ਰੂਰਤਾਂ ਨੂੰ ਪੂਰਾ ਕਰਨਾ ਸੀ:

ਸੰਪਰਕ ਕੈਂਪ: ਰਿਕਾਰਡ ਦਫ਼ਤਰ, ਜ਼ਿਲ੍ਹਾ ਸੈਨਿਕ ਬੋਰਡ ਅਤੇ ਆਰਮੀ ਵੈਲਫੇਅਰ ਪਲੇਸਮੈਂਟ ਆਰਗੇਨਾਈਜ਼ੇਸ਼ਨ (AWPO) ਰਾਹੀਂ ਪੈਨਸ਼ਨ, ਦਸਤਾਵੇਜ਼ੀਕਰਨ ਅਤੇ ਹੋਰ ਹੱਕਦਾਰੀ ਨਾਲ ਸਬੰਧਤ ਮਾਮਲਿਆਂ ਲਈ ਇੱਕ-ਸਟਾਪ ਸਹਾਇਤਾ।

ਸੰਜੀਵਨੀ ਕੈਂਪ: ਫੌਜੀ ਹਸਪਤਾਲਾਂ ਅਤੇ ਨਾਗਰਿਕ ਸਿਹਤ ਸੰਸਥਾਵਾਂ ਦੀਆਂ ਟੀਮਾਂ ਦੁਆਰਾ ਮਾਹਰ ਡਾਕਟਰੀ ਸਲਾਹ-ਮਸ਼ਵਰੇ, ਸਿਹਤ ਜਾਂਚ, ਦਵਾਈਆਂ ਅਤੇ ECHS (ਸਾਬਕਾ ਸੈਨਿਕ ਯੋਗਦਾਨ ਸਹਿਤ ਯੋਜਨਾ) ਸਹਾਇਤਾ।

ਰੁਜ਼ਗਾਰ ਕੈਂਪ: ਉਦਯੋਗਾਂ, MSMEs, ਅਤੇ ਪੁਨਰਵਾਸ ਏਜੰਸੀਆਂ ਦੇ ਸਹਿਯੋਗ ਨਾਲ ਦੂਜੇ ਕਰੀਅਰ ਲਈ ਮਾਰਗਦਰਸ਼ਨ, ਹੁਨਰ ਵਿਕਾਸ ਸਲਾਹ ਅਤੇ ਰੁਜ਼ਗਾਰ ਦੇ ਮੌਕੇ।

ਸਹੂਲਤ ਕੈਂਪ: ਜ਼ਿੰਦਗੀ ਨੂੰ ਆਸਾਨ ਬਣਾਉਣ ਲਈ ਸਿਵਲ ਪ੍ਰਸ਼ਾਸਨ, ਪੁਲਿਸ, ਬੈਂਕਾਂ ਅਤੇ ਆਧਾਰ ਏਜੰਸੀਆਂ ਤੋਂ ਸਹਾਇਤਾ।

ਇਹ ਸਮਾਗਮ ਸਿਰਫ਼ ਇੱਕ ਭਲਾਈ ਕੈਂਪ ਤੋਂ ਵੱਧ ਸੀ; ਇਹ ਪੁਰਾਣੇ ਸਾਥੀਆਂ ਦਾ ਇੱਕ ਭਾਵਨਾਤਮਕ ਪੁਨਰ-ਮਿਲਨ ਸੀ - ਇੱਕ ਕਿਸਮ ਦੀ "ਘਰ ਵਾਪਸੀ"। ਇੱਥੇ, ਪੁਰਾਣੇ ਸਾਥੀਆਂ ਨੇ ਆਪਣੀਆਂ ਸਾਂਝੀਆਂ ਯਾਦਾਂ ਨੂੰ ਤਾਜ਼ਾ ਕੀਤਾ, ਪਰਿਵਾਰਾਂ ਨੇ ਇੱਕ ਦੂਜੇ ਨਾਲ ਬੰਧਨ ਬਣਾਇਆ, ਅਤੇ ਪੂਰੇ ਫੌਜੀ ਭਾਈਚਾਰੇ ਨੇ ਇਸਦੀ ਅਟੁੱਟ ਭਾਵਨਾ ਦਾ ਜਸ਼ਨ ਮਨਾਇਆ। ਸੱਭਿਆਚਾਰਕ ਪ੍ਰੋਗਰਾਮਾਂ ਨੇ ਇਸ ਗੰਭੀਰ ਮੌਕੇ ਵਿੱਚ ਇੱਕ ਨਵਾਂ ਸੁਹਜ ਅਤੇ ਨਿੱਘ ਜੋੜਿਆ।

ਪੱਛਮੀ ਕਮਾਂਡ ਇਹ ਯਕੀਨੀ ਬਣਾਉਣ ਦੇ ਆਪਣੇ ਇਰਾਦੇ ਵਿੱਚ ਦ੍ਰਿੜ ਹੈ ਕਿ ਹਰੇਕ ਸਾਬਕਾ ਸੈਨਿਕ, ਸਾਬਕਾ ਸੈਨਿਕ ਅਤੇ ਫੌਜੀ ਪਰਿਵਾਰ ਨੂੰ ਉਹ ਸਤਿਕਾਰ, ਮਾਣ, ਦੇਖਭਾਲ ਅਤੇ ਸਹਾਇਤਾ ਮਿਲੇ ਜਿਸਦੇ ਉਹ ਬਹੁਤ ਹੱਕਦਾਰ ਹਨ।

ਜੇ.ਐੱਸ.ਐੱਸ. ਆਸ਼ਾ ਕਿਰਨ ਸਪੈਸ਼ਲ ਸਕੂਲ ਵਿੱਚ ਵਿਦਿਆਰਥੀਆਂ ਦੇ ਪੇਂਟਿੰਗ ਮੁਕਾਬਲੇ ਕਰਵਾਏ

ਸਾਂਝੀ ਖ਼ਬਰ

ਬੈਂਕ ਅਧਿਕਾਰੀਆਂ ਨੇ ਡਿਪਲੋਮਾ ਵਿਦਿਆਰਥੀਆਂ ਨੂੰ ਸਾਈਬਰ ਧੋਖਾਧੜੀ ਅਤੇ ਫਰਜ਼ੀ ਫੋਨ ਕਾਲਾਂ ਤੋਂ ਬਚਣ ਲਈ ਕੀਤਾ ਜਾਗਰੂਕ



(ਤਰਸੇਮ ਦੀਵਾਨਾ)
ਹੁਸ਼ਿਆਰਪੁਰ,1 ਨਵੰਬਰ
ਜੇ.ਐੱਸ.ਐੱਸ. ਆਸ਼ਾ ਕਿਰਨ ਸਪੈਸ਼ਲ ਸਕੂਲ, ਜਹਾਨਖੇਲਾਂ ਵਿਖੇ ਪੰਜਾਬ ਨੈਸ਼ਨਲ ਬੈਂਕ ਦੇ ਰੀਜਨਲ ਦਫ਼ਤਰ ਵੱਲੋਂ ਵਿਜੀਲੈਂਸ ਜਾਗਰੂਕਤਾ ਹਫ਼ਤੇ ਤਹਿਤ ਪੇਂਟਿੰਗ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਸਪੈਸ਼ਲ ਬੱਚਿਆਂ ਅਤੇ ਡਿਪਲੋਮਾ ਕੋਰਸ ਕਰ ਰਹੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਕਲਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਇਸ ਮੌਕੇ ਬੈਂਕ ਦੇ ਸੀਨੀਅਰ ਮੈਨੇਜਰ ਰਾਜੇਸ਼ ਸਿੰਗਲਾ ਅਤੇ ਚੀਫ਼ ਮੈਨੇਜਰ ਸੁਰਿੰਦਰ ਬਿਸ਼ਨੋਈ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਨੇ ਵਿਦਿਆਰਥੀਆਂ ਵੱਲੋਂ ਬਣਾਈਆਂ ਗਈਆਂ ਪੇਂਟਿੰਗਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਬੱਚਿਆਂ ਅੰਦਰ ਛੁਪੀ ਕਲਾ ਅਤੇ ਸਿਰਜਣਾਤਮਕ ਯੋਗਤਾ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਇਸ ਦੌਰਾਨ ਸੁਰਿੰਦਰ ਬਿਸ਼ਨੋਈ ਨੇ ਡਿਪਲੋਮਾ ਕਰ ਰਹੇ ਵਿਦਿਆਰ-ਥੀਆਂ ਨੂੰ ਸਾਈਬਰ ਧੋਖਾਧੜੀ, ਫਰਜ਼ੀ ਫੋਨ ਕਾਲਾਂ ਅਤੇ ਸ਼ੱਕੀ ਸੰਦੇਸ਼ਾਂ ਤੋਂ ਸੁਚੇਤ ਰਹਿਣ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਕਿਸੇ ਵੀ ਅਣਜਾਣ ਵਿਅਕਤੀ ਨਾਲ ਆਪਣਾ ਓਟੀਪੀ, ਬੈਂਕ ਖਾਤੇ ਦੀ ਜਾਣਕਾਰੀ ਜਾਂ ਹੋਰ ਗੁਪਤ ਵੇਰਵੇ ਸਾਂਝੇ ਨਹੀਂ ਕਰਨੇ ਚਾਹੀਦੇ। ਬੈਂਕ ਵੱਲੋਂ ਕਦੇ ਵੀ ਫੋਨ 'ਤੇ ਗਾਹਕਾਂ ਤੋਂ ਓਟੀਪੀ ਜਾਂ ਗੁਪਤ ਬੈਂਕਿੰਗ ਜਾਣਕਾਰੀ ਨਹੀਂ ਮੰਗੀ ਜਾਂਦੀ। ਇਸ ਲਈ ਲੋਕਾਂ ਨੂੰ ਅਜਿਹੀਆਂ ਧੋਖਾਧੜੀ ਵਾਲੀਆਂ ਕਾਲਾਂ ਅਤੇ ਸੰਦੇਸ਼ਾਂ ਤੋਂ ਖ਼ਾਸ ਤੌਰ 'ਤੇ ਸਾਵਧਾਨ ਰਹਿਣਾ ਚਾਹੀਦਾ ਹੈ।

ਇਸ ਮੌਕੇ ਰਾਜੇਸ਼ ਸਿੰਗਲਾ ਨੇ ਆਸ਼ਾਦੀਪ ਵੈਲਫੇਅਰ ਸੋਸਾਇਟੀ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਸਥਾ ਵੱਲੋਂ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਸਿੱਖਿਆ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਯਤਨ ਸ਼ਲਾਘਾਯੋਗ ਹਨ।

ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਹਰਬੰਸ ਸਿੰਘ, ਸਕੱਤਰ ਕਰਨਲ ਗੁਰਮੀਤ ਸਿੰਘ, ਮਲਕੀਤ ਸਿੰਘ ਮਹੇੜੂ, ਰਾਮ ਆਸਰਾ, ਮਸਤਾਨ ਸਿੰਘ ਗਰੇਵਾਲ, ਕੋਰਸ ਕੋਆਰਡੀ-ਨੇਟਰ ਬਰਿੰਦਰ ਕੁਮਾਰ ਅਤੇ ਸਕੂਲ ਦੀ ਪ੍ਰਿੰਸੀਪਲ ਸ਼ੈਲੀ ਸ਼ਰਮਾ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

ਹਰਿਆਣਵੀ ਸਭਿਆਚਾਰ ਦੀ ਗੂੰਜ ਹੁਣ ਮੀਡੀਆ ਚੌਂਪਾਲ ਰਾਹੀਂ ਹਰ ਵਿਅਕਤੀ ਤਕ ਪਹੁੰਚੇਗੀ

ਸਾਂਝੀ ਖ਼ਬਰ

ਹਰਿਆਣਵੀ ਉਪ ਭਾਸ਼ਾ ਨੂੰ ਇਕ ਭਾਸ਼ਾ ਵਜੋਂ ਸਥਾਪਿਤ ਕਰਨ ਦੀ ਪਹਿਲਕਦਮੀ ਨੂੰ ਗਤੀ ਮਿਲੇਗੀ



ਸਤਨਾਮ ਸਿੰਘ

ਸ਼ਾਹਬਾਦ ਮਾਰਕੰਡਾ 1 ਨਵੰਬਰ

ਹਰਿਆਣਾ ਦੀ ਮਿੱਟੀ ਦੀ ਖੁਸ਼ਬੂ, ਲੋਕ ਜੀਵਨ ਦੀਆਂ ਝਲਕਾਂ ਤੇ ਸਵਦੇਸ਼ੀ ਸਭਿਆਚਾਰ ਦੀ ਸ਼ਕਤੀ ਹੁਣ ਡਿਜਟਲ ਦੁਨੀਆਂ ਵਿਚ ਗੂੰਜੇਗੀ। ਆਧੁਨਿਕ ਮੀਡੀਆ ਰਾਹੀਂ ਸੂਬੇ ਦੀ ਅਮੀਰ ਵਿਰਾਸਤ ਨੂੰ ਲੋਕਾਂ ਤਕ ਪਹੰਚਾਉਣ ਲਈ ਹਿੰਦੀ ਵਿਭਾਗ ਕੁਰੁਕਸ਼ੇਤਰ ਯੂਨੀਵਰਸਿਟੀ ਵਿਖੇ ਅੱਜ ਤੋਂ ਚਾਰ ਨਵੰਬਰ ਤਕ ਹੋਣ ਵਾਲੇ ਚਾਰ ਰੋਜਾ ਸੂਬਾ ਪੱਧਰੀ ਹਰਿਆਣਾ ਦਿਵਸ ਸਮਾਰੋਹ ਦੇ ਹਿੱਸੇ ਵਜੋਂ ਇਕ ਵਿਸ਼ੇਸ਼ ਮੀਡੀਆ ਚੌਂਪਾਲ ਦਾ ਆਯੋਜਨ ਕੀਤਾ ਜਾ ਰਿਹਾ ਹੈ। ਵਾਈਸ ਚਾਂਸਲਰ ਸੋਮ ਨਾਥ ਸਚਦੇਵਾ ਦੀ ਅਗਵਾਈ ਹੇਠ ਆਯੋਜਿਤ ਇਸ ਪ੍ਰੋਗਰਾਮ ਵਿਚ ਪ੍ਰੋਡਕਾਸਟ,ਵੀਡੀਓ, ਰੀਲ ਪ੍ਰੋਡੈਕਸ਼ਨ ਨਾਲ ਸੰਬੰਧਿਤ ਗਤੀਵਿਧੀਆਂ ਤੇ ਵਰਕਸ਼ਾਪਾਂ ਹੋਣਗੀਆਂ। ਵਾਈਸ ਚਾਂਸਲਰ ਸਚਦੇਵਾ ਨੇ ਕਿਹਾ ਕਿ ਕੁਰੁਕਸ਼ੇਤਰ ਯੂਨੀਵਰਸਿਟੀ ਹਰਿਆਣਵੀ ਬੋਲੀ ਨੂੰ ਇਕ ਭਾਸ਼ਾ ਵਜੋਂ ਸਥਾਪਿਤ ਕਰਨ ਲਈ ਲਗਾਤਾਰ ਯਤਨਸ਼ੀਲ ਰਹੇਗੀ। ਇਹ ਪਹਿਲ ਰਤਨਾਵਲੀ ਉਤਸਵ ਨਾਲ ਸ਼ੁਰੂ ਹੁੰਦੀ ਹੈ। ਯੂਨੀਵਰਸਿਟੀ ਦੇ ਲੋਕ ਸੰਪਰਕ ਵਿਭਾਗ ਦੇ ਡਾਇਰੈਕਟਰ ਮਹਾਂ ਸਿੰਘ ਪੂਨੀਆ ਨੇ ਕਿਹਾ ਕਿ ਮੀਡੀਆ ਚੌਂਪਾਲ ਦਾ ਉਦੇਸ਼ ਹਰਿਆਣਾ ਦੇ ਲੋਕ ਸਭਿਆਚਾਰ, ਪਰੰਪਰਾਵਾਂ ਤੇ ਵਿਰਾਸਤ ਨੂੰ ਡਿਜੀਟਲ ਪਲੇਟਫਾਰਮਾਂ ਤੇ ਇਕ ਨਵੀਂ ਪਛਾਣ ਦੇਣਾ ਹੈ। ਉਨਾਂ ਕਿਹਾ ਕਿ ਮੀਡੀਆ ਚੌਂਪਾਲ ਵਿਦਿਆਰ-ਥੀਆਂ ਨੂੰ ਵਿਸ਼ੇ ਦੀ ਚੋਣ ਸਕਰਿਪਟ ਲਿਖਣ, ਕੈਮਰਾ ਸੰਚਾਲਨ ਤੇ ਡਿਜੀਟਲ ਸਮੱਗਰੀ ਸਿਰਜਣ ਵਿਚ ਵਿਹਾਰਕ ਅਨੁਭਵ ਪ੍ਰਦਾਨ ਕਰੇਗਾ। ਉਨਾਂ ਕਿਹਾ ਕਿ ਰਤਨਾਵਲੀ ਤਿਉਹਾਰ ਲੂਰ ਨਾਚ ਨਾਲ ਸ਼ੁਰੂ ਹੋਵੇਗਾ ਜਿਸ ਰਾਹੀਂ ਹਰਿਆਣਾ ਦੀ ਅਲੋਪ ਹੋ ਰਹੀ ਲੋਕ ਕਲਾ ਨੂੰ ਇਕ ਨਵਾਂ ਪਲੇਟ-ਫਾਰਮ ਮਿਲੇਗਾ। ਇਸ ਲੋਕ ਨਾਚ ਨੂੰ ਸੰਭਾਲਣ ਤੇ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਲੋਕ ਸੰਪਰਕ ਵਿਭਾਗ ਦੇ ਡਾਇਰੈਕਟਰ ਮਹਾਂ ਸਿੰਘ ਪੂਨੀਆ ਨੇ ਦਿੱਸਆ ਕਿ ਪੇਡੰ ਖੇਤਰਾਂ ਵਿਚ ਕੁੜੀਆਂ ਤੇ ਔਰਤਾਂ ਫਗੱਣ ਦੇ ਮਹੀਨੇ ਦੌਰਾਨ ਲੂਰ ਨਾਚ ਪੇਸ਼ ਕਰਨ ਦੀ ਪਰੰਪਰਾ ਹੈ। ਇਸ ਨਾਚ ਵਿਚ ਔਰਤਾਂ ਤੇ ਕੁੜੀਆਂ ਦੋ ਸਮੂਹਾਂ ਵਿਚ ਵੰਡੀਆਂ ਜਾਂਦੀਆਂ ਹਨ ਜੋ ਲਾੜੇ ਤੇ ਦੁਲਹਨ ਪੱਖ ਦੀ ਨੁਮਾਇੰਦਗੀ ਕਰਦੀਆਂ ਹਨ ਤੇ ਨਾਚ ਰਾਹੀਂ ਸੁਆਲਾਂ ਦਾ ਆਦਾਨ ਪ੍ਰਦਾਨ ਕਰਦੀਆਂ ਹਨ। ਜਿਸ ਨੂੰ ਲੂਰ ਨਾਚ ਕਿਹਾ ਜਾਂਦਾ ਹੈ। ਉਨਾਂ ਕਿਹਾ ਕਿ ਲੂਰ ਨਾਚ ਦੀ ਪੁਨਰ ਸੁਰਜੀਤੀ ਨਾ ਸਿਰਫ ਹਰਿਆਣਾ ਦੀ ਰਵਾਇਤੀ ਲੋਕ ਕਲਾ ਤੇ ਸਭਿਆਚਾਰਕ ਵਿਰਾਸਤ ਨੂੰ ਸੁਰਖਿੱਅਤ ਰਖੱਗੀ ਸਗੋਂ ਨੌਜੁਆਨ ਪੀੜੀ ਵੀ ਆਪਣੀ ਲੋਕ ਪਰੰਪਰਾਵਾਂ ਨਾਲ ਜੁੜ ਸਕੇਗੀ।

ਪਿੰਡ ਸ਼ੇਰਗੜ੍ਹ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਲੈ ਕੇ ਸੁੰਦਰ ਸ਼ਾਮ ਅਰੋੜਾ ਨੇ ਪਿੰਡ ਵਾਸੀਆਂ ਨਾਲ ਕੀਤੀ ਮੀਟਿੰਗ

ਸਾਂਝੀ ਖ਼ਬਰ

ਸਿਹਤ ਸਹੂਲਤਾਂ, ਸੀਵਰੇਜ ਅਤੇ ਟੁੱਟੀਆਂ ਸੜਕਾਂ ਦਾ ਮੁੱਦਾ ਉੱਠਿਆ; ਕਾਂਗਰਸ ਸਰਕਾਰ ਬਣਨ ’ਤੇ ਸਮੱਸਿਆਵਾਂ ਪਹਿਲ ਦੇ ਆਧਾਰ ’ਤੇ ਹੱਲ ਕਰਵਾਉਣ ਦਾ ਦਿੱਤਾ ਭਰੋਸਾ



(ਤਰਸੇਮ ਦੀਵਾਨਾ)

ਹੁਸ਼ਿਆਰਪੁਰ, 1 ਨਵੰਬਰ

ਪੰਜਾਬ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ ਵੱਲੋਂ ਪਿੰਡ ਸ਼ੇਰਗੜ੍ਹ ਵਿਖੇ ਪਿੰਡ ਵਾਸੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕਰਕੇ ਇਲਾਕੇ ਦੀਆਂ ਬੁਨਿਆਦੀ ਸਮੱਸਿਆਵਾਂ ਅਤੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਇਲਾਕੇ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਸਮੱਸਿਆਵਾਂ ਸਾਬਕਾ ਮੰਤਰੀ ਦੇ ਧਿਆਨ ਵਿੱਚ ਲਿਆਂਦੀਆਂ।

ਮੀਟਿੰਗ ਦੌਰਾਨ ਲੋਕਾਂ ਨੇ ਦੱਸਿਆ ਕਿ ਪਿੰਡ ਦੇ ਸਰਕਾਰੀ ਕਲੀਨਿਕ ਵਿੱਚ ਡਾਕਟਰਾਂ ਦੀ ਲੋੜੀਂਦੀ ਉਪਲਬਧਤਾ ਨਾ ਹੋਣ ਕਾਰਨ ਮਰੀਜ਼ਾਂ ਨੂੰ ਸਿਹਤ ਸਹੂਲਤਾਂ ਲੈਣ ਲਈ ਕਾਫ਼ੀ ਮੁਸ਼ਕਲਾਂ ਝੱਲਣੀਆਂ ਪੈ ਰਹੀਆਂ ਹਨ। ਲੋਕਾਂ ਦਾ ਕਹਿਣਾ ਸੀ ਕਿ ਛੋਟੀਆਂ-ਮੋਟੀਆਂ ਬਿਮਾਰੀਆਂ ਦੇ ਇਲਾਜ ਲਈ ਵੀ ਉਨ੍ਹਾਂ ਨੂੰ ਹੋਰ ਥਾਵਾਂ ’ਤੇ ਜਾਣਾ ਪੈਂਦਾ ਹੈ। ਇਸ ਤੋਂ ਇਲਾਵਾ ਪਿੰਡ ਵਿੱਚ ਸੀਵਰੇਜ ਦੀ ਅਧੂਰੀ ਵਿਵਸਥਾ ਅਤੇ ਖਸਤਾ ਹਾਲ ਸੜਕਾਂ ਵੀ ਲੋਕਾਂ ਲਈ ਵੱਡੀ ਪਰੇਸ਼ਾਨੀ ਬਣੀਆਂ ਹੋਈਆਂ ਹਨ।

ਪਿੰਡ ਵਾਸੀਆਂ ਨੇ ਕਿਹਾ ਕਿ ਸੜਕਾਂ ਦੀ ਮਾੜੀ ਹਾਲਤ ਕਾਰਨ ਆਵਾਜਾਈ ਪ੍ਰਭਾਵਿਤ ਹੁੰਦੀ ਹੈ, ਜਦਕਿ ਸੀਵਰੇਜ ਦੀ ਸਮੱਸਿਆ ਕਾਰਨ ਰੋਜ਼ਾਨਾ ਜੀਵਨ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਸਮੱਸਿਆਵਾਂ ਦਾ ਸਥਾਈ ਹੱਲ ਕੀਤਾ ਜਾਵੇ, ਤਾਂ ਜੋ ਪਿੰਡ ਵਾਸੀਆਂ ਨੂੰ ਮੁੱਢਲੀਆਂ ਸਹੂਲਤਾਂ ਲਈ ਪ੍ਰੇਸ਼ਾਨ ਨਾ ਹੋਣਾ ਪਵੇ।

ਇਸ ਮੌਕੇ ਸੁੰਦਰ ਸ਼ਾਮ ਅਰੋੜਾ ਨੇ ਲੋਕਾਂ ਦੀਆਂ ਗੱਲਾਂ ਧਿਆਨ ਨਾਲ ਸੁਣਦਿਆਂ ਕਿਹਾ ਕਿ ਕਿਸੇ ਵੀ ਇਲਾਕੇ ਦੀ ਤਰੱਕੀ ਲਈ ਸਿਹਤ ਸਹੂਲਤਾਂ, ਬਿਹਤਰ ਸੜਕੀ ਢਾਂਚਾ ਅਤੇ ਸੀਵਰੇਜ ਵਰਗੀਆਂ ਬੁਨਿਆਦੀ ਸਹੂਲਤਾਂ ਦਾ ਹੋਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨ ’ਤੇ ਪਿੰਡ ਸ਼ੇਰਗੜ੍ਹ ਦੀਆਂ ਇਨ੍ਹਾਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ ’ਤੇ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸਰਕਾਰੀ ਕਲੀਨਿਕ ਵਿੱਚ ਯੋਗ ਡਾਕਟਰ ਦੀ ਨਿਯੁਕਤੀ, ਪਿੰਡ ਨੂੰ ਸੀਵਰੇਜ ਦੀ ਸਹੂਲਤ ਨਾਲ ਜੋੜਨ ਅਤੇ ਖਸਤਾ ਸੜਕਾਂ ਦੀ ਮੁਰੰਮਤ ਕਰਵਾਉਣ ਦੇ ਨਾਲ ਨਵੀਆਂ ਸੜਕਾਂ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ।

ਮੀਟਿੰਗ ਦੌਰਾਨ ਪਿੰਡ ਵਾਸੀਆਂ ਨੇ ਸਾਬਕਾ ਮੰਤਰੀ ਨੂੰ ਆਪਣੇ ਇਲਾਕੇ ਦੀਆਂ ਹੋਰ ਮੁਸ਼ਕਲਾਂ ਤੋਂ ਵੀ ਜਾਣੂ ਕਰਵਾਇਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਪੰਜਾਬ ਸਟੇਟ ਬੈਡਮਿੰਟਨ ਚੈਂਪੀਅਨਸ਼ਿਪ ਨੂੰ ਵਰਧਮਾਨ ਸਪੈਸ਼ਲ ਸਟੀਲਜ਼ ਅਤੇ ਹੀਰੋ ਗਰੁੱਪ ਨੇ 6 ਲੱਖ ਰੁਪਏ ਦਾ ਦਿੱਤਾ ਸੀ.ਐਸ.ਆਰ. ਯੋਗਦਾਨ

ਸਾਂਝੀ ਖ਼ਬਰ



ਲੁਧਿਆਣਾ, 1 ਨਵੰਬਰ

ਜਸਵੀਰ ਸਿੰਘ ਮਣਕੂ

ਪੰਜਾਬ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨ ਖਿਡਾਰੀਆਂ ਨੂੰ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਲੁਧਿਆਣਾ ਵਿਖੇ ਕਰਵਾਈ ਜਾ ਰਹੀ ਪੰਜਾਬ ਸਟੇਟ ਜੂਨੀਅਰ ਅਤੇ ਸੀਨੀਅਰ ਬੈਡਮਿੰਟਨ ਚੈਂਪੀਅਨਸ਼ਿਪ-2026 ਨੂੰ ਕਾਰਪੋਰੇਟ ਸੈਕਟਰ ਵੱਲੋਂ ਆਪਣੀਆਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐਸ.ਆਰ.) ਪਹਿਲਕਦਮੀਆਂ ਤਹਿਤ ਭਰਵਾਂ ਸਮਰਥਨ ਮਿਲਿਆ ਹੈ।

ਬੈਡਮਿੰਟਨ ਐਸੋਸੀਏਸ਼ਨ ਆਫ਼ ਲੁਧਿਆਣਾ ਵੱਲੋਂ ਸ਼ਾਸਤਰੀ ਹਾਲ ਵਿਖੇ 30 ਅਕਤੂਬਰ ਤੋਂ 2 ਨਵੰਬਰ ਤੱਕ ਕਰਵਾਈ ਜਾ ਰਹੀ ਇਸ ਚੈਂਪੀਅਨਸ਼ਿਪ ਦੀ ਅਗਵਾਈ ਡਿਪਟੀ ਕਮਿਸ਼ਨਰ ਲੁਧਿਆਣਾ ਅਤੇ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐਸ. ਕਰ ਰਹੇ ਹਨ।

ਚੈਂਪੀਅਨਸ਼ਿਪ ਦੇ ਸਫਲ ਆਯੋਜਨ ਲਈ ਵਰਧਮਾਨ ਸਪੈਸ਼ਲ ਸਟੀਲਜ਼ ਵੱਲੋਂ 4 ਲੱਖ ਰੁਪਏ ਅਤੇ ਹੀਰੋ ਗਰੁੱਪ (ਹੀਰੋ ਸਾਈਕਲਜ਼) ਵੱਲੋਂ 2 ਲੱਖ ਰੁਪਏ ਦਾ ਸੀ.ਐਸ.ਆਰ. ਯੋਗਦਾਨ ਦਿੱਤਾ ਗਿਆ ਹੈ। ਇਸ ਸਹਾਇਤਾ ਨਾਲ ਖਿਡਾਰੀਆਂ ਦੇ ਆਰਾਮ, ਸਿਹਤ ਅਤੇ ਬਿਹਤਰ ਪ੍ਰਦਰਸ਼ਨ ਨੂੰ ਧਿਆਨ ਵਿੱਚ ਰੱਖਦਿਆਂ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ। ਇਸ ਤੋਂ ਇਲਾਵਾ ਖਿਡਾਰੀਆਂ ਨੂੰ ਗੁਣਵੱਤਾ ਭਰਪੂਰ ਭੋਜਨ ਅਤੇ ਰਿਫਰੈਸ਼ਮੈਂਟ ਮੁਹੱਈਆ ਕਰਵਾਉਣ ਦੇ ਨਾਲ-ਨਾਲ ਸਮੁੱਚੇ ਪ੍ਰਬੰਧਾਂ ਨੂੰ ਉੱਚ ਪੱਧਰੀ ਬਣਾਇਆ ਗਿਆ ਹੈ।

ਇਸ ਮੌਕੇ ਬੈਡਮਿੰਟਨ ਐਸੋਸੀਏ-ਸ਼ਨ ਆਫ਼ ਲੁਧਿਆਣਾ ਦੀ ਜਨਰਲ ਸਕੱਤਰ ਡਾ. ਸੁਲਭਾ ਜਿੰਦਲ ਨੇ ਦੋਵੇਂ ਸੰਸਥਾਵਾਂ ਦਾ ਖੁੱਲ੍ਹੇ ਦਿਲ ਨਾਲ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਦਾ ਅਨਮੋਲ ਮਾਰਗਦਰਸ਼ਨ ਅਤੇ ਪ੍ਰਸ਼ਾਸਕੀ ਸਹਿਯੋਗ ਦੇਣ ਲਈ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਐਸੋਸੀਏ-ਸ਼ਨ ਦੇ ਸਮੂਹ ਮੈਂਬਰਾਂ ਵੱਲੋਂ ਚੈਂਪੀਅ-ਨਸ਼ਿਪ ਨੂੰ ਸਫਲ ਬਣਾਉਣ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਅਤੇ ਵਚਨਬੱਧਤਾ ਦੀ ਵੀ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਕਾਰਪੋਰੇਟ ਸੰਸਥਾਵਾਂ ਦਾ ਅਜਿਹਾ ਸਹਿਯੋਗ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਅਤੇ ਉੱਭਰਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਬਿਹਤਰ ਮੌਕੇ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।

ਨਸ਼ਿਆਂ ਦੇ ਮੁੱਦੇ ’ਤੇ ਰਾਜਾ ਵੜਿੰਗ ਨੂੰ ਵਿਜੇ ਸਾਂਪਲਾ ਦਾ ਜਵਾਬ, ਪਹਿਲਾਂ ਆਪਣੀ ਸਰਕਾਰ ਦੀ ਕਾਰਗੁਜ਼ਾਰੀ ਦੱਸਣ : ਸਾਂਪਲਾ

ਸਾਂਝੀ ਖ਼ਬਰ

ਅਮਿਤ ਸ਼ਾਹ ਦੀ ਅਗਵਾਈ ਹੇਠ ਨਸ਼ਿਆਂ ਅਤੇ ਨਾਰਕੋ-ਟੈਰਰ ਨੈੱਟਵਰਕ ਵਿਰੁੱਧ ਕੀਤੀਆਂ ਕਾਰਵਾਈਆਂ ਦਾ ਦਿੱਤਾ ਹਵਾਲਾ, 2029 ਤੱਕ ਦੇਸ਼ ਵਿੱਚੋਂ ਨਸ਼ਾ ਖ਼ਤਮ ਕਰਨ ਦਾ ਟੀਚਾ



(ਤਰਸੇਮ ਦੀਵਾਨਾ)

ਹੁਸ਼ਿਆਰਪੁਰ, 1 ਨਵੰਬਰ

ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਨੇ ਪੰਜਾਬ ਵਿੱਚ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਕਾਂਗਰਸ ਆਗੂ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਬਾਰੇ ਦਿੱਤੇ ਬਿਆਨ ’ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਬਾਰੇ ਸਵਾਲ ਉਠਾਉਣ ਵਾਲੇ ਕਾਂਗਰਸੀ ਆਗੂਆਂ ਨੂੰ ਪਹਿਲਾਂ ਆਪਣੇ ਸ਼ਾਸਨਕਾਲ ਦੌਰਾਨ ਕੀਤੇ ਕੰਮਾਂ ਦਾ ਜਵਾਬ ਦੇਣਾ ਚਾਹੀਦਾ ਹੈ।

ਸਾਂਪਲਾ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਕੋਈ ਨਵਾਂ ਮੁੱਦਾ ਨਹੀਂ ਹੈ ਅਤੇ ਇਸ ਦੀ ਜ਼ਿੰਮੇਵਾਰੀ ਤੋਂ ਪਿਛਲੀਆਂ ਸਰਕਾਰਾਂ ਵੀ ਬਰੀ ਨਹੀਂ ਹੋ ਸਕਦੀਆਂ। ਉਨ੍ਹਾਂ ਰਾਜਾ ਵੜਿੰਗ ਨੂੰ ਸਵਾਲ ਕੀਤਾ ਕਿ ਜਦੋਂ ਉਹ ਪੰਜਾਬ ਸਰਕਾਰ ਵਿੱਚ ਮੰਤਰੀ ਰਹੇ, ਉਸ ਸਮੇਂ ਨਸ਼ਿਆਂ ਦੀ ਰੋਕਥਾਮ ਲਈ ਕਿਹੜੇ ਠੋਸ ਕਦਮ ਚੁੱਕੇ ਗਏ ਸਨ। ਉਨ੍ਹਾਂ ਹਿਮਾਚਲ ਪ੍ਰਦੇਸ਼ ਵਿੱਚ ਨਸ਼ਾ ਬਣਾਉਣ ਅਤੇ ਵੇਚਣ ਸਬੰਧੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਉੱਥੇ ਕਾਂਗਰਸ ਦੀ ਸਰਕਾਰ ਹੈ, ਇਸ ਲਈ ਕਾਂਗਰਸੀ ਆਗੂਆਂ ਨੂੰ ਆਪਣੀ ਸਰਕਾਰ ਦੀ ਕਾਰਵਾਈ ਬਾਰੇ ਵੀ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਨਸ਼ਿਆਂ ਦਾ ਮੁੱਦਾ ਸਿਰਫ਼ ਸਿਆਸੀ ਬਿਆਨਬਾਜ਼ੀ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਸਗੋਂ ਇਸ ਵਿਰੁੱਧ ਸਾਰੀਆਂ ਸਿਆਸੀ ਧਿਰਾਂ ਨੂੰ ਮਿਲ ਕੇ ਪ੍ਰਭਾਵਸ਼ਾਲੀ ਕਦਮ ਚੁੱਕਣੇ ਚਾਹੀਦੇ ਹਨ। ਸਾਂਪਲਾ ਅਨੁਸਾਰ ਦੇਸ਼ ਦੀਆਂ ਸੁਰੱਖਿਆ ਚੁਣੌਤੀਆਂ ਅਤੇ ਨਸ਼ਿਆਂ ਰਾਹੀਂ ਚੱਲ ਰਹੇ ਗੈਰ-ਕਾਨੂੰਨੀ ਨੈੱਟਵਰਕ ਨੂੰ ਰੋਕਣ ਲਈ ਕੇਂਦਰ ਸਰਕਾਰ ਵੱਲੋਂ ਵੱਖ-ਵੱਖ ਪੱਧਰਾਂ ’ਤੇ ਕਾਰਵਾਈ ਕੀਤੀ ਗਈ ਹੈ।

ਸਾਬਕਾ ਕੇਂਦਰੀ ਮੰਤਰੀ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ 31 ਦਸੰਬਰ 2029 ਤੱਕ ਪੂਰੇ ਦੇਸ਼ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਦਾ ਟੀਚਾ ਐਲਾਨਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਮੇਂ ਦੀ ਮੁੱਖ ਲੋੜ ਹੈ ਅਤੇ ਇਸ ਮਕਸਦ ਲਈ ਸਿਰਫ਼ ਦਾਅਵਿਆਂ ਦੀ ਬਜਾਏ ਜ਼ਮੀਨੀ ਪੱਧਰ ’ਤੇ ਕਾਰਵਾਈ, ਨਸ਼ਾ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਅਤੇ ਨੌਜਵਾਨਾਂ ਦੇ ਮੁੜ ਵਸੇਬੇ ਲਈ ਯਤਨ ਜ਼ਰੂਰੀ ਹਨ।

ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਪੁਲਿਸ ਪ੍ਰਸ਼ਾਸਨ ਦੀ ਜ਼ਿੰਮੇਵਾਰੀ : ਮਾ. ਕੁਲਵਿੰਦਰ ਸਿੰਘ ਜੰਡਾ

ਸਾਂਝੀ ਖ਼ਬਰ

ਪੰਜਾਬ ਵਿੱਚ ਅਪਰਾਧਿਕ ਵਾਰਦਾਤਾਂ ਦਾ ਵਧਣਾ ਸਰਕਾਰ ਦੀ ਕਾਰਗੁਜ਼ਾਰੀ ’ਤੇ ਵੱਡਾ ਸਵਾਲ



(ਤਰਸੇਮ ਦੀਵਾਨਾ)

ਹੁਸ਼ਿਆਰਪੁਰ, 31 ਅਕਤੂਬਰ

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਕੌਮੀ ਮੀਤ ਪ੍ਰਧਾਨ ਅਤੇ ਸੱਭਿਆਚਾਰ ਸੰਭਾਲ ਸੁਸਾਇਟੀ ਰਜਿ. ਪੰਜਾਬ ਦੇ ਪ੍ਰਧਾਨ ਮਾਸਟਰ ਕੁਲਵਿੰਦਰ ਸਿੰਘ ਜੰਡਾ ਨੇ ਪੰਜਾਬ ਵਿੱਚ ਲਗਾਤਾਰ ਵਧ ਰਹੀਆਂ ਅਪਰਾਧਿਕ ਘਟਨਾਵਾਂ ’ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸੂਬੇ ਵਿੱਚ ਚੋਰੀਆਂ, ਲੁੱਟ-ਖੋਹ, ਚੇਨ ਸਨੇਚਿੰਗ ਅਤੇ ਕਤਲ ਵਰਗੀਆਂ ਵਾਰਦਾਤਾਂ ਨੇ ਆਮ ਲੋਕਾਂ ਅੰਦਰ ਡਰ ਅਤੇ ਅਸੁਰੱਖਿਆ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸੁਰੱਖਿਆ ਦੇ ਕੀਤੇ ਜਾ ਰਹੇ ਦਾਅਵਿਆਂ ਦੇ ਬਾਵਜੂਦ ਅਪਰਾਧਿਕ ਘਟਨਾਵਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ। ਉਨ੍ਹਾਂ ਕਿਹਾ ਕਿ ਤਿਉਹਾਰਾਂ ਦੇ ਮੌਸਮ ਦੌਰਾਨ ਬਾਜ਼ਾਰਾਂ, ਸੜਕਾਂ ਅਤੇ ਧਾਰਮਿਕ ਸਥਾਨਾਂ ’ਤੇ ਲੋਕਾਂ ਦੀ ਆਵਾਜਾਈ ਵਧ ਜਾਂਦੀ ਹੈ। ਅਜਿਹੇ ਸਮੇਂ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਹੋਣੇ ਚਾਹੀਦੇ ਹਨ। ਮਾਸਟਰ ਜੰਡਾ ਨੇ ਕਿਹਾ ਕਿ ਜਨਤਕ ਥਾਵਾਂ ’ਤੇ ਵਾਪਰ ਰਹੀਆਂ ਲੁੱਟ-ਖੋਹ ਅਤੇ ਚੋਰੀ ਦੀਆਂ ਘਟਨਾਵਾਂ ਕਾਰਨ ਲੋਕਾਂ ਵਿੱਚ ਡਰ ਦਾ ਮਾਹੌਲ ਬਣ ਰਿਹਾ ਹੈ, ਜਿਸ ਨੂੰ ਦੂਰ ਕਰਨ ਲਈ ਪੁਲਿਸ ਪ੍ਰਸ਼ਾਸਨ ਨੂੰ ਆਪਣੀ ਕਾਰਜਪ੍ਰਣਾਲੀ ਹੋਰ ਪ੍ਰਭਾਵਸ਼ਾਲੀ ਬਣਾਉਣ ਦੀ ਲੋੜ ਹੈ।

ਮਾਸਟਰ ਜੰਡਾ ਨੇ ਕਿਹਾ ਕਿ ਔਰਤਾਂ, ਬਜ਼ੁਰਗਾਂ ਅਤੇ ਆਮ ਨਾਗਰਿਕਾਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਹੋਣਾ ਚਾਹੀਦਾ। ਉਨ੍ਹਾਂ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸੰਵੇਦਨਸ਼ੀਲ ਇਲਾਕਿਆਂ ਵਿੱਚ ਪੁਲਿਸ ਗਸ਼ਤ ਤੇਜ਼ ਕੀਤੀ ਜਾਵੇ, ਬਾਜ਼ਾਰਾਂ ਅਤੇ ਧਾਰਮਿਕ ਸਥਾਨਾਂ ਦੀ ਸੁਰੱਖਿਆ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ ਅਤੇ ਅਪਰਾਧੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਸਰਕਾਰ ਦੀ ਜ਼ਿੰਮੇਵਾਰੀ ਸਿਰਫ਼ ਘਟਨਾਵਾਂ ਤੋਂ ਬਾਅਦ ਕਾਰਵਾਈ ਕਰਨ ਤੱਕ ਸੀਮਤ ਨਹੀਂ ਹੋਣੀ ਚਾਹੀਦੀ, ਸਗੋਂ ਅਜਿਹੀਆਂ ਵਾਰਦਾਤਾਂ ਨੂੰ ਪਹਿਲਾਂ ਹੀ ਰੋਕਣ ਲਈ ਠੋਸ ਰਣਨੀਤੀ ਅਪਣਾਈ ਜਾਵੇ। ਉਨ੍ਹਾਂ ਭਗਵੰਤ ਮਾਨ ਸਰਕਾਰ ਨੂੰ ਅਪੀਲ ਕੀਤੀ ਕਿ ਲੋਕਾਂ ਦੀ ਜਾਨ-ਮਾਲ ਦੀ ਰਾਖੀ ਨੂੰ ਪਹਿਲ ਦਿੰਦਿਆਂ ਕਾਨੂੰਨ ਵਿਵਸਥਾ ਮਜ਼ਬੂਤ ਕੀਤੀ ਜਾਵੇ, ਤਾਂ ਜੋ ਹਰ ਨਾਗਰਿਕ ਬਿਨਾਂ ਕਿਸੇ ਡਰ ਅਤੇ ਭੈਅ ਤੋਂ ਆਪਣਾ ਜੀਵਨ ਬਤੀਤ ਕਰ ਸਕੇ।

ਲਕਸ਼ ਕਤਲ ਕਾਂਡ ਵਿੱਚ ਪੁਲਿਸ ਨੂੰ ਮਿਲੀ ਸਫਲਤਾ, ਸੱਤਵਾਂ ਮੁਲਜ਼ਮ ਸੁਜਾਲ ਗ੍ਰਿਫ਼ਤਾਰ

ਸਾਂਝੀ ਖ਼ਬਰ

ਪੁਰਾਣੀ ਰੰਜਿਸ਼ ਕਾਰਨ ਨੌਜਵਾਨ ’ਤੇ ਕੀਤਾ ਗਿਆ ਸੀ ਜਾਨਲੇਵਾ ਹਮਲਾ, ਚੰਡੀਗੜ੍ਹ ਦੇ ਫੋਰਟਿਸ ਹਸਪਤਾਲ ਵਿੱਚ ਇਲਾਜ ਦੌਰਾਨ ਹੋਈ ਸੀ ਮੌਤ



(ਸੁਖਵਿੰਦਰ ਸੋਹੀ):

ਕਰਨਾਲ, 1 ਨਵੰਬਰ

ਕਰਨਾਲ ਜ਼ਿਲ੍ਹਾ ਪੁਲਿਸ ਨੇ ਨੌਜਵਾਨ ਲਕਸ਼ ਦੇ ਕਤਲ ਮਾਮਲੇ ਵਿੱਚ ਕਾਰਵਾਈ ਕਰਦਿਆਂ ਸੱਤਵੇਂ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸੁਜਾਲ ਪੁੱਤਰ ਕਰਨ ਸਿੰਘ ਵਾਸੀ ਸੈਕਟਰ-9, ਕਰਨਾਲ ਵਜੋਂ ਹੋਈ ਹੈ। ਇਹ ਕਾਰਵਾਈ ਪੁਲਿਸ ਅਧਿਕਾਰੀ ਕਰਨ ਗੋਇਲ, ਆਈਪੀਐੱਸ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕੀਤੀ ਗਈ।ਸੀ.ਆਈ.ਏ.-3 ਦੇ ਇੰਚਾਰਜ ਇੰਸਪੈਕ-ਟਰ ਅਜੇ ਕੁਮਾਰ ਦੀ ਅਗਵਾਈ ਹੇਠ ਸਬ-ਇੰਸ-ਪੈਕਟਰ ਹਰਦੀਪ ਸਿੰਘ ਦੀ ਟੀਮ ਨੇ ਮੁਲਜ਼ਮ ਨੂੰ ਕਾਬੂ ਕੀਤਾ। ਪੁਲਿਸ ਅਨੁਸਾਰ ਇਸ ਮਾਮਲੇ ਵਿੱਚ ਪਹਿਲਾਂ ਛੇ ਮੁਲਜ਼ਮਾਂ ਗੁਰਲਾਜ, ਪੁਨੀਤ, ਗੌਤਮ, ਆਰੀਅਨ, ਆਕਾਸ਼ ਅਤੇ ਅਮਨ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਪੁਲਿਸ ਜਾਂਚ ਅਨੁਸਾਰ 14 ਅਕਤੂਬਰ 2026 ਨੂੰ ਲਕਸ਼ ਆਪਣੇ ਇੱਕ ਦੋਸਤ ਨਾਲ ਪੁਰਾਣੇ ਬੱਸ ਅੱਡੇ ਦੇ ਪਿੱਛੇ ਗੱਡੀ ਵਿੱਚ ਬੈਠਾ ਹੋਇਆ ਸੀ। ਇਸ ਦੌਰਾਨ ਪੁਰਾਣੀ ਰੰਜਿਸ਼ ਦੇ ਚਲਦਿਆਂ ਕੁਝ ਨੌਜਵਾਨਾਂ ਨੇ ਉਸ ’ਤੇ ਲਾਠੀਆਂ-ਡੰਡਿਆਂ, ਚਾਕੂਆਂ ਅਤੇ ਹੋਰ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਹਮਲੇ ਵਿੱਚ ਲਕਸ਼ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਉਸ ਨੂੰ ਇਲਾਜ ਲਈ ਕਰਨਾਲ ਦੇ ਅੰਮ੍ਰਿਤਧਾਰਾ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ, ਜਿੱਥੋਂ ਗੰਭੀਰ ਹਾਲਤ ਕਾਰਨ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ। 15 ਅਕਤੂਬਰ ਨੂੰ ਫੋਰਟਿਸ ਹਸਪਤਾਲ ਵਿੱਚ ਇਲਾਜ ਦੌਰਾਨ ਲਕਸ਼ ਦੀ ਮੌਤ ਹੋ ਗਈ। ਇਸ ਸਬੰਧੀ ਥਾਣਾ ਸ਼ਹਿਰ ਕਰਨਾਲ ਵਿੱਚ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਸੀ।

ਪੁਲਿਸ ਅਨੁਸਾਰ ਪੁੱਛਗਿੱਛ ਦੌਰਾਨ ਸੁਜਾਲ ਦੀ ਸ਼ਮੂਲੀਅਤ ਸਾਹਮਣੇ ਆਉਣ ਤੋਂ ਬਾਅਦ ਉਸ ਨੂੰ ਗ੍ਰਿਫ਼ਤਾਰ ਕੀਤਾ ਗਿਆ। ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ। ਪੁਲਿਸ ਵੱਲੋਂ ਮਾਮਲੇ ਦੇ ਹੋਰ ਪਹਿਲੂਆਂ ਅਤੇ ਸੰਭਾਵਿਤ ਮੁਲਜ਼ਮਾਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਗੁਰੂਕੁਲ ਕੁਰੂਕਸ਼ੇਤਰ ਦੇ 114ਵੇਂ ਸਥਾਪਨਾ ਸਾਲ ਸਮਾਰੋਹ ਵਿੱਚ ਸ਼ਿਰਕਤ ਕੀਤੀ

ਸਾਂਝੀ ਖ਼ਬਰ

ਰਾਸ਼ਟਰਪਤੀ ਨੇ ਸਵਾਮੀ ਸ਼ਰਧਾਨੰਦ ਜੀ ਦੇ ਦੇਸ਼ ਪ੍ਰਤੀ ਤਿਆਗ, ਤਪੱਸਿਆ ਅਤੇ ਸੇਵਾ ਦੇ ਆਦਰਸ਼ਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਸਤਨਾਮ ਸਿੰਘ

ਸ਼ਾਹਬਾਦ ਮਾਰਕੰਡਾ 1 ਨਵੰਬਰ

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਗੁਰੂਕੁਲ ਵਰਗੀਆਂ ਸੰਸਥਾਵਾਂ ਭਾਰਤੀ ਗਿਆਨ ਪਰੰਪਰਾ, ਨੈਤਿਕ ਕਦਰਾਂ-ਕੀਮਤਾਂ ਅਤੇ ਸੰਸਕਾਰਾਂ ਨੂੰ ਸੁਰੱਖਿਅਤ ਰੱਖਣ ਦੇ ਨਾਲ-ਨਾਲ ਰਾਸ਼ਟਰ ਨਿਰਮਾਣ ਲਈ ਆਉਣ ਵਾਲੀਆਂ ਪੀੜ੍ਹੀਆਂ ਨੂੰ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਸਵਾਮੀ ਸ਼ਰਧਾਨੰਦ ਜੀ ਦੀ ਮਹਾਨ ਸ਼ਖ਼ਸੀਅਤ, ਉਨ੍ਹਾਂ ਦੇ ਤਿਆਗ, ਤਪੱਸਿਆ ਅਤੇ ਰਾਸ਼ਟਰੀ ਸੇਵਾ ਪ੍ਰਤੀ ਸਮਰਪਣ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਭਾਰਤੀ ਸੱਭਿਆਚਾਰ ਅਤੇ ਵੈਦਿਕ ਸਿੱਖਿਆ ਦੇ ਪ੍ਰਸਾਰ ਵਿੱਚ ਗੁਰੂਕੁਲ ਕੁਰੂਕ-ਸ਼ੇਤਰ ਦੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ। ਰਾਸ਼ਟਰਪਤੀ ਐਤਵਾਰ ਨੂੰ ਕੁਰੂਕਸ਼ੇਤਰ ਦੇ ਗੁਰੂਕੁਲ ਕੁਰੂਕਸ਼ੇਤਰ ਵਿਖੇ 114ਵੇਂ ਸਥਾਪਨਾ ਵਰ੍ਹੇਗੰਢ ਸਮਾਰੋਹ ਅਤੇ ਸਵਾਮੀ ਸ਼ਰਧਾਨੰਦ ਜੀ ਦੇ ਬਲੀਦਾਨ ਦੀ ਸ਼ਤਾਬਦੀ ਮਨਾਉਣ ਲਈ ਆਯੋਜਿਤ 'ਬਲੀਦਾਨ ਸ਼ਤਾਬਦੀ ਸਮਾਰੋਹ' ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ। ਗੁਜਰਾਤ ਦੇ ਰਾਜਪਾਲ ਆਚਾਰੀਆ ਦੇਵਵ੍ਰਤ,



ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਆਰੀਆ ਪ੍ਰਤੀਨਿਧੀ ਸਭਾ ਦੇ ਨੁਮਾਇੰਦੇ ਅਤੇ ਕਈ ਹੋਰ ਪਤਵੰਤੇ ਇਸ ਮੌਕੇ ਮੌਜੂਦ ਸਨ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇਸ ਮੌਕੇ ਕਿਹਾ ਕਿ ਗੁਰੂਕੁਲ ਦਾ ਪਵਿੱਤਰ ਸਥਾਨ ਇਤਿਹਾਸ ਦੀ ਪ੍ਰੇਰਨਾ, ਵਰਤਮਾਨ ਦਾ ਮਾਣ ਅਤੇ ਭਵਿੱਖ ਦੇ ਸੰਕਲਪ ਨੂੰ ਦਰਸਾਉਂਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅੱਜ ਹਰ ਹਰਿਆਣਾ ਵਾਸੀ ਲਈ ਇੱਕ ਖਾਸ ਦਿਨ ਹੈ, ਕਿਉਂਕਿ ਰਾਜ ਆਪਣੀ ਡਾਇਮੰਡ ਜੁਬਲੀ ਮਨਾ ਰਿਹਾ ਹੈ, ਆਪਣੀ ਸਥਾਪਨਾ ਦੇ 60 ਸਾਲ ਪੂਰੇ ਕਰ ਰਿਹਾ ਹੈ। ਇਸ ਸ਼ੁਭ ਮੌਕੇ 'ਤੇ, ਮਹਾਨ ਆਜ਼ਾਦੀ ਘੁਲਾਟੀਏ, ਸਿੱਖਿਆ ਸ਼ਾਸਤਰੀ ਅਤੇ ਸਮਾਜ ਸੁਧਾਰਕ, ਸਵਾਮੀ ਸ਼ਰਧਾਨੰਦ ਜੀ ਦੇ ਬਲੀਦਾਨ ਦੀ ਸ਼ਤਾਬਦੀ ਅਤੇ ਗੁਰੂਕੁਲ ਕੁਰੂਕਸ਼ੇਤਰ ਦਾ 114ਵਾਂ ਸਥਾਪਨਾ ਦਿਵਸ ਮਨਾਇਆ ਜਾ ਰਿਹਾ ਹੈ। ਸਵਾਮੀ ਸ਼ਰਧਾਨੰਦ ਜੀ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ, ਉਨ੍ਹਾਂ ਨੇ ਗੁਰੂਕੁਲ ਪਰਿਵਾਰ ਨੂੰ ਸਥਾਪਨਾ ਦਿਵਸ ਅਤੇ ਸੂਬੇ ਦੇ ਲੋਕਾਂ ਨੂੰ ਹਰਿਆਣਾ ਦਿਵਸ ਅਤੇ ਡਾਇਮੰਡ ਜੁਬਲੀ ਦੀਆਂ ਹਾਰਦਿਕ ਸ਼ੁਭਕਾਮ-ਨਾਵਾਂ ਦਿੱਤੀਆਂ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦਾ ਸਵਾਗਤ ਅਤੇ ਵਧਾਈ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਗਿਆਨ ਅਤੇ ਸੱਭਿਆਚਾਰ ਦੇ ਇਸ ਪਵਿੱਤਰ ਸਥਾਨ 'ਤੇ ਰਾਸ਼ਟਰਪਤੀ ਦੀ ਮੌਜੂਦਗੀ ਸਿੱਖਿਆ ਦੇ ਮਹੱਤਵ ਨੂੰ ਹੋਰ ਵੀ ਉਜਾਗਰ ਕਰਦੀ ਹੈ।ਸਵਾਮੀ ਸ਼ਰਧਾਨੰਦ ਜੀ ਨੇ ਸਿੱਖਿਆ ਨੂੰ ਰਾਸ਼ਟਰੀ ਜਾਗ੍ਰਿਤੀ ਦਾ ਆਧਾਰ ਬਣਾਇਆ।

ਵਿਵਾਦਾਂ ਨੇ ਪਾਈ 'ਜੌੜਾਮਾਜਰਾ ਤੇ ਪਠਾਣਮਾਜਰਾ' ਦੇ ਸਿਆਸੀ ਰੰਗ 'ਚ ਭੰਗ

ਸਾਂਝੀ ਖ਼ਬਰ

ਅਸ਼ੋਕ ਵਰਮਾ
ਬਠਿੰਡਾ , 01 ਨਵੰਬਰ

ਅੱਜ ਆਮ ਆਦਮੀ ਪਾਰਟੀ ਤੋਂ ਅਸਤੀਫਾ ਦੇਣ ਵਾਲੇ ਦੋ ਵਿਧਾਇਕਾਂ ਸਮਾਣਾ ਤੋਂ ਚੇਤਨ ਸਿੰਘ ਜੌੜਾ ਮਾਜਰਾ ਅਤੇ ਸਨੌਰ ਤੋਂ ਹਰਮੀਤ ਸਿੰਘ ਪਠਾਣ ਮਾਜਰਾ ਅਕਸਰ ਵਿਵਾਦਾਂ 'ਚ ਰਹੇ ਹਨ ਜਿਨ੍ਹਾਂ ਕਾਰਨ ਮਾਮਲਾ ਇੱਥੋਂ ਤੱਕ ਪੁੱਜਿਆ ਹੈ। ਜੌੜਾ ਮਾਜਰਾ ਨੂੰ ਮੰਤਰੀ ਬਨਾਉਣ ਮੌਕੇ ਵੀ ਸੋਸ਼ਲ ਮੀਡੀਆ 'ਤੇ ਚਰਚਾ ਛਿੜੀ ਸੀ ਜਿਸ ਨੂੰ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫਰੀਦਕੋਟ ਦੇ ਦੌਰੇ ਮੌਕੇ ਵਾਪਰੀ ਘਟਨਾ ਹਵਾ ਦੇਣ ਵਾਲੀ ਸਾਬਤ ਹੋਈ ਸੀ। ਦਰਅਸਲ ਜਦੋਂ ਜੌੜਾ ਮਾਜਰਾ ਹਸਪਤਾਲ ਦਾ ਨਿਰੀਖਣ ਕਰ ਰਹੇ ਸਨ ਤਾਂ ਉਨ੍ਹਾਂ ਦੀ ਨਜ਼ਰ ਬੈਡ ਉੱਪਰ ਵਿਛਾਏ ਖਸਤਾ ਹਾਲ ਗੱਦਿਆਂ 'ਤੇ ਪੈ ਗਈ । ਇਸ ਮੌਕੇ ਅੱਗ ਬਬੂਲਾ ਹੋਏ ਜੌੜਾ ਮਾਜਰਾ ਨੇ ਖਰਾਬ ਅਤੇ ਗੰਦੇ ਗੱਦੇ ਦੀ ਮਾੜੀ ਹਾਲਤ ਦਿਖਾਉਣ ਲਈ ਬਾਬਾ ਫਰੀਦ ਯੂਨੀਵਰਸਿਟੀ ਦੇ ਤਤਕਾਲੀ ਵਾਈਸ ਚਾਂਸਲਰ ਡਾ. ਰਾਜ ਬਹਾਦਰ ਨੂੰ ਗੱਦੇ 'ਤੇ ਲੇਟਣ ਦੇ ਹੁਕਮ ਚਾੜ੍ਹ ਦਿੱਤੇ ਸਨ।



ਡਾ ਰਾਜ ਬਹਾਦਰ ਮੰਤਰੀ ਦਾ ਹੁਕਮ ਮੰਨਦਿਆਂ ਖਸਤਾਹਾਲ ਗੱਦੇ 'ਤੇ ਲੇਟ ਗਏ ਪਰ ਇਸ ਘਟਨਾ ਦੀ ਵੀਡੀਓ ਵਾਇਰਲ ਹੋ ਗਈ ਅਤੇ ਜੌੜਾ ਮਾਜਰਾ ਨੂੰ ਮੈਡੀਕਲ ਭਾਈਚਾਰੇ ਤੇ ਵਿਰੋਧੀ ਪਾਰਟੀਆਂ ਦੀ ਤਿੱਖੀ ਆਲੋਚਨਾ ਦਾ ਸਾਹਮਣਾ ਕਰਨਾ ਪਿਆ ਜਦੋਂਕਿ ਸਰਕਾਰ ਦੀ ਜੋ ਕਿਰਕਰੀ ਹੋਈ ਉਹ ਵੱਖਰੀ ਸੀ। ਡਾ ਰਾਜ ਬਹਾਦਰ ਨੇ ਮੁੱਖ ਮੰਤਰੀ ਕੋਲ ਆਪਣੀ ਬੇਇਜਤੀ ਦੀ ਸ਼ਕਾਇਤ ਕਰਦਿਆਂ ਅਹੁਦੇ ਤੋਂ ਮੁਕਤ ਕਰਨ ਦੀ ਮੰਗ ਕੀਤੀ । ਇਸ ਘਟਨਾ ਮਗਰੋਂ ਡਾ. ਰਾਜ ਬਹਾਦਰ ਨੇ ਇਹ ਕਹਿਕੇ ਅਸਤੀਫ਼ਾ ਦੇ ਦਿੱਤਾ ਕਿ ਉਹ ਖੁਦ ਨੂੰ ਅਪਮਾਨਿਤ ਮਹਿਸੂਸ ਕਰ ਰਹੇ ਹਨ। ਸਿਹਤ ਮੰਤਰੀ ਵਜੋਂ ਉਨ੍ਹਾਂ ਵੱਲੋਂ ਹਸਪਤਾਲਾਂ ਦੇ ਅਚਨਚੇਤ ਦੌਰੇ ਕਰਕੇ ਡਾਕਟਰਾਂ ਅਤੇ ਸਿਹਤ ਅਮਲੇ ਨੂੰ ਸਵਾਲ ਕਰਨ ਦੀ ਕਾਰਵਾਈ ਵੀ ਕਾਫੀ ਚਰਚਾ ਵਿੱਚ ਰਹੀ। ਹਾਲਾਂਕਿ ਕੁੱਝ ਮਾਮਲਿਆਂ ਵਿੱਚ ਇਸ ਨੂੰ ਪ੍ਰਬੰਧ ਸੁਧਾਰਨ ਦੀ ਕੋਸ਼ਿਸ਼ ਦੱਸਿਆ ਗਿਆ, ਜਦਕਿ ਆਲੋਚਕਾਂ ਨੇ ਇਸ ਤਰੀਕੇ ਨੂੰ ਅਧਿਕਾਰੀਆਂ 'ਤੇ ਦਬਾਅ ਬਣਾਉਣ ਵਾਲਾ ਕਰਾਰ ਦਿੱਤਾ।

ਸਮਾਣਾ ਦੇ ਸਕੂਲ ਆਫ਼ ਐਮੀਨੈਂਸ ਵਿੱਚ ਸਿੱਖਿਆ ਕ੍ਰਾਂਤੀ ਨਾਲ ਸਬੰਧਤ ਇੱਕਮਾਤਰ ਚਾਰ ਦਿਵਾਰੀ ਦੇ ਉਦਘਾਟਨੀ ਸਮਾਗਮ ਦੌਰਾਨ ਪ੍ਰਬੰਧਾਂ ਅਤੇ ਵਿਦਿਆਰਥੀਆਂ ਤੇ ਮਾਪਿਆਂ ਦੀ ਘੱਟ ਹਾਜ਼ਰੀ 'ਤੇ ਨਾਰਾਜ਼ਗੀ ਜ਼ਾਹਰ ਕਰਨੀ ਵੀ ਮੁੱਖ ਮਹਿਰਨ ਵਜੋਂ ਪ੍ਰ! ਜੌੜਾਮਾਜਰਾ ਨੂੰ ਮਹਿੰਗੀ ਪਈ ਹੈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਅਤੇ ਅਧਿਆਪਕਾਂ ਨੂੰ ਝਾੜ ਪਾਉਣ ਦਾ ਮਾਮਲਾ ਵੀ ਵੱਡੇ ਪੱਧਰ 'ਤੇ ਸੁਰਖੀਆਂ ਬਣਿਆ ਜਿਸ ਦੀ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਸੀ। ਵਿਰੋਧੀਆਂ ਦਾ ਕਹਿਣਾ ਸੀ ਕਿ ਜੌੜਾਮਾਜਰਾ ਵੱਲੋਂ ਅਧਿਆਪਕਾਂ ਖਿਲਾਫ ਵਰਤੇ ਗਏ 'ਅਪਸ਼ਬਦ' ਸਿੱਖਿਆ ਖੇਤਰ ਵਿੱਚ ਆ ਰਹੇ ਬਦਲਾਓ ਦੀ ਡਰਾਉਣੀ ਤਸਵੀਰ ਹਨ। ਡੈਮੋਕ੍ਰੈਟਿਕ ਟੀਚਰਜ਼ ਫਰੰਟ ਨੇ ਜੌੜਾ ਮਾਜਰਾ ਦੇ ਇਸ ਵਿਹਾਰ ਦੀ ਨਿਖੇਧੀ ਕਰਦਿਆਂ ਮੁਆਫੀ ਮੰਗਣ ਦੀ ਮੰਗ ਕੀਤੀ। ਵਿਵਾਦ ਵਧਣ ਤੋਂ ਬਾਅਦ ਜੌੜਾਮਾਜਰਾ ਨੂੰ ਸਮੁੱਚੇ ਅਧਿਆਪਕ ਵਰਗ ਤੋਂ ਬਿਨਾਂ ਸ਼ਰਤ ਮੁਆਫ਼ੀ ਮੰਗਣੀ ਪਈ। ਇਹ ਚੰਦ ਮਿਸਾਲਾਂ ਹਨ ਜਦੋਂਕਿ ਜੌੜਾ ਮਾਜਰਾ ਦੀ ਸ਼ੈਲੀ ਹਮੇਸ਼ਾ ਚਰਚਾ ਵਿੱਚ ਰਹੀ ਸੀ।

ਇਸੇ ਤਰਾਂ ਹੀ ਪਾਰਟੀ ਤੋਂ ਅਸਤੀਫਾ ਦੇਣ ਵਾਲੇ ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ ਦਾ ਸੱਤਾ ਦੇ ਗਲਿਆਰਿਆਂ ਵਿੱਚ ਚੰਗਾ ਰਸੂਖ ਸੀ ਜੋ ਪਾਰਟੀ ਵਿੱਚ ਇੱਕ 'ਬਾਹੂਬਲੀ ਨੇਤਾ' ਵਜੋਂ ਜਾਣਿਆ ਜਾਂਦਾ ਸੀ। ਖਾਸ ਤੌਰ 'ਤੇ ਪਠਾਣਮਾਜਰਾ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਨਾਲ ਆਪਣੀ ਕਥਿਤ ਰਿਸ਼ਤੇਦਾਰੀ ਕਾਰਨ ਇੱਕ ਤਰਾਂ ਨਾਲ 'ਫੁੱਫੜਾਂ ' ਵਰਗਾ ਰੁਤਬਾ ਮਾਣ ਰਹੇ ਸਨ। ਸਾਲ 2025 'ਚ ਪਠਾਣ ਮਾਜਰਾ ਖਿਲਾਫ ਜਬਰ-ਜਨਾਹ (ਰੇਪ) ਦਾ ਕੇਸ ਦਰਜ ਹੋਇਆ ਸੀ । ਇੱਕ ਸ਼ਕਤੀਸ਼ਾਲੀ ਨੇਤਾ ਤੋਂ ਇੱਕ ਕਥਿਤ ਬਲਾਤਕਾਰ ਦੇ ਮੁਲਜਮ ਬਣੇ ਪਠਾਣ ਮਾਜਰਾ ਗੈਂਗਸਟਰ ਵਾਂਗ ਪੁਲੀਸ ਹਿਰਾਸਤ ਵਿੱਚੋਂ ਫਰਾਰ ਹੋਣ ਤੋਂ ਬਾਅਦ ਆਸਟਰੇਲੀਆ ਚਲੇ ਗਏ ਸਨ। ਹਾਲਾਂਕਿ , ਜਾਂਚ ਵਿੱਚ ਸ਼ਾਮਲ ਹੋਣ ਲਈ ਭਾਰਤ ਪਰਤਣ 'ਤੇ ਪੁਲੀਸ ਨੇ ਪਠਾਣ ਮਾਜਰਾ ਨੂੰ ਗ੍ਰਿਫ਼ਤਾਰ ਕਰ ਲਿਆ ਸੀ । ਉਸ ਮਗਰੋਂ ਉਨ੍ਹਾਂ ਦਾ ਪਹਿਲਾਂ ਵਾਲਾ ਰੁਤਬਾ ਬਹਾਲ ਨਾਂ ਕੀਤਾ ਜਾ ਸਕਿਆ ਅਤੇ ਅੱਜ ਤਾਂ ਅਸਤੀਫਾ ਹੀ ਦੇ ਦਿੱਤਾ ਹੈ।

ਭਾਜਪਾ 'ਚ ਜਾਣ ਦੀ ਚਰਚਾ

ਭਗਵੰਤ ਮਾਨ ਸਰਕਾਰ ਵਿੱਚ ਕੈਬਨਿਟ ਮੰਤਰੀ ਰਹਿ ਚੁੱਕੇ ਚੇਤਨ ਸਿੰਘ ਜੋੜਾਮਾਜਰਾ ਦਾ ਆਪਣੇ ਇਲਾਕੇ 'ਚ ਚੰਗਾ ਅਸਰ ਰਸੂਖ ਹੈ। ਕੁੱਝ ਸਮਾਂ ਪਹਿਲਾਂ ਪਾਰਟੀ ਹਾਈਕਮਾਂਡ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਨੂੰ ਸਮਾਣਾ ਵਿਧਾਨ ਸਭਾ ਹਲਕੇ ਦਾ ਇੰਚਾਰਜ ਥਾਪ ਦਿੱਤਾ ਸੀ, ਜਿਸ ਕਾਰਨ ਜੋੜਾਮਾਜਰਾ ਪਾਰਟੀ ਲੀਡਰਸ਼ਿਪ ਤੋਂ ਕਾਫ਼ੀ ਖ਼ਫ਼ਾ ਚੱਲ ਰਹੇ ਸਨ। ਆਪਣੀ ਹੀ ਸੀਟ 'ਤੇ ਨਵਾਂ ਹਲਕਾ ਇੰਚਾਰਜ ਲਗਾਏ ਜਾਣ ਨੂੰ ਉਨ੍ਹਾਂ ਦੇ ਸਿਆਸੀ ਕੱਦ 'ਤੇ ਸੱਟ ਵਜੋਂ ਦੇਖਿਆ ਜਾ ਰਿਹਾ ਸੀ। ਇਨ੍ਹਾਂ ਦੋਵੇਂ ਵਿਧਾਇਕਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਦੀਆਂ ਖ਼ਬਰਾਂ ਨੇ ਪੰਜਾਬ ਦੇ ਸਿਆਸੀ ਸਮੀਕਰਨਾਂ ਵਿੱਚ ਨਵੀਂ ਹਲਚਲ ਪੈਦਾ ਕਰ ਦਿੱਤੀ ਹੈ। ਅੱਜ ਸੋਸ਼ਲ ਮੀਡੀਆ 'ਤੇ ਦੋਵਾਂ ਵਿਧਾਇਕਾਂ ਦਾ ਮੁੱਦਾ ਛਾਇਆ ਹੋਇਆ ਹੈ ਅਤੇ ਵਿਰੋਧੀ ਧਿਰਾਂ 'ਆਪ' ਨੂੰ ਘੇਰ ਰਹੀਆਂ ਹਨ।

ਆਪ ਸਰਕਾਰ ਨੇ ਪੰਜਾਬ ਨੂੰ ਵਿਕਾਸ ਨਹੀਂ, ਵਿਨਾਸ਼ ਵੱਲ ਧੱਕਿਆ: ਐਡਵੋਕੇਟ ਅਰਵਿੰਦ ਮਿੱਤਲ

ਸਾਂਝੀ ਖ਼ਬਰ

ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਹਰ ਵਰਗ ਦੁਖੀ, ਭਾਜਪਾ ਸਰਕਾਰ ਬਣਨ 'ਤੇ ਨਿਰਧਾਰਤ ਸਮੇਂ ਅੰਦਰ ਪੰਜਾਬ ਨੂੰ ਨਸ਼ਾ ਮੁਕਤ ਕੀਤਾ ਜਾਵੇਗਾ

ਅਰਵਿੰਦਰ ਸਿੰਘ ਬਿੰਦੀ
ਸ੍ਰੀ ਅਨੰਦਪੁਰ ਸਾਹਿਬ,

1 ਨਵੰਬਰ : ਪੰਜਾਬ ਭਾਜਪਾ ਦੇ ਸਾਬਕਾ ਸੂਬਾ ਸਕੱਤਰ ਅਤੇ ਮੌਜੂਦਾ ਸੂਬਾ ਕਾਰਜਕਾਰਨੀ ਮੈਂਬਰ ਐਡਵੋਕੇਟ ਅਰਵਿੰਦ ਮਿੱਤਲ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੇ ਸਵਾਲ ਉਠਾਉਂਦਿਆਂ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਵਿਕਾਸ ਦੇ ਵੱਡੇ-ਵੱਡੇ ਸੁਪਨੇ ਦਿਖਾ ਕੇ ਸੱਤਾ ਵਿੱਚ ਆਈ ਆਪ ਸਰਕਾਰ ਨੇ ਪੰਜਾਬ ਨੂੰ ਵਿਕਾਸ ਦੀ ਬਜਾਏ ਵਿਨਾਸ਼ ਵੱਲ ਧੱਕ ਦਿੱਤਾ ਹੈ। ਸੂਬੇ ਸਿਰ ਕਰਜ਼ੇ ਦਾ ਬੋਝ ਲਗਾਤਾਰ ਵਧ ਰਿਹਾ ਹੈ, ਵਿਕਾਸ ਕਾਰਜਾਂ ਦੀ ਰਫ਼ਤਾਰ ਮੱਠੀ ਪੈ ਚੁੱਕੀ ਹੈ ਅਤੇ ਨਸ਼ਿਆਂ ਦਾ ਵਧਦਾ ਕਾਰੋਬਾਰ ਪੰਜਾਬ ਦੀ ਨੌਜਵਾਨ ਪੀੜ੍ਹੀ ਦੇ ਭਵਿੱਖ ਨੂੰ ਤਬਾਹ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਅੱਜ ਪੰਜਾਬ ਦਾ ਹਰ ਵਰਗ ਦੁਖੀ ਅਤੇ ਨਿਰਾਸ਼ ਹੈ।

ਐਡਵੋਕੇਟ ਮਿੱਤਲ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਪੰਜਾਬ ਵਿੱਚੋਂ ਨਸ਼ਾ ਖ਼ਤਮ ਕਰਨ ਦੀਆਂ ਸਹੁੰਆਂ ਖਾਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਅੱਜ ਨਸ਼ਾ ਤਸਕਰੀ ਨੂੰ ਰੋਕਣ ਵਿੱਚ ਬੁਰੀ ਤਰ੍ਹਾਂ ਨਾਕਾਮ ਸਾਬਤ ਹੋ ਰਹੀ ਹੈ। ਹਰ ਰੋਜ਼ ਨਸ਼ਿਆਂ ਕਾਰਨ ਨੌਜਵਾਨਾਂ ਦੀਆਂ ਜਾ ਰਹੀਆਂ ਜਾਨਾਂ ਸਰਕਾਰ ਦੇ ਦਾਅਵਿਆਂ ਦੀ ਅਸਲੀਅਤ ਬਿਆਨ ਕਰ ਰਹੀਆਂ ਹਨ। ਸਰਕਾਰ ਇਸ਼ਤਿਹਾਰਬਾਜ਼ੀ 'ਤੇ ਕਰੋੜਾਂ ਰੁਪਏ ਖ਼ਰਚ ਰਹੀ ਹੈ, ਪਰ



ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਅਤੇ ਨਸ਼ਾ ਤਸਕਰੀ ਦੇ ਜਾਲ ਨੂੰ ਤੋੜਨ ਲਈ ਕੋਈ ਠੋਸ ਨੀਤੀ ਦਿਖਾਈ ਨਹੀਂ ਦੇ ਰਹੀ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਨਿਰਧਾਰਤ ਸਮੇਂ ਅੰਦਰ ਸੂਬੇ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਕਰਨ ਲਈ ਠੋਸ ਕਦਮ ਚੁੱਕੇ ਜਾਣਗੇ। ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਦੇ ਨਾਲ-ਨਾਲ ਉਨ੍ਹਾਂ ਲਈ ਰੁਜ਼ਗਾਰ ਅਤੇ ਬਿਹਤਰ ਭਵਿੱਖ ਦੇ ਮੌਕੇ ਪੈਦਾ ਕੀਤੇ ਜਾਣਗੇ।

ਐਡਵੋਕੇਟ ਮਿੱਤਲ ਨੇ ਪਰਵਿੰਦਰ ਸਿੰਘ ਝੋਟੇ ਦੇ ਪਾਰਥਿਕ ਸਰੀਰ ਦਾ ਹੁਣ ਤੱਕ ਅੰਤਿਮ ਸੰਸਕਾਰ ਨਾ ਹੋਣ 'ਤੇ ਵੀ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਇਹ ਮਾਮਲਾ ਸਰਕਾਰ ਦੀ ਸੰਵੇਦ-ਨਹੀਣਤਾ ਅਤੇ ਪ੍ਰਸ਼ਾਸਨਿਕ ਨਾਕਾਮੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਸਰਕਾਰ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਪਰਿਵਾਰ ਅਤੇ ਲੋਕਾਂ ਨੂੰ ਆਪਣੇ ਪਿਆਰੇ ਦਾ ਅੰਤਿਮ ਸੰਸਕਾਰ ਕਰਨ ਲਈ ਵੀ ਸੰਘਰਸ਼ ਕਿਉਂ ਕਰਨਾ ਪੈ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਨੂੰ ਇਸ਼ਤਿਹਾਰਾਂ ਅਤੇ ਖੋਖਲੇ ਵਾਅਦਿਆਂ ਦੀ ਨਹੀਂ, ਸਗੋਂ ਜਵਾਬਦੇਹ ਸਰਕਾਰ, ਪਾਰਦਰਸ਼ੀ ਪ੍ਰਸ਼ਾਸਨ ਅਤੇ ਜ਼ਮੀਨੀ ਪੱਧਰ 'ਤੇ ਦਿਖਾਈ ਦੇਣ ਵਾਲੇ ਵਿਕਾਸ ਦੀ ਲੋੜ ਹੈ।

ਬਿਦਰ ਦੀ ਧਰਤੀ 'ਤੇ ਬੁੱਢਾ ਦਲ ਮੁਖੀ ਬਾਬਾ ਬਲਬੀਰ ਸਿੰਘ ਜੀ 96 ਕਰੋੜੀ ਨੇ ਖਾਲਸਈ ਜਾਹੋ-ਜਲਾਲ ਨਾਲ ਸਜਾਇਆ ਮਹੱਲਾ

ਸਾਂਝੀ ਖ਼ਬਰ

(ਅਰਵਿੰਦਰ ਸਿੰਘ ਬਿੰਦੀ)
ਸ੍ਰੀ ਅਨੰਦਪੁਰ ਸਾਹਿਬ:-

1 ਨਵੰਬਰ : ਸਿੱਖ ਪੰਥ ਦੀ ਸਿਰਮੌਰ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਜੀ 96 ਕਰੋੜੀ ਦੀ ਬਿਦਰ ਵਿਖੇ ਆਮਦ 'ਤੇ ਕਰਨਾਟਕ ਦੀ ਸਰਹੱਦ 'ਤੇ ਗੁਰਦੁਆਰਾ ਨਾਨਕ ਝੀਰਾ ਸਾਹਿਬ ਦੇ ਪ੍ਰਧਾਨ ਸ. ਬਲਬੀਰ ਸਿੰਘ ਜੀ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਬਹੁਤ ਹੀ ਭਰਵੇਂ ਉਤਸ਼ਾਹ ਅਤੇ ਸ਼ਰਧਾ ਨਾਲ



ਸਵਾਗਤ ਕੀਤਾ ਗਿਆ। ਇਸ ਮੌਕੇ ਹਾਈਡ੍ਰੌਲਿਕ ਮਸ਼ੀਨ ਰਾਹੀਂ ਪੰਜ ਕੁਇੰਟਲ ਫੁੱਲਾਂ ਦਾ ਵਿਸ਼ਾਲ ਹਾਰ ਭੇਟ ਕਰਕੇ ਸਿੰਘ ਸਾਹਿਬ ਦਾ ਸਨਮਾਨ ਕੀਤਾ ਗਿਆ।

ਉਪਰੰਤ ਗੁਰਦੁਆਰਾ ਨਾਨਕ ਝੀਰਾ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਬਾਬਾ ਬਲਬੀਰ ਸਿੰਘ ਜੀ 96 ਕਰੋੜੀ ਦੀ ਅਗਵਾਈ ਹੇਠ ਖਾਲਸਈ ਜਾਹੋ-ਜਲਾਲ ਨਾਲ ਮਹੱਲਾ ਸਜਾਇਆ ਗਿਆ। ਇਹ ਮਹੱਲਾ ਬਿਦਰ ਸ਼ਹਿਰ ਦੀ ਪਰਿਕਰਮਾ ਕਰਦਾ ਹੋਇਆ ਵਿਸ਼ਾਲ ਮੈਦਾਨ ਵਿਖੇ ਪਹੁੰਚਿਆ, ਜਿੱਥੇ ਘੋੜ ਦੌੜਾਂ, ਨੇਜ਼ਾਬਾਜ਼ੀ ਅਤੇ ਸ਼ਸਤਰ ਵਿੱਦਿਆ ਦੇ ਜੰਗਜੂ ਅਭਿਆਸਾਂ ਰਾਹੀਂ ਸਿੱਖ ਪੰਥ ਦੀਆਂ ਪੁਰਾਤਨ ਜੰਗਜੂ ਰਵਾਇਤਾਂ ਅਤੇ ਖਾਲਸਈ ਵਿਰਸੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਨਿਹੰਗ ਸਿੰਘਾਂ ਵੱਲੋਂ ਕੀਤੇ ਗਏ ਜੰਗਜੂ ਕਰਤੱਬਾਂ ਨੇ ਸੰਗਤਾਂ ਨੂੰ ਸਿੱਖ ਇਤਿਹਾਸ ਅਤੇ ਵਿਰਾਸਤ ਨਾਲ ਜੋੜਿਆ।

ਸਾਧੂ-ਸੰਤਾਂ ਦੀ ਸੰਗਤ ਨਾਲ ਮਨੁੱਖ ਦੇ ਜੀਵਨ ਵਿੱਚ ਆਉਂਦੀ ਹੈ ਸ਼ਾਂਤੀ ਅਤੇ ਸੁੱਖ : ਜਿਤੇਂਦਰ ਸਿੰਘ ਉਦਾਸੀਨ

ਸਾਂਝੀ ਖ਼ਬਰ

ਸੁਖਵਿੰਦਰ ਸਿੰਘ ਸੋਹੀ
ਕੁਰੂਕਸ਼ੇਤਰ :

ਸਾਧੂ-ਸੰਤਾਂ ਦੀ ਹਸਤੀ ਮਨੁੱਖੀ ਜੀਵਨ ਵਿੱਚ ਬਹੁਤ ਮਹੱਤਵ ਰੱਖਦੀ ਹੈ। ਉਨ੍ਹਾਂ ਦੀ ਸੰਗਤ ਵਿੱਚ ਬੈਠਣ ਅਤੇ ਉਨ੍ਹਾਂ ਦੇ ਬਚਨ ਸੁਣਨ ਨਾਲ ਮਨੁੱਖ ਨੂੰ ਆਤਮਿਕ ਸ਼ਾਂਤੀ, ਸਕੂਨ ਅਤੇ ਜੀਵਨ ਜਿਊਣ ਦੀ ਸਹੀ ਸੇਧ ਮਿਲਦੀ ਹੈ। ਜਿਹੜੇ ਲੋਕ ਸਾਧੂ-ਸੰਤਾਂ ਦੀ ਸੰਗਤ ਵਿੱਚ ਰਹਿੰਦੇ ਹਨ, ਉਨ੍ਹਾਂ ਦੇ ਜੀਵਨ ਵਿੱਚ ਆਉਣ ਵਾਲੇ ਵਿਘਨਾਂ ਅਤੇ ਮੁਸ਼ਕਲਾਂ ਦਾ ਸਾਹਮਣਾ ਕਰਨ ਦੀ ਹਿੰਮਤ ਅਤੇ ਸਮਝ ਪੈਦਾ ਹੁੰਦੀ ਹੈ।



ਇਹ ਵਿਚਾਰ ਬਾਬਾ ਜਿਤੇਂਦਰ ਸਿੰਘ ਉਦਾਸੀਨ ਜੀ ਨੇ ਸਾਂਝੇ ਕਰਦਿਆਂ ਕਿਹਾ ਕਿ ਸਾਧੂ-ਸੰਤਾਂ ਦੀ ਹਸਤੀ ਅਤੇ ਉਨ੍ਹਾਂ ਦੀ ਸੰਗਤ ਦਾ ਮਨੁੱਖ ਦੇ ਜੀਵਨ ਉੱਤੇ ਡੂੰਘਾ ਪ੍ਰਭਾਵ ਪੈਂਦਾ ਹੈ। ਜਿਹੜੇ ਵਿਅਕਤੀ ਸ਼ਰਧਾ ਅਤੇ ਵਿਸ਼ਵਾਸ ਨਾਲ ਸੰਤਾਂ ਦੀ ਸੰਗਤ ਕਰਦੇ ਹਨ ਅਤੇ ਉਨ੍ਹਾਂ ਦੇ ਦੱਸੇ ਮਾਰਗ ਉੱਤੇ ਚੱਲਦੇ ਹਨ, ਉਨ੍ਹਾਂ ਦਾ ਮਨ ਹਮੇਸ਼ਾ ਵਿਸ਼ਰਾਮ ਅਤੇ ਸ਼ਾਂਤੀ ਦੀ ਅਵਸਥਾ ਵਿੱਚ ਰਹਿੰਦਾ ਹੈ। ਅਜਿਹੇ ਵਿਅਕਤੀਆਂ ਉੱਤੇ ਗੁਰੂ ਅਤੇ ਪਰਮਾਤਮਾ ਦੀ ਵਿਸ਼ੇਸ਼ ਕਿਰਪਾ ਬਣੀ ਰਹਿੰਦੀ ਹੈ।

ਉਨ੍ਹਾਂ ਕਿਹਾ ਕਿ ਅੱਜ ਦੇ ਰੁਝੇਵਿਆਂ ਭਰੇ ਜੀਵਨ ਵਿੱਚ ਮਨੁੱਖ ਆਪਣੀਆਂ ਰੋਜ਼ਾਨਾ ਦੀਆਂ ਜ਼ਿੰਮੇਵਾਰੀਆਂ, ਚਿੰਤਾਵਾਂ ਅਤੇ ਪ੍ਰੇਸ਼ਾਨੀਆਂ ਕਾਰਨ ਮਾਨਸਿਕ ਤਣਾਅ ਵਿੱਚ ਰਹਿੰਦਾ ਹੈ। ਅਜਿਹੇ ਸਮੇਂ ਵਿੱਚ ਸਤਿਸੰਗ ਕਰਨਾ, ਸੰਤਾਂ ਦੇ ਬਚਨ ਸੁਣਨਾ ਅਤੇ ਪਰਮਾਤਮਾ ਦਾ ਸਿਮਰਨ ਕਰਨਾ ਮਨ ਨੂੰ ਸਕੂਨ ਪ੍ਰਦਾਨ ਕਰਦਾ ਹੈ। ਸਾਧੂ-ਸੰਤ ਮਨੁੱਖ ਨੂੰ ਸੱਚਾਈ, ਸੇਵਾ, ਨਿਮਰਤਾ ਅਤੇ ਆਪਸੀ ਪਿਆਰ ਨਾਲ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਦਿੰਦੇ ਹਨ।

ਬਾਬਾ ਜਿਤੇਂਦਰ ਸਿੰਘ ਉਦਾਸੀਨ ਜੀ ਨੇ ਕਿਹਾ ਕਿ ਮਨੁੱਖ ਨੂੰ ਆਪਣੇ ਜੀਵਨ ਵਿੱਚ ਹੰਕਾਰ, ਈਰਖਾ ਅਤੇ ਨਫ਼ਰਤ ਵਰਗੀਆਂ ਭਾਵਨਾਵਾਂ ਤੋਂ ਦੂਰ ਰਹਿ ਕੇ ਦੂਜਿਆਂ ਦੀ ਭਲਾਈ ਲਈ ਕੰਮ ਕਰਨਾ ਚਾਹੀਦਾ ਹੈ। ਸੱਚੀ ਸੰਗਤ ਮਨੁੱਖ ਦੀ ਸੋਚ ਨੂੰ ਬਦਲਦੀ ਹੈ ਅਤੇ ਉਸ ਨੂੰ ਚੰਗੇ ਕਰਮ ਕਰਨ ਲਈ ਪ੍ਰੇਰਿਤ ਕਰਦੀ ਹੈ। ਸੰਤਾਂ ਦੀ ਸਿੱਖਿਆ ਮਨੁੱਖ ਨੂੰ ਨਿਮਰਤਾ ਅਤੇ ਸਹਿਣਸ਼ੀਲਤਾ ਦਾ ਰਾਹ ਦਿਖਾਉਂਦੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਸਾਧੂ-ਸੰਤਾਂ ਦੀ ਸੰਗਤ ਮਨੁੱਖ ਲਈ ਪਰਮਾਤਮਾ ਦੀ ਵੱਡੀ ਬਖ਼ਸ਼ਿਸ਼ ਹੈ। ਇਸ ਲਈ ਹਰ ਵਿਅਕਤੀ ਨੂੰ ਆਪਣੇ ਜੀਵਨ ਵਿੱਚ ਸਤਿਸੰਗ, ਸੇਵਾ ਅਤੇ ਸਿਮਰਨ ਨੂੰ ਵਿਸ਼ੇਸ਼ ਸਥਾਨ ਦੇਣਾ ਚਾਹੀਦਾ ਹੈ। ਚੰਗੀ ਸੰਗਤ ਨਾਲ ਮਨੁੱਖ ਦੀ ਸੋਚ ਵਿੱਚ ਸਕਾਰਾਤਮਕ ਬਦਲਾਅ ਆਉਂਦਾ ਹੈ ਅਤੇ ਉਹ ਸਮਾਜ ਵਿੱਚ ਪਿਆਰ, ਭਾਈਚਾਰੇ ਅਤੇ ਸਦਭਾਵਨਾ ਦਾ ਸੰਦੇਸ਼ ਫੈਲਾ ਸਕਦਾ ਹੈ।

ਸੇਂਟ ਸੋਲਜਰ ਸਕੂਲ ਵਿਖੇ ਪੰਜਾਬ ਸਥਾਪਨਾ ਦਿਵਸ ਪੂਰੇ ਮਾਣ ਅਤੇ ਉਤਸ਼ਾਹ ਨਾਲ ਮਨਾਇਆ ਗਿਆ

ਸਾਂਝੀ ਖ਼ਬਰ

(ਅਸ਼ਵਨੀ ਸ਼ਰਮਾਂ)
ਜੰਡਿਆਲਾ ਗੁਰੂ

ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਪੰਜਾਬ ਸਥਾਪਨਾ ਦਿਵਸ ਬੜੇ ਉਤਸ਼ਾਹ, ਮਾਣ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਸਵੇਰ ਦੀ ਸਭਾ ਦਾ ਖ਼ਾਸ ਆਯੋਜਨ ਕੀਤਾ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੇ ਪੰਜਾਬ ਦੇ ਅਮੀਰ ਸੱਭਿਆਚਾਰ, ਸ਼ਾਨਦਾਰ ਇਤਿਹਾਸ ਅਤੇ ਮਾਣਮੱਤੀਆਂ ਪਰੰਪਰਾਵਾਂ ਦੀ ਖੂਬਸੂਰਤ ਝਲਕ ਪੇਸ਼ ਕੀਤੀ।



ਸਮਾਗਮ ਦੌਰਾਨ ਵਿਦਿਆਰ-ਥੀਆਂ ਵੱਲੋਂ ਸਮੂਹ ਗੀਤ, ਮੇਰਾ ਦੇਸ਼ ਹੋਵੇ ਪੰਜਾਬ ਗਾ ਕੇ ਪੰਜਾਬ ਦੀ ਮਿੱਟੀ ਨੂੰ ਸਜਦਾ ਕੀਤਾ। ਉਪਰੰਤ ਪੰਜਾਬੀ ਵਿਭਾਗ ਦੇ ਮੈਡਮ ਮਨਦੀਪ ਕੌਰ ਜੀ ਨੇ ਪੰਜਾਬ ਦੇ ਇਤਿਹਾਸ ਨੂੰ ਦਰਸਾਉਂਦੀ ਬੜੀ ਹੀ ਭਾਵਪੂਰਨ ਕਵਿਤਾ ਪੇਸ਼ ਕੀਤੀ। ਉਪਰੰਤ ਪੰਜਾਬੀ ਅਧਿਆਪਕਾ ਮੈਡਮ ਪਰਮਿੰਦਰ ਕੌਰ ਜੀ ਨੇ ਵੀ ਆਪਣੇ ਸ਼ਬਦਾਂ ਰਾਹੀਂ ਪੰਜਾਬ ਦੀ ਖੂਬਸੂਰਤ ਤਸਵੀਰ ਪੇਸ਼ ਕੀਤੀ। ਉਪਰੰਤ ਸਕੂਲ ਦੇ ਵਿਦਿਆਰ-ਥੀਆਂ ਵੱਲੋਂ ਪੰਜਾਬ ਨੂੰ ਪੇਸ਼ ਆਉਂਦੀਆਂ ਮੁਸ਼ਕਿਲਾਂ ਪੰਜਾਬ ਦੇ ਨੌਜਵਾਨਾਂ ਦੀ ਕਹਾਣੀ ਅਤੇ ਪੰਜਾਬ ਨੂੰ ਖੁਸ਼ਹਾਲ ਬਣਾਉਣ ਦੇ ਅਰਥਾਂ ਨਾਲ ਭਰਪੂਰ ਇੱਕ ਸ਼ਾਨਦਾਰ ਕੋਰੀਓਗ੍ਰਾਫੀ ਪੇਸ਼ ਕੀਤੀ। ਜਿਹੜੀ ਸਰੋਤਿਆਂ ਦੇ ਮਨਾਂ ਵਿੱਚ ਛਾਪ ਛੱਡ ਗਈ। ਉਪਰੰਤ ਵਿਦਿਆਰਥੀਆਂ ਨੇ ਪੰਜਾਬ ਦੀ ਸ਼ਾਨ ਨੂੰ ਦਰਸਾਉਂਦੇ ਜੋਸ਼ੀਲੇ ਅਤੇ ਸਿੱਖਿਆਦਾਇਕ ਅਤੇ ਮਨਮੋਹਕ ਸਲੋਗਨ ਲਿਖ ਕੇ ਪੰਜਾਬੀ ਵਿਰਸੇ ਦੀ ਮਹੱਤਤਾ ਨੂੰ ਉਜਾਗਰ ਕੀਤਾ।ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੇ ਹਾਜ਼ਰ ਸਭਨਾਂ ਨੂੰ ਪੰਜਾਬ ਦੇ ਸੁਨਹਿਰੀ ਇਤਿਹਾਸ ਅਤੇ ਅਮੀਰ ਸੱਭਿਆਚਾਰ ਨਾਲ ਜੋੜਿਆ।ਪੰਜਾਬੀ ਵਿਭਾਗ ਦੇ ਅਧਿਆਪਕਾਂ ਮੈਡਮ ਰਜਨੀ ਮੈਡਮ ਰੁਪਿੰਦਰਜੀਤ ਕੌਰ ਅਤੇ ਮੈਡਮ ਤਲਜੀਤ ਕੌਰ ਜੀ ਅਤੇ ਮੈਡਮ ਜਸਪ੍ਰੀਤ ਕੌਰ ਜੀ ਨੇ ਵੀ ਨੇ ਪੂਰੇ ਜੋਸ਼, ਲਗਨ ਅਤੇ ਸਮਰਪਣ ਨਾਲ ਪੰਜਾਬੀ ਮਾਂ-ਬੋਲੀ, ਸੱਭਿਆਚਾਰ ਅਤੇ ਵਿਰਸੇ ਦੀ ਅਮੀਰੀ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕ-ਟਰ-ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਪੰਜਾਬੀ ਵਿਭਾਗ ਦੇ ਅਧਿਆਪਕਾਂ ਅਤੇ ਵਿਦਿਆਰ-ਥੀਆਂ ਦੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ।

ਗੁਰੂਗ੍ਰਾਮ ਵਿੱਚ ਨੰਨ੍ਹੇ ਉਦਮੀਆਂ ਨੇ ਦਿਖਾਈ ਆਪਣੀ ਪ੍ਰਤਿਭਾ, 6 ਤੋਂ 18 ਸਾਲ ਦੇ ਬੱਚਿਆਂ ਨੇ ਜਿੱਤਿਆ ਲੋਕਾਂ ਦਾ ਦਿਲ

ਸਾਂਝੀ ਖ਼ਬਰ

ਆਪਣੇ ਬ੍ਰਾਂਡ ਅਤੇ ਕੰਪਨੀਆਂ ਬਣਾ ਕੇ ਤਿਆਰ ਕੀਤੇ ਹੱਥੀਂ ਬਣੇ ਉਤਪਾਦ, ਦੀਵਾਲੀ ਮੇਲੇ ਵਿੱਚ ਲਗਾਏ ਸਟਾਲ

(ਸੁਖਵਿੰਦਰ ਸੋਹੀ):
ਗੁਰੂਗ੍ਰਾਮ, 31 ਅਕਤੂਬਰ

ਜਿਸ ਉਮਰ ਵਿੱਚ ਬੱਚੇ ਖੇਡਣ ਅਤੇ ਮਨੋਰੰਜਨ ਵਿੱਚ ਰੁੱਝੇ ਰਹਿੰਦੇ ਹਨ, ਉਸ ਉਮਰ ਵਿੱਚ ਗੁਰੂਗ੍ਰਾਮ ਦੇ ਨੰਨ੍ਹੇ ਬੱਚਿਆਂ ਨੇ ਆਪਣੀ ਮਿਹਨਤ, ਹੁਨਰ ਅਤੇ ਆਤਮ-ਵਿਸ਼ਵਾਸ ਨਾਲ ਉਦਮਸ਼ੀਲਤਾ ਦੀ ਸ਼ਾਨਦਾਰ ਮਿਸਾਲ ਪੇਸ਼ ਕੀਤੀ ਹੈ। ਸੈਕਟਰ-50 ਸਥਿਤ ਨਿਰਵਾਣਾ ਕੰਟਰੀ ਵਿੱਚ ਲੱਗੇ ਦੀਵਾਲੀ ਮੇਲੇ ਦੌਰਾਨ ਬੱਚਿਆਂ ਵੱਲੋਂ ਲਗਾਏ ਗਏ ਸਟਾਲ ਨੰਬਰ 19 ਨੇ ਵਿਸ਼ੇਸ਼ ਖਿੱਚ ਦਾ ਕੇਂਦਰ ਬਣ ਕੇ ਲੋਕਾਂ ਦੀ ਵਾਹ-ਵਾਹ ਖੱਟੀ। ਯੰਗ ਵੈਲਥ ਕ੍ਰੀਏਟਰਜ਼ ਆਰਗੇਨਾਈਜ਼ੇਸ਼ਨ (YWCO) ਵੱਲੋਂ ਕਰਵਾਏ



ਗਏ 'ਯੰਗ ਫਾਊਂਡਰਜ਼ ਮਾਰਕੀਟ–ਦੀਵਾਲੀ ਐਡੀਸ਼ਨ' ਵਿੱਚ ਬੱਚਿਆਂ ਨੇ ਸਿਰਫ਼ ਹੱਥੀਂ ਬਣੇ ਉਤਪਾਦ ਹੀ ਤਿਆਰ ਨਹੀਂ ਕੀਤੇ, ਸਗੋਂ ਆਪਣੇ ਬ੍ਰਾਂਡ ਅਤੇ ਕੰਪਨੀਆਂ ਵੀ ਸਥਾਪਿਤ ਕੀਤੀਆਂ। ਤਕਰੀਬਨ 150 ਸਟਾਲਾਂ ਵਾਲੇ ਮੇਲੇ ਵਿੱਚ ਬੱਚੇ ਖੁਦ ਗਾਹਕਾਂ ਨੂੰ ਆਪਣੇ ਉਤਪਾਦਾਂ ਦੀ ਜਾਣਕਾਰੀ ਦੇ ਰਹੇ ਸਨ ਅਤੇ ਕੀਮਤ ਦੱਸ ਕੇ ਵਿਕਰੀ ਕਰ ਰਹੇ ਸਨ।ਨੰਨ੍ਹੀ ਉਦਮੀ ਤਕਸ਼ੀ ਨੇ 'ਫਰੀ ਕੈਟ' ਦੇ ਨਾਂ ਹੇਠ ਹੱਥੀਂ ਬਣੇ ਸਕੁਈਸ਼ੀ ਖਿਡੌਣੇ ਤਿਆਰ ਕੀਤੇ। ਕਬੀਰ ਅਤੇ ਯੁਵੀਰ ਨੇ ਮਿਲ ਕੇ 'ਕੈਂਡੇਲ' ਕੰਪਨੀ ਬਣਾਈ ਅਤੇ ਮੋਮਬੱਤੀਆਂ ਤੇ ਬ੍ਰਾਊਨੀਜ਼ ਤਿਆਰ ਕੀਤੀਆਂ। ਸਭਿਆ ਨੇ 'ਡ੍ਰੀਮਸ਼ੀਟਸ' ਬ੍ਰਾਂਡ ਹੇਠ ਬੈੱਡਸ਼ੀਟਾਂ ਅਤੇ ਕੰਫਰਟਰ ਤਿਆਰ ਕੀਤੇ, ਜਦਕਿ ਰਿਨਾਇਆ ਅਤੇ ਰਿਧਾਨ ਨੇ 'ਫਿਜ਼ ਐਂਡ ਬਲੂਮ' ਨਾਂ ਦੀ ਕੰਪਨੀ ਰਾਹੀਂ ਬਾਥ ਬੰਬ, ਬਾਥ ਡੋਅ ਅਤੇ ਬਾਥ ਬਟਰ ਵਰਗੇ ਉਤਪਾਦ ਪੇਸ਼ ਕੀਤੇ।

ਅੱਠ ਸਾਲਾ ਰਿਨਾਇਆ ਨੇ ਦੱਸਿਆ ਕਿ ਉਸਨੇ ਸ਼ੁਰੂਆਤ ਵਿੱਚ ਆਪਣੀ ਮਾਂ ਦੀ ਮਦਦ ਨਾਲ ਉਤਪਾਦ ਬਣਾਉਣੇ ਸਿੱਖੇ ਅਤੇ ਹੁਣ ਖੁਦ ਨਵੇਂ ਉਤਪਾਦ ਤਿਆਰ ਕਰਦੀ ਹੈ। ਛੇ ਸਾਲਾ ਰਿਧਾਨ ਨੇ ਦੱਸਿਆ ਕਿ ਉਸਨੇ ਯੂਟਿਊਬ 'ਤੇ ਵੀਡੀਓ ਦੇਖ ਕੇ ਹੱਥੀਂ ਬਣੀਆਂ ਚੀਜ਼ਾਂ ਤਿਆਰ ਕਰਨੀਆਂ ਸਿੱਖੀਆਂ।

ਆਪ ਸਰਕਾਰ ਦੀ ਨਿਕੰਮੀ ਕਾਰਗੁਜ਼ਾਰੀ ਕਾਰਨ ਲੋਕਾਂ 'ਚ ਸਹਿਮ ਦਾ ਮਾਹੌਲ ਚੰਨੀ


ਸਾਂਝੀ ਖ਼ਬਰ

ਵੀਰਪਾਲ ਭਗਤਾ,
ਭਗਤਾ ਭਾਈਕਾ-

ਕਾਂਗਰਸ ਦੇ ਸੀਨੀਅਰ ਆਗੂ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਆਖਿਆ ਹੈ ਕਿ ਸੂਬੇ ਅੰਦਰ ਕਾਨੂੰਨ ਦਾ ਰਾਜ ਖਤਮ ਹੋ ਚੁੱਕਾ ਹੈ, ਆਪ ਸਰਕਾਰ ਦੀ ਨਿਕੰਮੀ ਕਾਰਗੁਜ਼ਾਰੀ ਕਾਰਨ ਲੋਕਾਂ 'ਚ ਸਹਿਮ ਦਾ ਮਾਹੌਲ ਹੈ ਅਤੇ ਲੋਕ ਡਰ ਦੇ ਸਾਏ ਹੇਠ ਆਪਣਾ ਜੀਵਨ ਬਤੀਤ ਕਰ ਰਹੇ ਹਨ, ਉਹਨਾਂ ਕਿਹਾ ਕਿ ਅਜਿਹਾ ਮਹੌਲ ਬਦਲਣ ਦੀ ਡਾਹਢੀ ਲੋੜ ਹੈ, ਜਿਸ ਲਈ ਪੰਜਾਬ ਦੇ ਲੋਕਾਂ ਨੇ ਕਮਰਕਸੇ ਕਸ ਲਏ ਹਨ। ਸਾਬਕਾ ਮੁੱਖ ਮੰਤਰੀ ਚੰਨੀ ਨੇ ਇਹ ਪ੍ਰਗਟਾਵਾ ਸਾਬਕਾ ਮੰਤਰੀ ਅਤੇ ਕਾਂਗਰਸ ਦੇ ਸੀਨੀਅਰ ਸੂਬਾ ਆਗੂ ਗੁਰਪ੍ਰੀਤ ਸਿੰਘ ਕਾਂਗੜ ਦੇ ਪਿੰਡ ਕਾਂਗੜ ਸਥਿਤ



ਰਿਹਾਇਸ਼ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤੇ, ਜਿੱਥੇ ਉਹ ਰਾਤ ਭਰ ਰੁਕੇ। ਦੋਨਾਂ ਆਗੂਆਂ ਨੇ ਕਾਂਗਰਸ ਪਾਰਟੀ, ਸੱਤਾ ਧਿਰ ਅਤੇ ਅਕਾਲੀਆਂ ਬਾਰੇ ਵੀ ਖੁੱਲ੍ਹਕੇ ਵਿਚਾਰਾਂ ਕੀਤੀਆਂ। ਚੰਨੀ ਨੇ ਕਿਹਾ ਕਿ ਸੂਬੇ ਅੰਦਰ ਲਾਕਾਨੂੰਨੀ ਸਿਖਰਾਂ ਤੇ ਹੈ, ਫ਼ਿਰੌਤੀਆਂ ਲਈਆਂ ਜਾ ਰਹੀਆਂ ਹਨ ਅਤੇ ਨਸ਼ਿਆਂ ਦੇ ਫੈਲੇ ਕੋਹੜ ਕਾਰਨ ਆਏ ਦਿਨ ਮਾਵਾਂ ਦੇ ਪੁੱਤ ਮਾਰੇ ਜਾ ਰਹੇ ਹਨ। ਉਹਨਾਂ ਸਪੱਸ਼ਟ ਸ਼ਬਦਾਂ ਵਿੱਚ ਦੋਸ਼ ਲਾਏ ਕਿ ਇਹ ਸਭ ਕੁਝ ਸਰਕਾਰ ਦੀ ਕਥਿਤ ਮਿਲੀਭੁਗਤ ਤੋਂ ਬਿਨਾਂ ਨਹੀਂ ਹੋ ਸਕਦਾ। ਸਾਬਕਾ ਮੁੱਖ ਮੰਤਰੀ ਦਾ ਕਹਿਣਾ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਲੋਕ ਹਿਤ ਵਿਚ ਜ਼ਮੀਨ ਤੇ ਕੀਤੇ ਕੰਮ ਦਿਖਾਈ ਨਹੀਂ ਦੇ ਰਹੇ, ਇਸੇ ਕਰਕੇ ਇਹ ਸਰਕਾਰ ਇਸ਼ਤਿਹਾਰ ਬਾਜ਼ੀ ਤੇ ਸੂਬੇ ਦਾ ਅਨਮੋਲ ਖ਼ਜ਼ਾਨਾ ਕਰੋੜਾਂ ਵਿੱਚ ਇਸ ਗੱਲ ਨੂੰ ਸਾਬਤ ਕਰਨ ਤੇ ਲੱਗੀ ਹੋਈ ਹੈ ਕਿ ਸਰਕਾਰ ਬਹੁਤ ਕੰਮ ਕਰ ਰਹੀ ਹੈ, ਜਦਕਿ ਕੀਤੇ ਕੰਮਾਂ ਨੂੰ ਕਿਸੇ ਇਸ਼ਤਿਹਾਰ ਦੀ ਕਥਿਤ ਝੂਠੀ ਗਵਾਹੀ ਦੀ ਲੋੜ ਨਹੀਂ ਹੁੰਦੀ। ਸਰਕਾਰ ਵਲੋਂ ਨੌਜਵਾਨਾਂ ਨੂੰ ਸਰਕਾਰੀ ਰੁਜ਼ਗਾਰ ਦਿੱਤੇ ਜਾਣ ਦਾ ਮਖੌਲ ਉਡਾਉਂਦਿਆਂ ਉਹਨਾਂ ਸਰਕਾਰ ਨੂੰ ਚੁਣੌਤੀ ਦਿੱਤੀ ਕਿ ਜੇਕਰ ਸਰਕਾਰੀ ਨੌਕਰੀਆਂ ਦੇਣ ਦੇ ਮਾਮਲੇ ਵਿਚ ਸਰਕਾਰ ਸੱਚੀ ਹੈ ਤਾਂ ਉਹ ਵਾਈਟ ਪੇਪਰ ਜਾਰੀ ਕਰੇ।




ਅਦਾਰਾ ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ, ਖਬਰਾਂ ਆਰਟੀਕਲਾਂ ਅਤੇ ਹੋਰ ਮੈਟਰ ਦੀ ਪੁਸ਼ਟੀ ਨਹੀ ਕਰਦਾ ਹੈ ਜਿਸਦੇ ਲਈ ਭੇਜਣ ਵਾਲੇ ਖੁਦ ਜਿੰਮੇਵਾਰ ਹੋਣਗੇ। ਰੋਜ਼ਾਨਾ ਸਾਂਝੀ ਖ਼ਬਰ ਵਿੱਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ ਵਿਵਾਦ ਸਬੰਧੀ ਕੇਸ਼ਾਂ ਦਾ ਨਿਪਟਾਰਾ ਸਿਰਫ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ ਵਿੱਚ ਹੋਵੇਗਾ।
ਮਾਲਕ ਨਰਿੰਦਰ ਜੱਗਾ ਪ੍ਰਕਾਸ਼ਿਕ ਪ੍ਰਿੰਟਰ ਅਤੇ ਮੁੱਖ ਸੰਪਾਦਕ ਪੀ ਐਸ ਮਿੱਠਾ, ਸਹਿ ਸੰਪਾਦਕ ਸੰਦੀਪ ਸਿਘ
ਨੇ ਰੋਜ਼ਾਨਾ ਸਾਂਝੀ ਖ਼ਬਰ ਦਾ ਇਹ ਡਿਜੀਟਲ ਐਡੀਸ਼ਨ ਪਟਿਆਲਾ ਰੋਡ ਨੇੜੇ ਪੰਜਾਬ ਐਂਡ ਸਿੰਧ ਬੈਂਕ ਜੀਰਕੁਪਰ ਜਿਲ੍ਹਾ ਮੋਹਾਲੀ ਪੰਜਾਬ ਤੋਂ ਰਿਲੀਜ਼ ਕੀਤਾ ਹੈ

ਅੰਮ੍ਰਿਤ ਪਵਾਰ
62804 94562



ਕਹਿਰ ਵਾਪਰਿਆ ਦਿਨੇਸ਼ /ਬਬੀਤਾ ਔਲਖ ਨਾਲ ਨਹੀਂ ਰਹੇ_ਦਿਵਿਤ ਔਲਖ

ਹੱਸਦੇ ਵੱਸਦੇ ਗੁਲਸ਼ਨ ਦੇ ਫੁੱਲ ਨੂੰ ਕੁਦਰਤ ਹੀ ਬੇਜਾਨ ਕਰ ਦੇਵੇ ਤਾਂ ਕਿਸ ਨੂੰ ਕਹੀਏ।ਦਿਨੇਸ਼ ਔਲਖ ਪੰਜਾਬੀ ਸੰਗੀਤ ਤੇ ਫ਼ਿਲਮਾਂ ਦੀ ਕੰਪਨੀ ਸਪੀਡ ਰਿਕਾਰਡਜ਼ ਦੇ ਮੁੱਖੀ ਤੇ ਓਹਨਾਂ ਦੀ ਧਰਮ ਪਤਨੀ ਬਬੀਤਾ ਔਲਖ ਦੇ ਚਿਹਰੇ ਦੇਖੇ ਨਹੀਂ ਜਾ ਰਹੇ , ਅੱਖਾਂ ਪੱਥਰ ਨੇ ਦਿਨੇਸ਼ ਜੀ ਦੀਆਂ, ਅੱਥਰੂ ਰੁੱਕ ਨਹੀਂ ਰਹੇ ਬਬੀਤਾ ਔਲਖ ਦੇ ਮਾਂ ਹੈ ਨਾ ਜਿਸ ਦੇ ਜਵਾਨ ਹੱਸਦੇ ਖੇਡਦੇ ਪੁੱਤਰ ਦੀਵਿਤ ਔਲਖ ਨੂੰ ਰੱਬ ਨੇ ਝਪਟ ਮਾਰ ਖੋਹ ਲਿਆ ਹੈ।ਹੈ ਹਰ ਅੱਖ ਨਮ ਰੋ ਰਹੀ ਹੈ।ਦਿਵਿਤ ਦੁਰਘਟਨਾ ਚ ਨਹੀਂ ਰਹੇ ਤੇ ਓਹਨਾਂ ਦਾ ਅੰਤਿਮ ਸੰਸਕਾਰ 3 ਨਵੰਬਰ ਨੂੰ ਕਰੇਮੇਸ਼ਨ ਗਰਾਊਂਡ ਮਾਡਲ ਟਾਊਨ ਜਲੰਧਰ 1 ਵਜੇ ਹੋਏਗਾ।ਸਪੀਡ ਰਿਕਾਰਡਜ਼ ਨੇ ਅਤਿਅੰਤ ਦੁੱਖ ਹਿਰਦੇ ਨਾਲ ਕਿਹਾ ਹੈ, ਵਾਹਿਗੁਰੂ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ, ਦਿਨੇਸ਼/ਬਬੀਤਾ ਜੀ ਸਬਰ , ਭਾਣਾ ਮੰਨਣਾ ਤੇ ਦੁੱਖ ਸਹਿਣ ਦਾ ਬਲ ਈਸ਼ਵਰ ਦੇਵੇ।ਸਾਡੇ ਵੱਲੋਂ ਦਿਵਿਤ ਲਈ ਅਰਦਾਸ।_ਅੰਮ੍ਰਿਤ ਪਵਾਰ।



ਆ ਗਈ ਬਈ ਆ ਗਈ ਹਰਬੀਰ ਸਿਹੁੰ ਦੀ _ਮਾਸਟਰਨੀ

ਆਪਣੀ ਚਾਲ ਮਸਤ ਹਰਬੀਰ ਸਿੰਘ ਢੀਂਡਸਾ ਤੇ ਇਸ ਦੀਵਾਲੀ ਤੱਕ ਓਹਨਾਂ ਨੇ ਬਹੁਤ ਹੀ ਵਧੀਆ ਲਘੂ ਫਿਲਮਾਂ ਦੇ ਕਿ ਪੰਜਾਬੀਆਂ ਦਾ ਮਨੋਰੰਜਨ ਵੀ ਕੀਤਾ ਤੇ ਸੁਨੇਹੇ ਵੀ ਲਾਏ ਕਿ ਇਹ ਪ੍ਰਥਾ ਬੁਰੀ ਹੈ ਜਾਂ ਸਿਆਣਪ ਵਾਲੇ ਜਵਾਈ ਵੀ ਹੁੰਦੇ ਹਨ ।ਮਿਊਜ਼ਿਕ ਹੱਟ ਟੀਵੀ ਪਰਚਮ ਤੇ ਹੁਣ "ਮਾਸਟ-ਰਨੀ " ਸ਼ੋਰਟ ਫ਼ਿਲਮ ਆਈ ਹੈ ਜਿਸ ਦੇ ਨਿਰਮਾਤਾ ਅਮਿਤੋਜ਼ ਢੀਂਡਸਾ, ਸਹਿਯੋਗ ਪਰਮਜੀਤ ਕੌਰ ਤੇ ਹਰਪ੍ਰੀਤ ਕੌਰ ਆਸਟ੍ਰੇਲੀਆ ਦਾ ਹੈ।ਖਾਸ ਸਹਿਯੋਗ ਕਨੇਡਾ ਵਾਲੀ ਪ੍ਰੀਤ ਗਰੇਵਾਲ ਦਾ ਹੈ।ਮਨਜੀਤ ਜੱਸਲ ਦੇ ਨਾਲ ਸੁਮਨ ਵਰਸਾਉਂਦੀ ਸੁਮਨ ਬਾਠ ਹੈ ਤੇ ਨਾਲ ਤੇਜਿੰਦਰ ਕੌਰ ਮਾਨ ਵੀ ਹੈ।ਇਸ ਵਾਰ ਨਵੀਂ ਹੀਰੋਇਨ ਪ੍ਰੇਮ ਲਤਾ ਨੂੰ ਵੀ "ਮਾਸਟਰਨੀ" ਨਾਲ ਰੱਖਿਆ ਗਿਆ ਹੈ ਆਰਟਿਸਟ ਬਣਾ ਕਿ ਇਹ ਹੋਈ ਨਾ ਲੱਖ ਦੀ ਗੱਲ, ਕਰੋੜ ਦੀ ਗੱਲ।_ਅੰਮ੍ਰਿਤ ਪਵਾਰ।




ਆਲ ਰਾਉਂਡਰ ਸਿੱਖਿਆ ਤੋਂ ਮਨੋਰੰਜਨ ਖੇਤਰ ਤੱਕ ਦਲਜੀਤ ਸੋਨਾ

ਕਹਿੰਦੇ ਹੁੰਦੇ ਸੀ ਕਲਾਕਾਰ ਖਾਸ ਕਰ ਪੰਜਾਬੀ ਘੱਟ ਪੜ੍ਹੇ ਲਿਖੇ ਹੁੰਦੇ ਨੇ ਪਰ ਦਲਜੀਤ ਸਿੰਘ ਸੋਨਾ ਓਸ ਧਾਰਨਾ ਨੂੰ ਗਲਤ ਸਾਬਿਤ ਕਰ ਚੁੱਕੇ ਨੇ ਤੇ ਓਹ ਅੰਗਰੇਜ਼ੀ ਦੀ ਐਮ ਏ , ਫਿਲਮ ਟੀਵੀ ਦੀ ਮਾਸਟਰ ਡਿਗਰੀ ਤੇ ਬੀ ਐਡ ਤੱਕ ਤੇ ਰਾਸ ਆਈ ਫਿਲਮ , ਥੀਏਟਰ ਤੇ ਟੀਵੀ ਲਾਈਨ, ਦਿਨ ਪ੍ਰਤੀ ਦਿਨ ਸਨਮਾਨ, ਖੁਦ ਸੋਨਾ ਐਕਟਿੰਗ ਅਕੈਡਮੀ ਨਾਲ ਕਰ ਰਹੇ ਕਲਾਕਾਰਾਂ ਦਾ ਭਵਿੱਖ ਰੌਸ਼ਨ ਤੇ ਖੁਦ ਐਕਟਰ , ਲੇਖਕ ਤੇ ਨਿਰਦੇਸ਼ਕ ਹਨ ਦਲਜੀਤ ਸਿੰਘ ਸੋਨਾ।ਦਲਜੀਤ ਸੋਨਾ ਨੇ ਬਾਲੀਵੁੱਡ ਫਿਲਮਾਂ, ਪੰਜਾਬੀ ਫ਼ਿਲਮਾਂ ਬਹੁਤ ਕੀਤੀਆਂ ਨੇ ਪਰ ਪਹਿਚਾਣ ਖੁਦ "ਫੀਕੇ " ਜਿਹੇ ਸਟੇਜ ਨਾਟਕ, ਸ਼ੋਰਟ ਫ਼ਿਲਮਾਂ ਚ ਐਕਟਿੰਗ ਅੱਜ ਕਲ "ਦੇ ਲੱਡੂ" ਚਰਚਿਤ ਹੈ।ਦਲਜੀਤ ਸਿੰਘ ਸੋਨਾ ਨੂੰ ਧਰਵਿੰਦਰ ਸਿੰਘ ਔਲਖ, ਗੁਰਬਾਜ਼ ਛੀਨਾ, ਪੰਜਾਬੀ ਸਾਹਿਤ ਸਭਾ ਚੋਗਾਵਾਂ ਵੱਲੋਂ ਵਿਸ਼ੇਸ਼ ਸਨਮਾਨ ਦਿੱਤਾ ਗਿਆ।ਮੁਬਾਰਕ ਤੇ ਹਾਂ ਪਹਿਲੀ ਨਜ਼ਰੇ ਤੱਕਣ ਵਾਲਾ ਆਖਦਾ ਯਾਰ ਇਹ ਤੇ ਹੀਰੋ



"ਬਿੱਲੇ ਦੇ ਬਾਪੂ" ਸੁਣ ਕਿੰਨਾ ਪਿਆਰਾ ਗਾਉਂਦੀ ਮਨਜੀਤ ਮੀਤ

ਪੰਜਾਬ ਦੀ ਚਰਚਿਤ ਤੇ ਪਿਆਰੀ ਗਾਇਕਾ ਮਨਜੀਤ ਮੀਤ ਪੰਜਾਬੀ ਸੰਗੀਤ ਵਿੱਚ ਜਾਣਿਆ ਪਹਿਚਾਣਿਆ ਨਾਮ ਬਣ ਚੁੱਕੀ ਹੈ। ਇਹੀ ਮਨਜੀਤ ਮੀਤ ਹਨ ਵਿਆਹ ਸ਼ਾਦੀਆਂ ਦੇ ਸੀਜਨ ਦੇ ਸ਼ੁਰੂ ਹੋਣ ਤੋਂ ਪਹਿਲਾਂ ਇੱਕ ਵਿਆਹ/ ਸ਼ਾਦੀਆਂ ਵਿੱਚ ਚਲਣ ਵਾਲਾ ਪੰਜਾਬੀ ਗੀਤ " ਬਿੱਲੇ ਦੇ ਬਾਪੂ" ਨਾਲ ਹਾਜ਼ਿਰ ਹੋ ਕਿ ਚਰਚਾ ਵਿੱਚ ਹੈ।ਵਿਸ਼ਵ ਪ੍ਰਸਿੱਧ ਗੀਤਕਾਰ ਵਿਨੋਦ ਸ਼ਾਇਰ ਵੱਲੋਂ ਬੜੀ ਬਾਖੂਬੀ ਨਾਲ ਇਹ ਗੀਤ ਲਿਖਿਆ ਗਿਆ ਹੈ।ਇਸ ਦਾ ਦਿਲਕਸ਼ ਸੰਗੀਤ ਪੰਮਾ ਕੁਲਜੀਤ ਵੱਲੋਂ ਤਿਆਰ ਕੀਤਾ ਗਿਆ ਹੈ ਅਤੇ ਵਿਨੋਦ ਸ਼ਾਇਰ ਪ੍ਰੋਡਕਸ਼ਨ ਦੇ ਬੈਨਰ ਹੇਠ ਰਿਲੀਜ਼ ਹੋ ਇਹ ਗੀਤ ਖੂਬ ਵਾਇਰਲ ਹੈ। ਤਾਜ਼ਾ ਖ਼ਬਰਾਂ ਅਨੁਸਾਰ ਗੀਤ ਦੀ ਪੂਰੀ ਵੀਡੀਓ ਵੀ ਆ ਰਹੀ ਹੈ। ਮਨਜੀਤ ਮੀਤ ਦਾ ਕਹਿਣਾ ਹੈ ਕਿ ਆਪਣੀ ਵੱਖਰੀ ਪਛਾਣ ਬਣਾਵੇਗਾ ਇਹ ਗੀਤ। ਪਹਿਲਾਂ ਵੀ ਬਹੁਤ ਗੀਤ ਮਾਰਕੀਟ ਵਿੱਚ ਸਫਲਤਾ ਪੂਰਕ ਮੀਤ ਦੇ ਆਏ ਹਨ। ਚਰਚਿਤ ਗੀਤ "ਜੰਞ" " ਜੀਜਾ ਹੋ ਗਿਆ ਸ਼ਰਾਬੀ" "ਮੰਗੋ ਮੰਗੀ ਗਈ" " ਦਿਲ ਇੱਕ ਤੇ ਮੰਗਦੇ ਆ ਲੱਖਾਂ" ਤੇ ਧਾਰਮਿਕ ਗੀਤ ਮਾਂ ਨੇ ਆਉਣਾ ਕਾਮਯਾਬ ਹਨ। ਹੁਣ "ਬਿੱਲੇ ਦੇ ਬਾਪੂ" ਨੇ ਧੁੰਮਾਂ ਪਾਈਆਂ ਹੋਈਆਂ ਹਨ।_ਅੰਮ੍ਰਿਤ ਪਵਾਰ।



ਸਭ ਨੂੰ ਮਾਤ ਪਾਈ ਬਣ ਗਲੈਮਰ ਗਰਲ _ਬਲਜੀਤ ਵਿਰਕ

ਬਲਜੀਤ ਵਿਰਕ ਜਾਂ ਬਲਜੀਤ ਕੌਰ ਵਿਰਕ ਇਸ ਵੇਲੇ ਮੁੰਬਈ ਦੀ ਬਾਲੀਵੁੱਡ ਤੇ ਟੈਲੀਵੁੱਡ ਚ ਪੂਰਾ ਨਾਮ ਹੈ।ਬਲਜੀਤ ਵਿਰਕ ਸਬ ਟੀਵੀ , ਸੋਨੀ ਟੀਵੀ ਤੇ ਪੰਜਾਬੀ ਫ਼ਿਲਮਾਂ, ਹਿੰਦੀ ਫ਼ਿਲਮਾਂ ਤੇ ਐਡ ਫ਼ਿਲਮਾਂ ਦੀ ਕਵੀਨ ਹੈ।ਗੱਲ ਓਸ ਦੀ ਐਕਟਿੰਗ ਦੀ ਤਾਂ ਯੂਟਿਊਬ ਜਾਂ ਸ਼ੇਮਾਰੋ ਟੀਵੀ ਤੇ ਓਸ ਦੇ "ਚਿੜੀਆ ਘਰ" ਸੀਰੀਅਲ ਨੂੰ ਦੇਖ ਲਓ।ਗੱਲ ਓਸ ਦੇ ਗਲੈਮਰ ਦੀ ਤਾਂ ਇਸ ਚ ਕਟਰੀਨਾ ਕੈਫ ਤੋਂ ਘੱਟ ਨਹੀਂ ਹੈ।ਓਸ ਨੇ ਫੋਨ ਤੇ ਦੱਸਿਆ ਕਿ ਰੱਬ ਦੀ ਕਿਰਪਾ ਏ ਫਿੱਟਨੈੱਸ ਹੈ ਤੇ ਸਰੀਰਕ ਬਣਤਰ ਦਰਸ਼ਕ ਖਿੱਚ ਲੈਂਦੀ ਹੈ।ਬਲਜੀਤ ਕੌਰ ਵਿਰਕ ਮੁੰਬਈ ਬਾਲੀਵੁੱਡ ਦੇ ਗਲੈਮਰ ਦੀ ਰਾਣੀ ਬਣ ਰਾਜ ਤਾਂ ਕਰਦੀ ਹੀ ਹੈ ਓਸ ਨੇ ਮੁੰਬਈ ਦੀ ਰਾਜਨੀਤੀ ਤੇ ਸਮਾਜ ਸੇਵਾ ਵਿੱਚ ਵੀ ਆਪਣਾ ਅਸਰ ਖੂਬ ਛੱਡਿਆ ਹੈ।ਬਲਜੀਤ ਕੌਰ ਵਿਰਕ ਨੇ ਦੀਵਾਲੀ ਮੌਕੇ ਬਾਲੀਵੁੱਡ , ਟੀਵੀ ਦੁਨੀਆਂ ਤੇ ਪਾਲੀਵੁੱਡ ਨੂੰ ਮੁਬਾਰਕ ਦਿੱਤੀ ਤੇ ਕਿਹਾ ਕਿ ਅੱਗੇ ਨਿਸ਼ਾਨਾ ਹਾਲੀਵੁੱਡ ਹੈ।_ਅੰਮ੍ਰਿਤ ਪਵਾਰ



ਬਲਦੇਵ ਰਾਜ ਮਾਂਡੀਆਂ ਬੱਚਿਆਂ ਨਾਲ ਹੈਪੀ ਹੈਲੋਵੀਨ



ਪਾਲੀਵੁੱਡ ਬਾਲੀਵੁੱਡ ਦੇ ਨਿਰਮਾਤਾ ਬਲਦੇਵ ਰਾਜ ਪੰਜਾਬ ਦੇ ਲੋਕ ਪ੍ਰਿਯ ਬ੍ਰਾਂਡ ਪੰਨੂ ਪਕੌੜਿਆਂ ਵਾਲਾ ਦੇ ਸੀਈਓ ਵੀ ਹਨ।ਜਿੱਥੇ ਫ਼ਿਲਮ ਖੇਤਰ ਲਈ ਟਾਈਮ ਓਹ ਦਿੰਦੇ ਨੇ ਤੇ ਧਰਮ ਕਰਮ ਕਾਰਜ ਵੀ ਕਰਦੇ ਨੇ ਓਥੇ ਉਹ ਪਰਿਵਾਰ ਨੂੰ ਪੂਰਾ ਟਾਈਮ ਦਿੰਦੇ ਹਨ।ਬਲਦੇਵ ਰਾਜ ਨੇ "ਹੈਪੀ ਹੈਲੋਵੀਨ" ਬੱਚਿਆਂ ਨਾਲ ਕਿਹਾ ਤੇ ਬੱਚੇ ਇਸ ਚ ਮਾਨਸਿਕ ਖੁਸ਼ੀ ਮਹਿਸੂਸ ਕਰਦੇ ਨਜ਼ਰ ਆਏ ।ਯਾਦ ਰਹੇ "ਕੱਚੇ ਧਾਗੇ " " ਅੱਜ ਦੇ ਲਫੰਗੇ" ਫ਼ਿਲਮਾਂ ਦੇ ਮੇਕਰ ਬਲਦੇਵ ਰਾਜ ਬਾਲੀਵੁੱਡ ਪ੍ਰੋਜੈਕਟ ਦੀਪ ਨਾਲ ਕਰਨਗੇ।_ਅੰਮ੍ਰਿਤ ਪਵਾਰ।

ਹਰਪ੍ਰੀਤ ਰੰਧਾਵਾ "ਘੁੰਮ ਘੁੰਮ" ਕਾਮਯਾਬ ਹੁਣ ਪਾਉ _ਪੀਂਘ

ਗਾਇਕ ਹਰਪ੍ਰੀਤ ਰੰਧਾਵਾ 2026 ਚ ਜਿੰਨਾ ਫਾਸਟ ਰਿਹਾ ਹੈ ਸੰਕੇਤ ਨੇ ਕਿ 2027 ਚ ਓਹ ਫਿਰ ਸਟਾਰ ਪ੍ਰਵਾਸੀ ਪੰਜਾਬੀ ਗਾਇਕ ਹੋਏਗਾ।ਸਾਈਂ ਜੀ ਦੀ ਦਯਾ ਦ੍ਰਿਸ਼ਟੀ ਕਿ "ਮਿਹਰਾਂ ਕਰਦੇ" ਹਿੰਦੀ ਭਜਨ ਸਫ਼ਲ ਰਿਹਾ ਤੇ ਹੁਣ "ਘੁੰਮ ਘੁੰਮ" ਨਾਲ ਬੀਟ ਗਾਇਕੀ ਵਿੱਚ ਲੱਖਣ ਕਲਾਂ ਦੇ ਇਸ ਗੱਭਰੂ ਦੀ ਬੱਲੇ ਬੱਲੇ ਹੀ ਹੋ ਗਈ। ਗੋਇਲ ਮਿਊਜ਼ਿਕ ਤੇ ਸੰਗੀਤਕਾਰ ਚੇਤਨ ਤਿਵਾੜੀ ਨਾਲ ਹਰਪ੍ਰੀਤ ਰੰਧਾਵਾ ਦੀ ਕੋਲੇਬ ਵਧੀਆ ਜਾ ਰਹੀ ਹੈ ਤੇ ਸਾਹਿਬ ਢਿੱਲੋਂ ਜਿਹਾ ਸ਼ਾਨਦਾਰ ਗੀਤਕਾਰ ਓਸ ਕੋਲ ਹੈ।ਹਰਪ੍ਰੀਤ ਰੰਧਾਵਾ ਦੀਆਂ ਇਸ ਵੇਲੇ ਪੰਜੇ ਉਂਗਲਾਂ ਘਿਓ ਵਿੱਚ ਨੇ ਓਹ ਵੀ ਦੇਸੀ ਘਿਓ ਵਿੱਚ ਜੇ ਹੋ।ਯਾਦ ਰਹੇ ਹਰਪ੍ਰੀਤ ਰੰਧਾਵਾ "ਸਾਡੇ ਪਿੰਡ ਮੇਲਾ ਲੱਗਦਾ" ਨਾਲ ਰਾਤੋ ਰਾਤ ਸਟਾਰ ਬਣੇ ਸਨ।_ਅੰਮ੍ਰਿਤ ਪਵਾਰ।





ਦਿਓਲ ਪਰਿਵਾਰ ਨਾਲ ਬਹੁਤ ਪਿਆਰ ਹੈ ਜਗਦਰਸ਼ਨ ਸਮਰਾ

ਇੱਕ ਵੇਲੇ ਚਰਚਿਤ ਪੰਜਾਬੀ ਫ਼ਿਲਮ ਨਾਇਕ ਤੇ ਕਲਾਕਾਰ ਜਗਦਰਸ਼ਨ ਸਮਰਾ ਰਹੇ ਹਨ ਤੇ ਜਗਦਰਸ਼ਨ ਸਮਰਾ ਨੇ ਇਸ ਫਿਲਮ ਨਗਰੀ ਚ ਹਰੇਕ ਤੇ ਵਿਸ਼ਵਾਸ਼ ਕੀਤਾ, ਬਹੁਤ ਲੋਕਾਂ ਦੀ ਸਹਾਇਤਾ ਕੀਤੀ . ।ਬਾਕੀ ਕੁੱਝ ਮਗਰਮੱਛ ਹੁੰਦੇ ਨੇ ਪਰ ਹਰੇਕ ਨਵੇਂ ਇਨਸਾਨ ਨਾਲ ਇਹ ਆਮ ਹੈ।ਜਗਦਰਸ਼ਨ ਸਮਰਾ ਨੇ ਇਸ ਨਗਰੀ ਵਿੱਚ ਆਪਣੇ ਸੁਭਾਅ ਤੇ ਨੇਚਰ ਨਾਲ ਧਰਮਿੰਦਰ ਜੀ ਲੇਟ ਪਰਿਵਾਰ ਮਤਲਬ ਦਿਓਲ ਪਰਿਵਾਰ ਨਾਲ ਨਜ਼ਦੀਕੀ ਨਾਤੇ ਨਿਭਾਏ ਹਨ।ਓਹਨਾਂ ਫੋਨ ਤੇ ਕਿਹਾ ਧਰਮ ਭਾਜੀ ਤਾਂ ਜੱਗ ਜਾਣਦਾ ਓਹਨਾਂ ਦੇ ਪੁੱਤਰ ਸੰਨੀ ਦਿਓਲ ਬਹੁਤ ਪਿਆਰ ਕਰਦੇ ਹਨ ਤੇ ਓਹਨਾਂ ਦੀ ਪ੍ਰਾਹੁਣਚਾਰੀ ਦੇ ਓਹ ਮੁਰੀਦ ਨੇ।ਜਗਦਰ-ਸ਼ਨ ਸਮਰਾ ਨਾਲ ਜਲਦੀ ਗੱਲਬਾਤ ਹੋਈ ਤਾਂ ਅਗਲੇ ਅੱਪਡੇਟ ਤੇ ਹਾਂ ਸਪੀਡ ਰਿਕਾਰਡਜ਼ ਦੇ ਦਿਨੇਸ਼ ਜੀ ਦੇ ਪੁੱਤਰ ਦੀਵਿਤ ਦੇ ਅਚਾਨਕ ਸਵਰਗਵਾਸ ਤੇ ਓਹਨਾਂ ਗਹਿਰਾ ਦੁੱਖ ਪ੍ਰਗਟ ਕੀਤਾ ।_ਅੰਮ੍ਰਿਤ ਪਵਾਰ।

ਰਮਨ ਗਿੱਲ ਨੇ ਪਹਿਲੇ ਹੀ ਗਾ ਦਿੱਤਾ _ਚਿੱਟਾ

ਸੁਖਮਨ ਐਂਟਰਟੇਨਮੈਂਟ ਨੇ ਦੋ ਸਾਲ ਪਹਿਲੇ ਪੰਜਾਬ ਨੂੰ ਖਾ ਰਹੀ ਸਿਓਂਕ ਦੀ ਤਰਾਂ ਚਿੱਟੇ ਦੀ ਬਿਮਾਰੀ ਤੇ ਆਪਣੀ ਮਨਪਸੰਦ ਗਾਇਕਾ ਰਮਨ ਗਿੱਲ ਤੋਂ ਗੀਤ ਰਿਕਾਰਡ ਕਰ ਵੀਡੀਓ ਸਮੇਤ ਜ਼ਾਰੀ ਕੀਤਾ ਸੀ।ਅੱਜ ਜਿਹੜਾ ਪਰਮਿੰਦਰ ਸਿੰਘ ਝੋਟਾ ਦੀ ਲਹਿਰ ਓਸ ਬਾਬਤ ਇਸ ਗੀਤ ਚ ਰਮਨ ਗਿੱਲ ਬਹੁਤ ਇਸ਼ਾਰੇ ਦੇ ਗਈ।ਯੂਟਿਊਬ ਤੇ ਦੇਖੇ ਸੁਣੇ ਇੱਕ ਵਾਰ ਇਹ ਗੀਤ ਜਿਸਦਾ ਮਿਊਜ਼ਿਕ ਨਿੰਮਾ ਵਿਰਕ ਨੇ ਦਿੱਤਾ।ਗੁਰਲਾਭ ਬਰਾੜ ਨੇ ਇਸ ਗੀਤ ਦਾ ਨਿਰਮਾਣ ਕੀਤਾ ਤੇ ਵੀਡੀਓ ਸਨਮ ਬਜਾਜ ਨੇ ਢੁੱਕਵਾਂ ਬਣਾਇਆ। ਜੀਤ ਬਾੜੇਵਾਲ ਦਾ ਲਿਖਿਆ ਇਹ ਗੀਤ ਰਿਲੀਜ਼ ਦੋਬਾਰਾ ਮਿਕਸ ਕਰ ਰਮਨ ਗਿੱਲ ਦੀ ਆਵਾਜ਼ ਚ ਆਏ ਧੂੜਾਂ ਪੱਟ ਦੇਵੇਗਾ।_ਅੰਮ੍ਰਿਤ ਪਵਾਰ।

